ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 7 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 13 ਅਪ੍ਰੈਲ ਨੂੰ ਬਿੱਲ ਪੇਸ਼ ਕਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਖਰੜਾ ਭੇਜੇ ਪੰਜਾਬ ਸਰਕਾਰ', ਬੇਅਦਬੀ ਖਿਲਾਫ਼ ਕਾਨੂੰਨ 'ਤੇ ਸਿੱਖ ਜਥੇਬੰਦੀਆਂ ਦਾ ਮੰਥਨ

**ਅੰਮ੍ਰਿਤਸਰ/ਨਵੀਂ ਦਿੱਲੀ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੋਮਵਾਰ



ਬੇਅਦਬੀ ਖਿਲਾਫ਼ ਕਾਨੂੰਨ 'ਤੇ ਮੰਥਨ ਕੀਤਾ ਗਿਆ, ਜਿਸ ਵਿੱਚ ਸਮੂਹ ਸਿੱਖ ਜਥੇਬੰਦੀਆਂ ਨੇ ਹਿੱਸਾ ਲਿਆ। ਇਕੱਤਰਤਾ ਦੌਰਾਨ ਸਮੂਹ ਸਿੱਖ ਜਥੇਬੰਦੀਆਂ ਨੇ ਬੇਅਦਬੀ ਖਿਲਾਫ਼ ਕਾਨੂੰਨ 'ਤੇ ਇਕਜੁਟਤਾ ਵਿਖਾਈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਥਕ ਇਕੱਠ ਦਾ ਮਕਸਦ ਕਿਸੇ ਬਿੱਲ ਨੂੰ ਰੋਕਣਾ ਨਹੀਂ ਹੈ ਅਤੇ ਨਾ ਹੀ ਸਿਆਸੀ ਲਾਹਾ ਲੈਣਾ ਨਹੀਂ, ਸਗੋਂ ਇਸ ਦਾ ਹੱਲ ਲੱਭਣਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ 13 ਅਪ੍ਰੈਲ ਤੋਂ ਪਹਿਲਾਂ ਬੇਅਦਬੀ ਖਿਲਾਫ ਕਾਨੂੰਨ ਦਾ ਖਰੜਾ ਸ਼੍ਰੋਮਣੀ ਕਮੇਟੀ ਨੂੰ ਭੇਜੇ।

### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਲੌਕਿਕ ਨਗਰ ਕੀਰਤਨ ਸਜਾਇਆ

**ਅੰਮ੍ਰਿਤਸਰ/ਨਵੀਂ ਦਿੱਲੀ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਇਤੀ ਤੇ ਅਲੌਕਿਕ ਨਗਰ ਕੀਰਤਨ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਰਦਾਸ ਉਪਰੰਤ ਸ੍ਰੀ ਅਕਾਲ ਤਖਤ ਸਾਹਿਬ ਤੋਂ ਖਾਲਸਾਈ ਜਾਹੋ ਜਲਾਲ ਨਾਲ ਸ਼ੁਰੂ ਹੋਏ ਇਸ ਨਗਰ ਕੀਰਤਨ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਪਾਵਨ ਮੌਕੇ 'ਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਅਤੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋ ਕੇ ਨਗਰ ਕੀਰਤਨ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਰਾਹੀਂ ਹੁੰਦਾ ਹੋਇਆ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵੱਲ ਵਧਿਆ। ਰਸਤੇ ਵਿੱਚ ਸੰਗਤਾਂ ਵੱਲੋਂ ਥਾਂ-ਥਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਗੁਰੂ ਸਾਹਿਬ ਦੇ ਸਤਿਕਾਰ ਵਿੱਚ ਲੰਗਰ ਵੀ ਲਗਾਏ ਗਏ। ਸ਼ਰਧਾਲੂਆਂ ਦਾ ਉਤਸ਼ਾਹ ਦੇਖਣਯੋਗ ਸੀ, ਜਿੱਥੇ ਬੈਂਡ ਪਾਰਟੀਆਂ ਅਤੇ ਗੱਤਕਾ ਅਖਾੜਿਆਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ। ਇਹ ਅਲੌਕਿਕ ਨਗਰ ਕੀਰਤਨ ਸ਼ਹਿਰ ਦੇ ਪੁਰਾਤਨ ਬਾਜ਼ਾਰਾਂ ਤੋਂ ਹੁੰਦਾ ਹੋਇਆ ਗੁਰੂ ਸਾਹਿਬ ਦੇ ਜਨਮ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਪਹੁੰਚ ਕੇ ਸੰਪੂਰਨ ਹੋਵੇਗਾ ਇਸ ਦਿਹਾੜੇ 'ਤੇ ਪੂਰੀ ਗੁਰੂ ਕੀ ਨਗਰੀ ਅੰਮ੍ਰਿਤਸਰ ਅਧਿਆਤਮਿਕ ਰੰਗ ਵਿੱਚ ਰੰਗੀ ਨਜ਼ਰ ਆ ਰਹੀ ਹੈ। ਸ੍ਰੀ ਅਕਾਲ ਤਖ਼ਤ ਤੋਂ ਆਰੰਭ ਹੋਇਆ ਨਗਰ ਕੀਰਤਨ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ, ਚੌਂਕ ਪਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਰਾਮਸਰ ਰੋਡ, ਬਾਬਾ ਦੀਪ ਸਿੰਘ ਕਲੋਨੀ, ਚੌਂਕ ਮੋਨੀ, ਹਵੇਲੀ ਅੱਬਲਵਾਈਆਂ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਢਾਬ ਬਸਤੀ ਰਾਮ, ਚੌਂਕ ਛੱਤੀ ਖੂਹੀ, ਬਜ਼ਾਰ ਬਾਂਸਾਂ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ ਤੇ ਗੁਰੂ



ਬਜ਼ਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਵੇਗਾ 7 ਅਪ੍ਰੈਲ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪ੍ਰਕਾਸ਼ ਅਸਥਾਨ ਗੁਰੂਦੁਆਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਉਪਰੰਤ ਵਿਸ਼ਾਲ ਗੁਰਮਤਿ ਸਮਾਗਮਾਂ ਦਾ ਅਯੋਜਿਨ ਕੀਤਾ ਜਾਵੇਗਾ। ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਅਤੇ ਗੁਰੂਦੁਆਰਾ ਬਾਬਾ ਅੱਟਲ ਰਾਏ ਸਾਹਿਬ ਵਿਖੇ ਸਵੇਰੇ 9 ਵਜੇ ਤੋਂ 12 ਵਜੇ ਤੱਕ ਪਵਿਤਰ ਜਲੋਅ ਸੰਗਤਾਂ ਦੇ ਦਰਸ਼ਨਾਂ ਲਈ ਸਜਾਏ ਜਾਣਗੇ ਅਤੇ ਸ਼ਾਮ ਵੇਲੇ ਦੀਪਮਾਲਾ ਤੇ ਆਤਿਸ਼ਬਾਜੀ ਕੀਤੀ ਜਾਵੇਗੀ

## ਜੰਗ ਵਿਚਾਲੇ Air India ਦਾ ਵੱਡਾ ਫੈਸਲਾ, 31 ਤਰੀਕ ਤੱਕ ਉਡਾਣਾਂ ਕੀਤੀਆਂ ਰੱਦ; ਇਜ਼ਰਾਈਲ 'ਚ ਫਸੇ ਭਾਰਤੀਆਂ ਦੀ ਵਧੀ ਚਿੰਤਾ

**ਨਵੀਂ ਦਿੱਲੀ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਦੇ ਵਿਚਕਾਰ ਏਅਰ ਇੰਡੀਆ ਨੇ ਇਜ਼ਰਾਈਲ ਲਈ ਆਪਣੀਆਂ ਉਡਾਣਾਂ 31 ਮਈ



ਤੱਕ ਮੁਅੱਤਲ ਕਰ ਦਿੱਤੀਆਂ ਹਨ। ਏਅਰ ਇੰਡੀਆ ਦੇ ਇੱਕ ਅਧਿਕਾਰੀ ਨੇ ਮੀਡੀਆ ਨੂੰ ਪੁਸ਼ਟੀ ਕੀਤੀ ਕਿ ਏਅਰਲਾਈਨ ਨੇ ਨਵੀਂ ਦਿੱਲੀ-ਤੇਲ ਅਵੀਵ ਰੂਟ 'ਤੇ 31 ਮਈ ਤੱਕ ਉਡਾਣਾਂ ਮੁਅੱਤਲ ਕਰ ਦਿੱਤੀਆਂ ਹਨ। ਜ਼ਿਆਦਾਤਰ ਵੱਡੀਆਂ ਏਅਰਲਾਈਨਸ ਨੇ ਤੇਲ ਅਵੀਵ ਰੂਟ 'ਤੇ ਆਪਣੀਆਂ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਹਨ ਅਤੇ ਸਿਰਫ਼ ਇਜ਼ਰਾਈਲੀ ਕੈਰੀਅਰ ਜਿਵੇਂ ਕਿ ਐਲ ਅਲ, ਇਸਰਾਈਰ, ਅਰਕੀਆ ਅਤੇ ਏਅਰ ਹਾਈਫਾ ਸਖ਼ਤ ਪਾਬੰਦੀਆਂ ਦੇ ਵਿਚਕਾਰ ਕੰਮ ਕਰ ਰਹੇ ਹਨ। ਉਡਾਣਾਂ ਦਾ ਮੁਅੱਤਲ ਇਜ਼ਰਾਈਲ ਵਿੱਚ ਰਹਿੰਦੇ 40,000 ਤੋਂ ਵੱਧ ਭਾਰਤੀਆਂ ਲਈ ਚਿੰਤਾ ਦਾ ਵਿਸ਼ਾ ਹੈ, ਜੋ ਨਿੱਜੀ ਜਾਂ ਪੇਸ਼ੇਵਰ ਕਾਰਨਾਂ ਕਰਕੇ ਜਾਂ ਖੇਤਰ ਵਿੱਚ ਵਧ ਰਹੇ ਤਣਾਅ ਕਾਰਨ ਈਰਾਨ ਛੱਡਣਾ ਚਾਹੁੰਦੇ ਹਨ। ਇਜ਼ਰਾਈਲ ਛੱਡਣ ਦੇ ਚਾਹਵਾਨ ਭਾਰਤੀਆਂ ਨੂੰ ਜਾਰਡਨ ਜਾਂ ਮਿਸਰ ਰਾਹੀਂ ਜ਼ਮੀਨੀ ਸਰਹੱਦ ਰਾਹੀਂ ਯਾਤਰਾ ਕਰਨੀ ਪੈਂਦੀ ਹੈ। ਤੇਲ ਅਵੀਵ ਵਿੱਚ ਭਾਰਤੀ ਮਿਸ਼ਨ ਵੱਖ-ਵੱਖ ਤਰੀਕਿਆਂ ਨਾਲ ਯਾਤਰਾ ਕਰਨ ਦੇ ਚਾਹਵਾਨਾਂ ਦੀ ਸਹਾਇਤਾ ਕਰ ਰਿਹਾ ਹੈ। ਦੂਤਾਵਾਸ ਨੇ ਭਾਈਚਾਰੇ ਨਾਲ ਨਿਯਮਤ ਸੰਪਰਕ ਬਣਾਈ ਰੱਖਿਆ ਹੈ, 24 ਘੰਟੇ ਐਮਰਜੈਂਸੀ ਹੈਲਪਲਾਈਨ ਸ਼ੁਰੂ ਕੀਤੀ ਅਤੇ ਇੱਕ ਵੱਡੇ ਪੱਧਰ 'ਤੇ ਰਜਿਸਟ੍ਰੇਸ਼ਨ ਮੁਹਿੰਮ ਸ਼ੁਰੂ ਕੀਤੀ ਹੈ। ਮਿਸ਼ਨ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ ਰਾਹੀਂ ਕਿਹਾ ਕਿ ਰਾਜਦੂਤ ਜੇ.ਪੀ. ਸਿੰਘ ਅਤੇ ਦੂਤਾਵਾਸ ਦੀ ਟੀਮ ਨੇ ਸ਼ਨੀਵਾਰ ਨੂੰ ਇਜ਼ਰਾਈਲ ਭਰ ਵਿੱਚ ਭਾਰਤੀ ਕਾਮਿਆਂ ਅਤੇ ਵਿਦਿਆਰਥੀਆਂ ਨਾਲ ਵਰਚੁਅਲ ਚਰਚਾ ਕੀਤੀ, ਉਨ੍ਹਾਂ ਦੀਆਂ ਚਿੰਤਾਵਾਂ ਸੁਣੀਆਂ ਅਤੇ ਉਨ੍ਹਾਂ ਨੂੰ "ਮੌਜੂਦਾ ਸੰਕਟ ਦੌਰਾਨ ਅਤੇ ਉਸ ਤੋਂ ਬਾਅਦ ਵੀ ਨਿਰੰਤਰ ਸਹਾਇਤਾ" ਦਾ ਭਰੋਸਾ ਦਿੱਤਾ। ਨਵੀਂ ਦਿੱਲੀ ਅਤੇ ਤੇਲ ਅਵੀਵ ਵਿਚਕਾਰ ਸਿੱਧੀਆਂ ਉਡਾਣਾਂ 1 ਜਨਵਰੀ ਨੂੰ ਮੁੜ ਸ਼ੁਰੂ ਕੀਤੀਆਂ ਗਈਆਂ ਸਨ, ਜਿਸ ਵਿੱਚ ਹਫ਼ਤੇ ਵਿੱਚ ਚਾਰ ਉਡਾਣਾਂ ਅਪਗ੍ਰੇਡ ਕੀਤੇ ਬੋਇੰਗ 787 ਡ੍ਰੀਮਲਾਈਨਰ ਜਹਾਜ਼ ਦੀ ਵਰਤੋਂ ਕੀਤੀ ਗਈ ਸੀ। ਹਾਲਾਂਕਿ, 28 ਫਰਵਰੀ ਨੂੰ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਸਾਂਝੇ ਹਮਲੇ ਸ਼ੁਰੂ ਕਰਨ ਤੋਂ ਬਾਅਦ ਉਡਾਣਾਂ ਵਿੱਚ ਵਿਘਨ ਪਿਆ ਹੈ। ਈਰਾਨ ਦੇ ਜਵਾਬੀ ਹਮਲਿਆਂ ਤੋਂ ਬਾਅਦ, ਟਕਰਾਅ ਪੂਰੇ ਖਾੜੀ ਖੇਤਰ ਵਿੱਚ ਫੈਲ ਗਿਆ ਹੈ, ਖਾਸ ਤੌਰ 'ਤੇ ਹੋਰਮੁਜ਼ ਜਲਡਮਰੂ ਦੇ ਪਾਰ ਊਰਜਾ ਸਪਲਾਈ ਚੇਨਾਂ ਨੂੰ ਪ੍ਰਭਾਵਿਤ ਕਰ ਰਿਹਾ ਹੈ।

## ਪੰਜਾਬ ਤੇ ਚੰਡੀਗੜ੍ਹ ਦੇ ਕਈ ਸਕੂਲਾਂ ਸਮੇਤ ਕੋਰਟ ਕੰਪਲੈਕਸ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਚੰਡੀਗੜ੍ਹ 'ਚ ਇਕ ਵਾਰ ਫਿਰ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਦੱਸ ਦਈਏ ਕਿ ਸੂਬੇ ਦੇ ਕਈ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਭਰਿਆ ਈਮੇਲ ਮਿਲਣ ਦੀ ਜਾਣਕਾਰੀ ਹਾਸਿਲ ਹੋਈ ਹੈ। ਇਨ੍ਹਾਂ ਧਮਕੀਆਂ ਮਗਰੋਂ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਅਲਰਟ ਮੋਡ 'ਤੇ ਆ ਗਈਆਂ ਹਨ। ਮਿਲੀ ਜਾਣਕਾਰੀ ਮੁਤਾਬਿਕ ਜਲੰਧਰ ਦੇ ਤਿੰਨ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਸ ਨਾਲ ਅਧਿਆਪਕਾਂ ਅਤੇ ਮਾਪਿਆਂ ਦੇ ਨਾਲ ਸਕੂਲ ਪ੍ਰਸ਼ਾਸਨ 'ਚ ਚਿੰਤਾ ਵੱਧ ਗਈ ਹੈ। ਫਿਲਹਾਲ ਸਕੂਲਾਂ ਨੂੰ ਖਾਲੀ ਕਰਵਾ ਦਿੱਤਾ ਗਿਆ ਹੈ। ਏਸੀਪੀ ਉੱਤਰੀ ਅਸ਼ੋਕ ਮੀਣਾ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਚਾਰ ਤੋਂ ਪੰਜ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਤੋਂ ਬਾਅਦ




ਸ਼ਹਿਰ ਵਿੱਚ ਗਸ਼ਤ ਕੀਤੀ ਜਾ ਰਹੀ ਹੈ। ਈਮੇਲ ਧਮਕੀ ਦੇ ਸਮੇਂ ਸਕੂਲਾਂ ਦੀ ਜਾਂਚ ਕੀਤੀ ਜਾ ਰਹੀ ਹੈ। ਕੈਨੇਡਾ ਖ਼ਬਰਾਂ ਏਸੀਪੀ ਨੇ ਦੱਸਿਆ ਕਿ ਫੋਰੈਂਸਿਕ ਟੀਮ ਅਤੇ ਬੰਬ ਨਿਰੋਧਕ ਦਸਤੇ ਵੱਲੋਂ ਪੂਰੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ 112 'ਤੇ ਕਾਲ ਕਰਕੇ ਪੁਲਿਸ ਨੂੰ ਸੂਚਿਤ ਕਰਨ ਦੀ ਸਲਾਹ ਦਿੱਤੀ। ਹੁਣ ਤੱਕ ਦੋ ਤੋਂ ਤਿੰਨ ਸਕੂਲਾਂ ਦੀ ਤਲਾਸ਼ੀ ਲਈ ਗਈ ਹੈ, ਅਤੇ ਹੋਰ ਦੋ ਲਈ ਜਾਂਚ ਜਾਰੀ ਹੈ। ਏਸੀਪੀ ਨੇ ਦੱਸਿਆ ਕਿ ਆਖਰੀ ਈਮੇਲ ਧਮਕੀ ਤੋਂ ਬਾਅਦ ਐਫਆਈਆਰ ਦਰਜ ਕੀਤੀ ਗਈ ਹੈ, ਅਤੇ ਅੱਜ ਜਾਂਚ ਤੋਂ ਬਾਅਦ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਘਬਰਾਉਣ ਦੀ ਅਪੀਲ ਕੀਤੀ, ਅਤੇ ਸਕੂਲਾਂ ਦੇ ਬਾਹਰ ਗਸ਼ਤ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਪੁਲਿਸ ਦੇ ਅਨੁਸਾਰ, ਹੁਣ ਤੱਕ ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਹੈ। ਜਲੰਧਰ ਸਮੇਤ ਪੰਜਾਬ ਵਿੱਚ ਕਈ ਸਰਕਾਰੀ ਇਮਾਰਤਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਜਿਸ ਤੋਂ ਬਾਅਦ ਪੁਲਿਸ ਪ੍ਰਸ਼ਾਸਨ ਅਲਰਟ ਹੋ ਗਿਆ ਹੈ ਅਤੇ ਇਮਾਰਤਾਂ ਦੀ ਪੂਰੀ ਜਾਂਚ ਕੀਤੀ ਜਾ ਰਹੀ ਹੈ। ਬਾਲੀਵੁੱਡ ਮੂਵੀ ਟ੍ਰੇਲਰ ਇਨ੍ਹਾਂ ਤੋਂ ਇਲਾਵਾ ਫਿਰੋਜ਼ਪੁਰ ਦੇ ਕੋਰਟ ਕੰਪਲੈਕਸ ਨੂੰ ਧਮਕੀ ਭਰੀ ਈਮੇਲ ਹਾਸਿਲ ਹੋਈ ਹੈ। ਧਮਕੀ ਮਗਰੋਂ ਕੋਰਟ ਕੰਪਲੈਕਸ ਨੂੰ ਖਾਲੀ ਕਰਵਾ ਦਿੱਤਾ ਗਿਆ ਹੈ। ਫਿਲਹਾਲ ਪੁਲਿਸ ਵੱਲੋਂ ਬਰੀਕੀ ਨਾਲ ਕੋਰਟ ਕੰਪਲੈਕਸ ਦੀ ਚੈਕਿੰਗ ਕੀਤੀ ਜਾ ਰਹੀ ਹੈ। ਹਾਸਿਲ ਹੋਈ ਈਮੇਲ 'ਚ ਕਿਹਾ ਗਿਆ ਹੈ ਕਿ ਸਕੂਲਾਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ। ਨਾਲ ਹੀ ਅੰਮ੍ਰਿਤਸਰ 'ਚ ਈਮੇਲ 'ਚ ਡਾ. ਬਾਬਾ ਸਾਹਿਬ ਅੰਬੇਡਕਰ ਦੀਆਂ ਮੂਰਤੀਆਂ ਨੂੰ ਵੀ ਨੁਕਸਾਨ ਪਹੁਚਾਉਣ ਦੀ ਵੀ ਗੱਲ ਆਖੀ ਗਈ ਹੈ। ਕਾਬਿਲੇਗੌਰ ਹੈ ਕਿ ਇਹ ਕੋਈ ਪਹਿਲਾਂ ਮਾਮਲਾ ਨਹੀਂ ਹੈ ਇਸ ਤੋਂ ਪਹਿਲਾਂ ਪੰਜਾਬ ਦੇ ਸਕੂਲਾਂ ਨੂੰ ਧਮਕੀ ਭਰੀ ਈਮੇਲ ਹਾਸਿਲ ਹੋ ਚੁੱਕੀ ਹੈ। ਹਰ ਵਾਰ ਇਨ੍ਹਾਂ ਧਮਕੀਆਂ ਦੇ ਮਾਮਲਿਆਂ ਦੀ ਜਾਂਚ ਕਰਨ ਦੀ ਗੱਲ੍ਹ ਆਖੀ ਜਾਂਦੀ ਰਹੀ ਹੈ। ਚੰਡੀਗੜ੍ਹ ਦੇ ਚਾਰ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲਾ ਈਮੇਲ ਹਾਸਿਲ ਹੋਇਆ ਹੈ। ਦੱਸ ਦਈਏ ਕਿ ਸੁਰੱਖਿਆ ਏਜੰਸੀਆਂ ਤੁਰੰਤ ਹਰਕਤ ਵਿੱਚ ਆ ਗਈਆਂ, ਅਤੇ ਪੂਰੇ ਇਲਾਕੇ ਵਿੱਚ ਅਲਰਟ ਜਾਰੀ ਕਰ ਦਿੱਤਾ ਗਿਆ। ਸੂਤਰਾਂ ਮੁਤਾਬਿਕ , ਸੈਕਟਰ 41, 32, 47 ਅਤੇ 45 ਦੇ ਸਕੂਲਾਂ ਨੂੰ ਧਮਕੀ ਮਿਲੀ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ, ਚੰਡੀਗੜ੍ਹ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਸਾਰੇ ਸਕੂਲਾਂ ਦੇ ਬਾਹਰ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

## ਖੂਨੀ ਖੇਡ ਵਿਚਾਲੇ ਸ਼ਾਂਤੀ ਦੀ ਕੋਸ਼ਿਸ਼ ਈਰਾਨ 'ਚ 25 ਮੌਤਾਂ ਤੋਂ ਬਾਅਦ ਨਵਾਂ ਜੰਗਬੰਦੀ ਸਮਝੌਤਾ ਸਾਂਝਾ !

**ਦੁਬਈ/ਤੇਹਰਾਨ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਏਸ਼ੀਆ ਵਿੱਚ ਜਾਰੀ ਜੰਗ ਨੇ ਬੇਹੱਦ ਭਿਆਨਕ ਰੂਪ ਧਾਰ ਲਿਆ ਹੈ। ਸੋਮਵਾਰ ਨੂੰ ਇਜ਼ਰਾਈਲ ਅਤੇ ਅਮਰੀਕਾ ਨੇ ਈਰਾਨ 'ਤੇ ਹੁਣ ਤੱਕ ਦੇ ਸਭ ਤੋਂ ਵੱਡੇ ਹਵਾਈ ਹਮਲੇ ਕੀਤੇ, ਜਿਸ ਵਿੱਚ 25 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ। ਇਨ੍ਹਾਂ ਹਮਲਿਆਂ ਦੇ ਜਵਾਬ ਵਿੱਚ ਈਰਾਨ ਨੇ ਵੀ ਇਜ਼ਰਾਈਲ ਅਤੇ ਗੁਆਂਢੀ ਖਾੜੀ ਦੇਸ਼ਾਂ 'ਤੇ ਮਿਜ਼ਾਈਲਾਂ ਦਾਗੀਆਂ ਹਨ। ਇਨ੍ਹਾਂ ਘਟਨਾਵਾਂ ਵਿਚਕਾਰ ਨਵਾਂ ਜੰਗਬੰਦੀ ਪ੍ਰਸਤਾਵ ਪੇਸ਼ ਕੀਤਾ ਗਿਆ ਹੈ, ਜਿਸ 'ਤੇ ਚਰਚਾ ਜਾਰੀ ਹੈ। ਈਰਾਨੀ ਸਰਕਾਰੀ ਮੀਡੀਆ ਅਨੁਸਾਰ ਤਹਿਰਾਨ 'ਤੇ ਹੋਏ ਹਮਲੇ ਵਿੱਚ ਅਰਧ-ਸੈਨਿਕ ਬਲ ਰੈਵੋਲਿਊਸ਼ਨਰੀ ਗਾਰਡ ਦੇ ਖੁਫੀਆ ਮੁਖੀ ਮੇਜਰ ਜਨਰਲ ਮਾਜਿਦ ਖਾਦੇਮੀ ਦੀ ਮੌਤ ਹੋ ਗਈ । ਇਜ਼ਰਾਈਲ ਨੇ ਇਸ ਹੱਤਿਆ ਦੀ ਜ਼ਿੰਮੇਵਾਰੀ ਲਈ ਹੈ। ਸੋਮਵਾਰ ਸਵੇਰੇ ਹੋਈ ਬੰਬਾਰੀ ਵਿੱਚ ਤਹਿਰਾਨ ਦੀ ਪ੍ਰਸਿੱਧ ਸ਼ਰੀਫ ਟੈਕਨਾਲੋਜੀ ਯੂਨੀਵਰਸਿਟੀ ਅਤੇ ਇੱਕ ਕੁਦਰਤੀ ਗੈਸ ਵੰਡ ਕੇਂਦਰ ਨੂੰ ਨਿਸ਼ਾਨਾ ਬਣਾਇਆ ਗਿਆ। ਤਹਿਰਾਨ ਦੇ ਦੱਖਣ-ਪੱਛਮ ਵਿੱਚ ਸਥਿਤ ਇਸਲਾਮਸ਼ਹਿਰ ਵਿੱਚ 15 ਅਤੇ ਕੋਮ ਦੇ ਰਿਹਾਇਸ਼ੀ ਇਲਾਕੇ ਵਿੱਚ 5 ਲੋਕਾਂ ਦੀ ਜਾਨ ਗਈ ਹੈ। ਈਰਾਨ ਵੱਲੋਂ ਕੀਤੇ ਗਏ ਜਵਾਬੀ ਹਮਲਿਆਂ ਵਿੱਚ ਉੱਤਰੀ ਇਜ਼ਰਾਈਲ ਦੇ ਸ਼ਹਿਰ ਹਾਈਫਾ ਨੂੰ ਨਿਸ਼ਾਨਾ ਬਣਾਇਆ ਗਿਆ, ਜਿੱਥੇ ਇੱਕ ਰਿਹਾਇਸ਼ੀ ਇਮਾਰਤ ਦੇ ਮਲਬੇ ਵਿੱਚੋਂ ਚਾਰ ਲੋਕਾਂ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ। ਤਣਾਅ ਵਧਦਾ ਦੇਖ ਕੁਵੈਤ, ਸੰਯੁਕਤ ਅਰਬ ਅਮੀਰਾ ਅਤੇ ਸੌਦੀ ਅਰਬ ਨੇ ਈਰਾਨੀ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਰੋਕਣ ਲਈ ਆਪਣੀ ਹਵਾਈ ਰੱਖਿਆ ਪ੍ਰਣਾਲੀ ਨੂੰ ਸਰਗਰਮ ਕਰ ਦਿੱਤਾ ਹੈ। ਜੰਗ ਕਾਰਨ ਗਲੋਬਲ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆਇਆ ਹੈ। ਸੋਮਵਾਰ ਸਵੇਰੇ ਬ੍ਰੈਂਟ ਕਰੂਡ ਦੀ ਕੀਮਤ 109 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ, ਜੋ ਜੰਗ ਸ਼ੁਰੂ ਹੋਣ ਤੋਂ ਬਾਅਦ ਲਗਭਗ 50 ਫੀਸਦੀ ਦਾ ਵਾਧਾ ਹੈ। ਇਸ ਦੌਰਾਨ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ ਆਖਰੀ ਚੇਤਾਵਨੀ ਦਿੱਤੀ ਹੈ ਕਿ ਜੇਕਰ ਹੋਰਮੁਜ਼ ਜਲਡਮਰੂਮੱਧ ਨਾ ਖੋਲ੍ਹਿਆ ਗਿਆ, ਤਾਂ ਅਮਰੀਕਾ ਈਰਾਨ ਦੇ ਬਿਜਲੀ ਘਰਾਂ ਅਤੇ ਪੁਲਾਂ ਨੂੰ ਨਿਸ਼ਾਨਾ ਬਣਾ ਕੇ ਦੇਸ਼ ਨੂੰ 'ਪੱਥਰ ਯੁੱਗ' ਵਿੱਚ ਪਹੁੰਚਾ ਦੇਵੇਗਾ। ਉਨ੍ਹਾਂ ਸੋਸ਼ਲ ਮੀਡੀਆ 'ਤੇ ਕਿਹਾ, "ਮੰਗਲਵਾਰ ਪਾਵਰ ਪਲਾਂਟ ਅਤੇ ਬ੍ਰਿਜ ਡੇਅ ਹੋਵੇਗਾ÷। ਜੰਗ ਨੂੰ ਰੋਕਣ ਲਈ ਮਿਸਰ, ਪਾਕਿਸਤਾਨ ਅਤੇ ਤੁਰਕੀ ਨੇ ਵਿਚੋਲਗੀ ਕਰਦਿਆਂ ਅਮਰੀਕਾ ਅਤੇ ਈਰਾਨ ਨੂੰ ਇੱਕ ਨਵਾਂ ਪ੍ਰਸਤਾਵ ਭੇਜਿਆ ਹੈ। ਇਸ ਪ੍ਰਸਤਾਵ ਵਿੱਚ 45 ਦਿਨਾਂ ਦੀ ਜੰਗਬੰਦੀ ਅਤੇ ਹੋਰਮੁਜ਼ ਜਲਡਮਰੂਮੱਧ ਨੂੰ ਦੁਬਾਰਾ ਖੋਲ੍ਹਣ ਦੀ ਗੱਲ ਕਹੀ ਗਈ ਹੈ ਤਾਂ ਜੋ ਗੱਲਬਾਤ ਰਾਹੀਂ ਜੰਗ ਖ਼ਤਮ ਕਰਨ ਦਾ ਰਸਤਾ ਲੱਭਿਆ ਜਾ ਸਕੇ। ਫਿਲਹਾਲ ਈਰਾਨ ਅਤੇ ਅਮਰੀਕਾ ਨੇ ਇਸ ਪ੍ਰਸਤਾਵ 'ਤੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar


www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੜਾਈ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼

# 'ਹਿੰਦ ਦੀ ਚਾਦਰ'



**ਚੌਂਕ ਮਹਿਤਾ,6 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਭਾਰਤ ਦਾ ਇਤਿਹਾਸ ਉਨ੍ਹਾਂ ਮਹਾਨ ਹਸਤੀਆਂ ਦੇ ਬਲੀਦਾਨ, ਸੱਚ ਅਤੇ ਹਿੰਮਤ ਨਾਲ ਰੌਸ਼ਨ ਹੈ, ਜਿਨ੍ਹਾਂ ਨੇ ਮਨੁੱਖਤਾ ਦੀ ਰੱਖਿਆ ਲਈ ਆਪਣੀਆਂ ਜਾਨਾਂ ਤੱਕ ਕੁਰਬਾਨ ਕਰ ਦਿੱਤੀਆਂ। ਸਿੱਖ ਧਰਮ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਇਕ ਅਜਿਹੀ ਬ੍ਰਹਮ ਸ਼ਖਸੀਅਤ ਸਨ, ਜਿਨ੍ਹਾਂ ਦਾ ਜੀਵਨ ਦਰਸ਼ਨ ਅਤੇ ਬਲੀਦਾਨ ਅੱਜ ਵੀ ਸੰਪੂਰਨ ਮਨੁੱਖੀ ਸੱਭਿਅਤਾ ਨੂੰ ਰਸਤਾ ਦਿਖਾਉਣ ਵਾਲਾ ਚਾਨਣਮੁਨਾਰਾ ਹੈ।ਉਹ ਸਿਰਫ ਇਕ ਭਾਈਚਾਰੇ ਦੇ ਗੁਰੂ ਨਹੀਂ ਸਨ ਸਗੋਂ ਸਮੁੱਚੇ ਭਾਰਤ ਦੀ ਆਤਮਾ ਦੇ ਰੱਖਿਅਕ ਸਨ।ਇਸ ਲਈ ਉਨ੍ਹਾਂ ਨੂੰ 'ਹਿੰਦ ਦੀ ਚਾਦਰ' ਕਿਹਾ ਗਿਆ ਜੋ ਧਰਮ, ਆਸਥਾ ਅਤੇ ਮਨੁੱਖਤਾ ਦੀ ਰੱਖਿਆ ਕਰਨ ਵਾਲੀ ਉਹ ਢਾਲ ਸਨ, ਜਿਸ ਦੀ ਚਮਕ ਸਦੀਆਂ ਬਾਅਦ ਵੀ ਓਨੀ ਹੀ ਉੱਜਵਲ ਹੈ। ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜਨਮ 1 ਅਪ੍ਰੈਲ, 1621 ਨੂੰ ਅੰਮ੍ਰਿਤਸਰ 'ਚ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਘਰ ਹੋਇਆ। ਬਚਪਨ ਤੋਂ ਹੀ ਉਨ੍ਹਾਂ 'ਚ ਧਿਆਨ, ਚਿੰਤਨ, ਨਿਮਰਤਾ ਅਤੇ ਤਿਆਗ ਦੇ ਗੁਣ ਸਹਿਜ ਰੂਪ ਨਾਲ ਮੌਜੂਦ ਸਨ।ਮੁੱਢਲਾ ਨਾਂ 'ਤਿਆਗ ਮੱਲ' ਸੀ ਪਰ ਯੁੱਧ 'ਚ ਦਿਖਾਈ ਅਦੁੱਤੀ ਵੀਰਤਾ ਕਾਰਨ ਉਨ੍ਹਾਂ ਦਾ ਨਾਂ 'ਤੇਗ ਬਹਾਦਰ' ਭਾਵ ਤਲਵਾਰ ਦੇ ਧਨੀ ਪਿਆ

ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪ੍ਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਪੂਰੇ ਉੱਤਰ ਭਾਰਤ 'ਚ ਵਿਆਪਕ ਯਾਤਰਾਵਾਂ ਕੀਤੀਆਂ। ਪੰਜਾਬ, ਬਿਹਾਰ, ਬੰਗਾਲ, ਅਸਾਮ ਅਤੇ ਹਿਮਾਲਿਆ ਤੱਕ ਫੈਲੇ ਇਨ੍ਹਾਂ ਦੌਰਿਆਂ ਦਾ ਮੂਲ ਉਦੇਸ਼ ਸੀ ਮਨੁੱਖ ਨੂੰ ਜਾਤ-ਪਾਤ, ਊਚ-ਨੀਚ ਅਤੇ ਸੌੜੀ ਸੋਚ ਤੋਂ ਉਪਰ ਉਠਾ ਕੇ ਮਨੁੱਖੀ ਧਰਮ ਅਪਣਾਉਣ ਦਾ ਸੰਦੇਸ਼ ਦੇਣਾ। ਉਨ੍ਹਾਂ ਦੀ ਬਾਣੀ 'ਚ ਜੀਵਨ ਦੀ ਅਸਥਿਰਤਾ, ਡਰ ਤੋਂ ਮੁਕਤੀ, ਸੱਚ ਦੇ ਰਾਹ 'ਤੇ ਅਡੋਲ ਰਹਿਣ ਅਤੇ ਵੈਰਾਗ ਦੇ ਮਹੱਤਵ ਦਾ ਅਨੋਖਾ ਸੰਗਮ ਮਿਲਦਾ ਹੈ

ਉਨ੍ਹਾਂ ਦੇ 116 ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਦਰਜ ਹਨ ਜਿਨ੍ਹਾਂ 'ਚ ਮਨੁੱਖੀ ਮਨ ਦੀਆਂ ਕਮਜ਼ੋਰੀਆਂ, ਗੁੱਸਾ, ਲੋਭ, ਮੋਹ ਅਤੇ ਹੰਕਾਰ 'ਤੇ ਡੂੰਘਾ ਹਮਲਾ ਹੈ।

1664 'ਚ ਗੁਰੂ ਦਾ ਅਹੁਦਾ ਹਾਸਲ ਕਰਨ ਤੋਂ ਬਾਅਦ ਉਨ੍ਹਾਂ ਦਾ ਜੀਵਨ ਸਮਾਜ ਲਈ ਹੋਰ ਵੀ ਸਮਰਪਿਤ ਹੋ ਗਿਆ। ਇਹ ਉਹੀ ਦੌਰ ਸੀ ਜਦੋਂ ਸਮਰਾਟ ਔਰੰਗਜ਼ੇਬ ਨੇ ਪੂਰੇ ਭਾਰਤ 'ਚ ਜਬਰੀ-ਧਰਮ ਤਬਦੀਲੀ ਦੀ ਨੀਤੀ ਲਾਗੂ ਕੀਤੀ ਹੋਈ ਸੀ, ਮੰਦਰ ਤੋੜੇ ਜਾ ਰਹੇ ਸਨ। ਧਾਰਮਿਕ ਆਜ਼ਾਦੀ ਕੁਚਲੀ ਜਾ ਰਹੀ ਸੀ ਅਤੇ ਸਭ ਤੋਂ ਜ਼ਿਆਦਾ ਅੱਤਿਆਚਾਰ ਕਸ਼ਮੀਰ ਦੇ ਹਿੰਦੂ ਪੰਡਿਤਾਂ 'ਤੇ ਹੋ ਰਿਹਾ ਸੀ। ਅੱਤਿਆਚਾਰਾਂ ਤੋਂ ਤੰਗ ਕਸ਼ਮੀਰੀ ਪੰਡਿਤਾਂ ਦਾ ਇਕ ਵਫਦ ਅਨੰਦਪੁਰ ਸਾਹਿਬ ਪਹੁੰਚਿਆ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਰੱਖਿਆ ਦੀ ਅਪੀਲ ਕੀਤੀ। ਇਹ ਪਲ ਭਾਰਤੀ ਇਤਿਹਾਸ ਦਾ ਅਨੋਖਾ ਅਧਿਆਏ ਹੈ ਜਦੋਂ ਇਕ ਭਾਈਚਾਰਾ ਦੂਜੇ ਭਾਈਚਾਰੇ ਤੋਂ ਆਪਣੀ ਆਸਥਾ ਦੀ ਰੱਖਿਆ ਲਈ ਸਮਰਥਨ ਮੰਗ ਰਿਹਾ ਸੀ ਅਤੇ ਉਹ ਸਮਰਥਨ ਉਨ੍ਹਾਂ ਨੂੰ ਮੁਕੰਮਲ ਨਿਡਰਤਾ ਅਤੇ ਦਇਆ ਨਾਲ ਪ੍ਰਾਪਤ ਹੋਇਆ

ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹਾਲਾਤ ਦੀ ਗੰਭੀਰਤਾ ਨੂੰ ਸਮਝਦੇ ਹੋਏ ਕਿਹਾ ਕਿ ਧਰਮ ਦੀ ਰੱਖਿਆ ਲਈ ਜੇਕਰ ਕਿਸੇ ਇਕ ਦੇ ਬਲੀਦਾਨ ਦੀ ਲੋੜ ਹੈ ਤਾਂ ਤੇਗ ਬਹਾਦਰ ਤਿਆਰ ਹੈ।ਉਨ੍ਹਾਂ ਨੇ ਆਪਣੇ 9 ਸਾਲਾ ਪੁੱਤਰ ਗੋਬਿੰਦ ਰਾਏ ਤੋਂ ਪੁੱਛਿਆ ਕਿ ਇਸ ਸਮੇਂ ਮਨੁੱਖਤਾ ਦੀ ਰੱਖਿਆ ਲਈ ਕੌਣ ਬਲੀਦਾਨ ਦੇ ਸਕਦਾ ਹੈ। ਬਾਲਗ ਗੋਬਿੰਦ ਰਾਏ ਦਾ ਇਹ ਜਵਾਬ ਇਤਿਹਾਸ 'ਚ ਦਰਜ ਹੋ ਗਿਆ-"ਪਿਤਾ ਜੀ ! ਤੁਹਾਡੇ ਤੋਂ ਵੱਧ ਕੇ ਕੌਣ ਹੋਵੇਗਾ ?" ਇਸ ਜਵਾਬ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਫੈਸਲੇ ਨੂੰ ਸ਼ਹਾਦਤ ਦੇ ਅਮਰ ਰਾਹ ਵੱਲ ਅੱਗੇ ਤੋਰ ਦਿੱਤਾ। ਉਨ੍ਹਾਂ ਨੇ ਐਲਾਨ ਕੀਤਾ ਕਿ ਜੇਕਰ ਔਰੰਗਜ਼ੇਬ ਉਨ੍ਹਾਂ ਨੂੰ ਮੁਸਲਮਾਨ ਬਣਾ ਲਏ ਤਾਂ ਪੂਰੇ ਹਿੰਦੂ ਸਮਾਜ ਦੀ ਧਰਮ ਤਬਦੀਲੀ ਸੰਭਵ ਹੋ ਜਾਵੇਗੀ। ਇਹ ਚੁਣੌਤੀ ਔਰੰਗਜ਼ੇਬ ਦੀਆਂ ਨੀਤੀਆਂ ਦੇ ਵਿਰੁੱਧ ਸਭ ਤੋਂ ਵੱਡਾ ਵਿਰੋਧ ਸੀ, ਜਿਸ ਨੇ ਮੁਗਲ ਸੱਤਾ ਨੂੰ ਨੈਤਿਕ ਤੌਰ 'ਤੇ ਝਿੰਜੋੜ ਦਿੱਤਾ।

ਗੁਰੂ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਦਿੱਲੀ ਲਿਆਂਦੇ ਗਏ। ਤਿੰਨਾਂ ਸਾਥੀਆਂ ਨੂੰ ਅਣਮਨੁੱਖੀ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ। ਅਖੀਰ 24 ਨਵੰਬਰ, 1675 ਨੂੰ ਚਾਂਦਨੀ ਚੌਕ 'ਚ ਜਿੱਥੇ ਅੱਜ ਸੀਸਗੰਜ ਗੁਰਦੁਆਰਾ ਸਥਿਤ ਹੈ, ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜਨਤਕ ਤੌਰ 'ਤੇ ਸੀਸ ਕਲਮ ਕਰ ਦਿੱਤਾ ਗਿਆ। ਇਹ ਬਲੀਦਾਨ ਸਿਰਫ ਧਾਰਮਿਕ ਇਤਿਹਾਸ ਹੀ ਨਹੀਂ ਮਨੁੱਖੀ ਇਤਿਹਾਸ ਦੀ ਵੀ ਅਦੁੱਤੀ ਉਦਾਹਰਣ ਹੈ, ਜਿੱਥੇ ਕਿਸੇ ਨੇ ਆਪਣੇ ਧਰਮ ਲਈ ਨਹੀਂ ਸਗੋਂ ਦੂਜੇ ਧਰਮ ਦੀ ਰੱਖਿਆ ਲਈ ਆਪਣੇ ਪ੍ਰਾਣ ਵਾਰ ਦਿੱਤੇ।



ਉਹ ਹਿੰਦੂ ਧਰਮ ਦੇ ਰੱਖਿਅਕ ਕਹਿਲਾਏ ਪਰ ਅਸਲੀਅਤ ਇਹ ਹੈ ਕਿ ਉਹ ਮਨੁੱਖੀ ਧਰਮ ਦੇ ਸੱਚੇ ਰੱਖਿਅਕ ਸਨ। ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਜਬਰੀ ਧਰਮ ਤਬਦੀਲੀ ਨੂੰ ਆਪਣੀ ਹਿੰਮਤ ਨਾਲ ਰੋਕਿਆ ਅਤੇ ਆਪਣੀ ਸ਼ਹਾਦਤ ਦੇ ਕੇ ਲੋਕਾਂ 'ਚ ਆਪਣੇ ਧਰਮ ਅਤੇ ਪ੍ਰੰਪਰਾਵਾਂ ਪ੍ਰਤੀ ਦ੍ਰਿੜ੍ਹ ਆਸਥਾ ਜਗਾਈ ।।

**-ਪੇਸ਼ਕਸ਼ (ਬੱਲ ਮਲਕੀਤ ਸਿੰਘ)**
**ਚੇਅਰਮੈਨ ਮਹਾਂਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ**

ਦਮਨਪ੍ਰੀਤ ਕੌਰ ਮਾਣ ਧੀਆਂ 'ਤੇ ਸੰਸਥਾ ਦੀ ਕਾਰਜਕਾਰੀ ਪ੍ਰਧਾਨ ਬਣੀ

# ਨੈਸ਼ਨਲ ਪੱਧਰ ਦੀ ਖਿਡਾਰਣ ਹੈ ਦਮਨਪ੍ਰੀਤ : ਸ਼ਰਮਾ/ਮੱਟੂ



**ਚੌਂਕ ਮਹਿਤਾ, 6 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ,ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਪਿੱਛਲੇ ਡੇਢ ਦਹਾਕੇ ਤੋਂ ਭਰੂਣ ਹੱਤਿਆ ਖ਼ਿਲਾਫ਼ ਅਤੇ ਬੇਟੀ ਬਚਾਓ, ਬੇਟੀ ਪੜ੍ਹਾਓ,ਮੁਹਿੰਮ ਤਹਿਤ ਮਹਿਲਾਵਾਂ ਅਤੇ ਧੀਆਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਣ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਏਸ਼ੀਆ ਅਤੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ,ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਮੁੱਖ ਸਰਪ੍ਰਸਤ ਸ਼੍ਰੀ ਰਾਜੇਸ਼ ਸ਼ਰਮਾ (ਪੀਸੀਐਸ) ਚੇਅਰਮੈਨ ਸ਼੍ਰੀ ਹਰਦੇਸ਼ ਸ਼ਰਮਾ,ਵਾਇਸ ਚੇਅਰਮੈਨ ਸ.ਮਖਤੂਲ ਸਿੰਘ ਔਲਖ,ਸੀਨੀਅਰ ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ,ਸ਼੍ਰੀ ਵਰਿੰਦਰ ਵਾਲੀਆਂ,ਮੀਤ ਪ੍ਰਧਾਨ ਅਜੈ ਕੁਮਾਰ ਵਰਮਾਨੀ,ਪ੍ਰਿੰ.ਰਾਜੇਸ਼ ਪ੍ਰਭਾਕਰ ਅਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਨੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਅੱਜ ਨੈਸ਼ਨਲ ਅਤੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਪੱਧਰ ਦੀ ਸਾਈਕਲਿੰਗ ਖਿਡਾਰਣ ਦਮਨਪ੍ਰੀਤ ਕੌਰ ਨੂੰ ਉਪਰੋਕਤ ਸਸੰਥਾਂ ਦੀ ਕਾਰਜਕਾਰੀ ਪ੍ਰਧਾਨ ਦੀ ਜੁੰਮੇਵਾਰੀ ਸੌਂਪੀ ਗਈ। ਇਸ ਮੌਕੇ ਮੁੱਖ ਸਰਪ੍ਰਸਤ ਸ਼੍ਰੀ ਰਾਜੇਸ਼ ਸ਼ਰਮਾ (ਪੀਸੀਐਸ) ਅਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਨਵ ਨਿਯੁਕਤ ਕਾਰਜਕਾਰੀ ਪ੍ਰਧਾਨ ਦਮਨਪ੍ਰੀਤ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਵਧਾਈ ਦਿੱਤੀ ਅਤੇ ਕਿਹਾ ਕੇ ਕਈ ਸਮਾਜ ਸੇਵੀਂ ਅਤੇ ਖੇਡ ਸੰਸਥਾਵਾਂ 4-5 ਸਾਲ ਚੱਲਦੀਆਂ ਹੈ ਅਤੇ ਕੁੱਛ ਕਾਰਨਾ ਕਰਕੇ ਬੰਦ ਹੋ ਜਾਦੀਆਂ ਹਨ, ਪਰ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਨੂੰ 15 ਸਾਲ ਹੋ ਗਏ ਹਨ ਜੋ ਜ਼ਿਲ੍ਹੇ ਦੇ ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਦੀ ਪ੍ਰਧਾਨਗੀ ਹੇਠ ਅੱਜ ਨਿਰੰਤਰ ਚੱਲ ਰਹੀ ਹੈ।ਉਹਨਾਂ ਅੱਗੇ ਕਿਹਾ ਜਿਵੇਂ ਦਮਨਪ੍ਰੀਤ ਕੌਰ ਨੇ ਖੇਡਾਂ ਵਿੱਚ ਮਾਣਮੱਤੀਆ ਪ੍ਰਾਪਤੀਆ ਕੀਤੀਆਂ ਹੈ।ਉਂਝ ਹੀ ਸੋਸਾਇਟੀ ਵੱਲੋਂ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਨੂੰ ਸਫਲਤਾਪੂਰਵਕ ਢੰਗ ਨਾਲ ਨੇਪਰੇ ਚਾੜ੍ਹੇਗੀ। ਜ਼ਿਕਰਯੋਗ ਹੈ ਕੇ ਦਮਨਪ੍ਰੀਤ ਕੌਰ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋਂ 26 ਜਨਵਰੀ 2023 ਨੂੰ ਗੁਰੂ ਨਾਨਕ ਸਟੇਡੀਅਮ (ਗਾਂਧੀ ਗਰਾਊਂਡ) ਅੰਮ੍ਰਿਤਸਰ ਵਿਖ਼ੇ ਜਿਲ੍ਹਾ ਪੱਧਰੀ ਸਮਾਗਮ ਵਿੱਚ ਵਿੱਤ ਮੰਤਰੀ ਪੰਜਾਬ ਸ. ਹਰਪਾਲ ਸਿੰਘ ਚੀਮਾ ਵੱਲੋਂ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਤੋਂ ਇਲਾਵਾ ਹੋਰ ਕਈ ਵਿੱਦਿਅਕ,ਖੇਡ, ਸਮਾਜ ਸੇਵੀਂ ਅਤੇ ਧਾਰਮਿਕ ਸਸੰਥਾਵਾਂ ਵੱਲੋਂ ਸਨਮਾਨ ਮਿਲ ਚੁੱਕਾ ਹੈ। ਇਸ ਮੌਕੇ ਦਮਨਪ੍ਰੀਤ ਕੌਰ ਨੂੰ ਵਧਾਈਆਂ ਦੇਣ ਵਾਲਿਆਂ ਵਿੱਚ ਮਨਪ੍ਰੀਤ ਕੌਰ,ਵੀਨਾ ਮੱਟੂ,ਮੁੱਖਵਿੰਦਰ ਕੌਰ,ਸੁਖਜਿੰਦਰ ਕੌਰ ਰੇਲਵੇ,ਕੰਵਲਜੀਤ ਕੌਰ ਟੀਂਨਾ,ਦਿਲਬਾਗ ਰਾਏ,ਜ਼ਰੀਨਾ ਸਹਿਗਲ,ਮੁਨੀਸ਼ ਸ਼ਰਮਾ,ਸੰਤ ਸੇਵਕ ਸਿੰਘ,ਨਰਿੰਦਰ ਕੌਰ, ਕਰਮਜੀਤ ਕੌਰ ਜੱਸਲ ਦੇ ਨਾਂਅ ਸ਼ਾਮਿਲ ਹਨ।

# ਪਿੰਡ ਖੇੜੀ ਜੱਟਾਂ ਵਿਖੇ ਸਰਬੱਤ ਦੇ ਭਲੇ ਲਈ ਗੁਰਮਤਿ ਸਮਾਗਮ ਕਰਵਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿੰਡ ਖੇੜੀ ਜੱਟਾਂ ਦੇ ਸਰਪੰਚ ਬੀਬੀ ਮਲਕੀਤ ਕੌਰ ਪਤਨੀ ਸ,ਹਰਪ੍ਰੀਤ ਸਿੰਘ ਸਾਬਕਾ ਪੰਚ ਦੀ ਅਗਵਾਈ ਹੇਠ ਸਰਬੱਤ ਦੇ ਭਲੇ ਲਈ ਗੁਰਦੁਆਰਾ ਝਿੜਾ ਸਾਹਿਬ ਪਾਤਸ਼ਾਹੀ ਪਹਿਲੀ ਦੇ ਹੈਡ ਗ੍ਰੰਥੀ ਭਾਈ ਤਰਸੇਮ ਸਿੰਘ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਅਤੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪੰਥ ਦੇ ਮਹਾਨ, ਨਾਮ ਦੇ ਰਸੀਏ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਿੰਦਰਪਾਲ ਸਿੰਘ ਨਾਭੇ ਵਾਲਿਆ ਨੇ ਗੁਰਬਾਣੀ ਦੀਆਂ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ।ਰਾਗੀ ਗਿਆਨੀ ਰਾਜਿੰਦਰਪਾਲ ਸਿੰਘ ਨੇ ਸ੍ਰੀ ਸੁਖਮਨੀ ਸਾਹਿਬ ਦੇ ਮੂਲ ਸਿਧਾਂਤ ਦੀ ਵਿਆਖਿਆ ਕਰਦੇ ਹੋਏ ਸਰਬੱਤ ਦੇ ਭਲੇ ਸਬੰਧੀ ਬਹੁਤ ਹੀ ਭਾਵਪੂਰਤ ਵਿਚਾਰਾਂ ਦੀ ਸਾਂਝ ਪਾਈ ਕਿ ਸਤਿਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਸਰਬ ਸਾਂਝੀਵਾਲਤਾ ਦੀ ਦ੍ਰਿੜ ਕਰਵਾਈ ਸਿੱਖਿਆ ਜੋ ਵਰਣਾਂ ਅਤੇ ਜਾਤਾਂ ਦੇ ਭਿੰਨ ਭੇਦ ਦਾ ਖਾਤਮਾ ਕਰਕੇ ਇੱਕ ਉਸਾਰ ਸਮਾਜ ਦੀ ਸਿਰਜਣਾ ਕਰਦੀ ਹੈ। ਇਸ ਮੌਕੇ ਕੌਰ ਵਾਇਸ ਚੇਅਰਮੈਨ ਬਲਾਕ ਸੰਮਤੀ ਧੂਰੀ, ਸਾਬਕਾ ਸਰਪੰਚ ਸੁਰਜੀਤ ਸਿੰਘ, ਪੰਚ ਨਿਰਮਲ ਸਿੰਘ, ਦੇਸ਼ਰਾਜ ਸਿੰਘ ਪੰਚ, ਨਿੰਕਾ ਖਾ ਪੰਚ, ਰਣਜੀਤ ਸਿੰਘ ਪੰਚ,ਹਰਪ੍ਰੀਤ ਕੌਰ ਪੰਚ,ਰਵਿੰਦਰ ਕੌਰ ਪੰਚ,ਕੁਲਜੀਤ ਸਿੰਘ, ਮਿੱਠਾ ਮੈਂਬਰ, ਬਲਵਿੰਦਰ ਸਿੰਘ, ਸਤਵੀਰ ਸਿੰਘ, ਭੁਪਿੰਦਰ ਸਿੰਘ, ਬਲਵੀਰ ਸਿੰਘ, ਰਛਪਾਲ ਸਿੰਘ, ਗੁਰਜੀਤ ਸਿੰਘ, ਹਾਕਮ ਸਿੰਘ, ਜਸਵਿੰਦਰ ਸਿੰਘ, ਹਰਭਜਨ ਸਿੰਘ, ਪ੍ਰਿੰ. ਮਲਕੀਤ ਸਿੰਘ ਬਲਿੰਗ ਤੋਂ ਇਲਾਵਾ ਢਢੋਗਲ, ਜੈਨਪੁਰ, ਈਸੜਾ, ਲੋਹਾਰ ਮਾਜਰਾ, ਮੀਮਸਾਂ ਦੀਆਂ ਪੰਚਾਇਤਾਂ ਹਾਜ਼ਰ ਸਨ। ਗੁਰੂ ਦਾ ਲੰਗਰ ਅਟੁੱਟ ਵਰਤਾਇਆ ਗਿਆ।

# ਬਿਹਾਰ ਦੇ ਰਾਜਪਾਲ ਸਯਿਦ ਅਤਾ ਹਸਨੈਨ ਤਖ਼ਤ ਪਟਨਾ ਸਾਹਿਬ ਵਿਖੇ ਹੋਏ ਨਤਮਸਤਕ



**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਬਿਹਾਰ ਦੇ ਨਵ ਨਿਯੁਕਤ ਰਾਜਪਾਲ ਲੈਫਟਿਨੈਂਟ ਜਨਰਲ (ਸੇਵਾਮੁਕਤ) ਸਯਿਦ ਅਤਾ ਹਸਨੈਨ ਬੀਤੇ ਦਿਨ ਤਖ਼ਤ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ। ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਜੀ ਵੱਲੋਂ ਉਨ੍ਹਾਂ ਨੂੰ ਸਿਰੋਪਾ ਭੇਂਟ ਕੀਤਾ ਗਿਆ। ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਮਹਾਂ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ ਅਤੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਕਿਰਪਾਨ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਤਖ਼ਤ ਸਾਹਿਬ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਮਾਣਯੋਗ ਰਾਜਪਾਲ ਲੈਫਟਿਨੈਂਟ ਜਨਰਲ (ਸੇਵਾਮੁਕਤ) ਸਯਿਦ ਅਤਾ ਹਸਨੈਨ ਨੇ ਅੱਜ ਤਖ਼ਤ ਸਾਹਿਬ ਵਿੱਚ ਹਾਜ਼ਰੀ ਭਰੀ।ਇਸ ਮੌਕੇ ਉਨ੍ਹਾਂ ਨੇ ਗੁਰਬਾਣੀ ਕੀਰਤਨ ਵੀ ਸ੍ਰਵਣ ਕੀਤਾ ਅਤੇ ਉਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜਾ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ।

ਉਨ੍ਹਾਂ ਨੇ ਕਿਹਾ ਕਿ ਮਾਣਯੋਗ ਰਾਜਪਾਲ ਜੀ ਦੀ ਗੁਰੂ ਘਰ ਪ੍ਰਤੀ ਪੂਰੀ ਸ਼ਰਧਾ ਹੈ, ਜਿਸ ਕਰਕੇ ਸਾਨੂੰ ਪੂਰੀ ਉਮੀਦ ਹੈ ਕਿ ਸੰਗਤ ਦੀ ਸੁਵਿਧਾ ਲਈ ਤਖ਼ਤ ਸਾਹਿਬ ਕਮੇਟੀ ਨੂੰ ਉਨ੍ਹਾਂ ਦਾ ਸਹਿਯੋਗ ਮਿਲਦਾ ਰਹੇਗਾ ਅਤੇ ਕਮੇਟੀ ਵੱਲੋਂ ਰੱਖੀਆਂ ਜਾਣ ਵਾਲੀਆਂ ਮੰਗਾਂ ਨੂੰ ਵੀ ਪੂਰਾ ਕੀਤਾ ਜਾਵੇਗਾ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪਿਛਲੇ ਰਾਜਪਾਲ ਵੱਲੋਂ ਕਮੇਟੀ ਨੂੰ ਐਮ.ਆਰ.ਆਈ. ਸੈਂਟਰ ਲਈ ਜਗ੍ਹਾ ਦਿੱਤੀ ਗਈ ਸੀ ਅਤੇ ਉਸ ਦਾ ਨੀਂਹ ਪੱਥਰ ਵੀ ਰੱਖਿਆ ਗਿਆ ਸੀ। ਉਸ ਕੰਮ ਨੂੰ ਪੂਰਾ ਕਰਨ ਲਈ ਅੱਗੇ ਵੀ ਸਹਿਯੋਗ ਮਿਲਦਾ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ

# ਫਾਈਨਲ ਸਾਲ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ





**ਤਲਵੰਡੀ ਸਾਬੋ, 6 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵਿਖੇ ਐਮ.ਬੀ.ਏ, ਐਮ.ਕਾਮ, ਬੀ.ਬੀ.ਏ ਤੇ ਬੀ.ਕਾਮ ਵਰਗੇ ਵੱਖ-ਵੱਖ ਕੋਰਸਾਂ ਵਿੱਚ ਇਸ ਸੈਸ਼ਨ ਦੌਰਾਨ ਆਖਰੀ ਸਾਲ ਦੇ ਵਿਦਿਆਰਥੀਆਂ ਲਈ ਇੱਕ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਪਾਰਟੀ ਦਾ ਆਯੋਜਨ ਵਿਭਾਗ ਦੇ ਸੱਭਿਆਚਾਰਕ ਗਤੀਵਿਧੀਆਂ ਦੇ ਕੋਆਰਡੀਨੇਟਰ ਡਾ. ਅਮਨਦੀਪ ਕੌਰ, ਸਹਾਇਕ ਪ੍ਰੋਫੈਸਰ ਦੀ ਦੇਖ ਰੇਖ ਹੇਠ ਹੋਇਆ। ਪਾਰਟੀ ਦੀ ਸ਼ੁਰੂਆਤ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੁਆਰਾ ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਦੇ ਨਾਲ ਵਿਭਾਗ ਦੇ ਸਾਰੇ ਫੈਕਲਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਰਿਬਨ ਕੱਟਣ ਦੀ ਰਸਮ ਨਾਲ ਹੋਈ। ਡਾਇਰੈਕਟਰ ਅਤੇ ਵਿਭਾਗ ਦੇ ਮੁਖੀ ਦੋਵਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੇ ਖੁਸ਼ਹਾਲ ਕਰੀਅਰ ਦੀ ਕਾਮਨਾ ਕੀਤੀ। ਪਾਰਟੀ ਵਿੱਚ ਵਿਦਿਆਰਥੀਆਂ ਨੇ ਡਾਂਸ ਅਤੇ ਗਾਇਨ ਆਦਿ ਵਰਗੀਆਂ ਸੱਭਿਆਚਾਰਕ ਗਤੀਵਿਧੀਆਂ ਦੇ ਨਾਲ-ਨਾਲ ਕੁੱਝ ਮਜ਼ੇਦਾਰ ਖੇਡਾਂ ਅਤੇ ਮੁਕਾਬਲੇ ਕਰਵਾਕੇ ਕੀਤਾ ਗਿਆ। ਐਮਬੀਏ ਦੂਜੇ ਸਾਲ ਦੀ ਮਨਿੰਦਰਾ ਰਾਣੀ ਨੂੰ ਅਕਾਦਮਿਕ ਅਤੇ ਵਿਭਾਗੀ ਗਤੀਵਿਧੀਆਂ ਵਿੱਚ ਉਸਦੇ ਆਲ ਰਾਊਂਡਰ ਪ੍ਰਦਰਸ਼ਨ ਲਈ ਸਾਲ ਦੀ ਸਰਵੋਤਮ ਵਿਦਿਆਰਥਣ ਚੁਣਿਆ ਗਿਆ। ਅਕਵਿੰਦਰ ਕੌਰ ਅਤੇ ਬਲਵੀਰ ਸਿੰਘ ਨੂੰ ਬੀਬੀਏ ਲਈ ਕ੍ਰਮਵਾਰ ਮਿਸ ਅਤੇ ਮਿਸਟਰ ਫੇਅਰਵੈਲ ਚੁਣਿਆ ਗਿਆ। ਜਸ਼ਨਦੀਪ ਕੌਰ ਅਤੇ ਅਮਰਿੰਦਰ ਸਿੰਘ ਨੂੰ ਕ੍ਰਮਵਾਰ ਬੀ.ਕਾਮ. ਲਈ ਮਿਸ ਅਤੇ ਮਿਸਟਰ ਫੇਅਰਵੈੱਲ ਚੁਣਿਆ ਗਿਆ। ਸਰਸਵਤੀ ਅਤੇ ਅਮਨਦੀਪ ਕੌਰ ਨੂੰ ਕ੍ਰਮਵਾਰ ਐਮ.ਬੀ.ਏ. ਅਤੇ ਐਮ.ਕਾਮ. ਕੋਰਸਾਂ ਲਈ ਮਿਸ ਫੇਅਰਵੈੱਲ ਚੁਣਿਆ ਗਿਆ। ਪਾਰਟੀ ਦੇ ਸਮਾਪਨ ਸਮਾਰੋਹ ਸਮੇਂ ਮੁਖੀ ਡਾ ਨਰਿੰਦਰ ਕੌਰ ਨੇ ਵਿਦਾਇਗੀ ਪਾਰਟੀ ਦੇ ਸ਼ਾਨਦਾਰ ਆਯੋਜਨ ਲਈ ਅਧਿਆਪਕ ਅਤੇ ਵਿਦਿਆਰਥੀ ਆਯੋਜਕਾਂ ਦੀ ਭਰਪੂਰ ਸ਼ਲਾਘਾ ਕੀਤੀ।

ਗਰੀਬਾਂ ਪੱਖੀ ਇਨਕਲਾਬੀ ਪੈਗਾਮ ਹੈ ਬਾਬੇ ਨਾਨਕ ਜੀ ਦਾ "ਵੰਡ ਛਕਣ" ਦਾ ਸਿਧਾਂਤ : ਭਾਨ ਸਿੰਘ ਜੱਸੀ

# ਪਰ ਗਰੀਬਾਂ ਦੇ ਹਿੱਸੇ ਦਾ "ਦਸਵੰਧ" ਲੁੱਟ ਕੇ ਲੈ ਜਾਂਦੇ ਹਨ ਸੱਜਣ ਠੱਗ



**ਮਹਿਲ ਕਲਾਂ ( ਰਣਜੀਤ ਸਿੰਘ )**-ਪੇਧਨੀ ਝੁੱਗੀਆਂ, ਸਲੰਮ ਖੇਤਰਾਂ ਪਿੰਡਾਂ/ਸ਼ਹਿਰਾਂ ਵਿੱਚ ਰਹਿੰਦੇ ਲੋੜਵੰਦ ਅਤੇ ਗਰੀਬ ਬੱਚਿਆਂ ਨੂੰ ਲਗਾਤਾਰ ਪਿਛਲੇ 25 ਵਰਿਆਂ ਤੋਂ ਮੁਫਤ ਸਿੱਖਿਆ ਦੇਣ ਦੀ ਸੇਵਾ ਮੁਹਿੰਮ ਚਲਾਉਣ ਅਤੇ ਸੰਕਟ ਦੀਆਂ ਘੜੀਆਂ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਦਾ ਜਜ਼ਬਾ ਰੱਖਣ ਵਾਲੇ ਪੰਜਾਬ ਦੇ ਉੱਘੇ ਸਮਾਜ ਸੇਵੀ ਸ: ਭਾਨ ਸਿੰਘ ਜੱਸੀ ( ਜੱਸੀ ਪੇਧਨੀ ) ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੁੱਖ ਪ੍ਰਗਟ ਕੀਤਾ ਕਿ ਅੱਜ ਵੀ ਦੇਸ਼ ਦੇ 35 ਤੋਂ 40 ਕਰੋੜ ਦੇ ਲਗਭਗ ਲੋਕ ਦੋ ਡੰਗ ਦੀ ਰੋਟੀ ਲਈ ਗਰੀਬੀ ਦੇ ਦੈਂਤ ਨਾਲ ਜੂਝਦੇ ਹੋਏ ਨਜ਼ਰ ਆ ਰਹੇ ਹਨ। ਉਹਨਾਂ ਕਿਹਾ ਕਿ ਗਰੀਬ ਵਰਗਾਂ ਦੇ ਝੁੱਗੀਆਂ ਜਾਂ ਸਲੰਮ ਖੇਤਰਾਂ ਵਿੱਚ ਰਹਿਣ ਵਾਲੇ ਲੱਖਾਂ ਮਸੂਮ ਬੱਚੇ ਅੱਜ ਵੀ ਕੂੜੇ ਕਰਕਟ ਦੇ ਢੇਰਾਂ ਉੱਤੋਂ ਗਲਾਂ ਵਿੱਚ ਪੜਨ ਵਾਲੇ ਬੈਗ ਪਾਉਣ ਦੀ ਬਜਾਏ ਗਰੀਬੀ ਅਤੇ ਅਗਿਆਨਤਾ ਕਾਰਨ ਗਲਾਂ ਵਿੱਚ ਬਗਲੀਆਂ ਪਾਕੇ ਪੋਲੀਥੀਨ ਦੇ ਲਿਫਾਫੇ, ਪਾਟੀਆ ਲੀਰਾਂ ਅਤੇ ਕੱਚ ਵਗੈਰਾ ਚੁੱਕਕੇ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਆਪਣੇ ਬਿਆਨ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦਾਅਵਾ ਕੀਤਾ ਕਿ ਬਾਬੇ ਨਾਨਕ ਜੀ ਦਾ ਸਿਮਰਨ ਕਰੋ, ਕਿਰਤ ਕਰੋ ਅਤੇ ਵੰਡ ਛਕੋ ਦਾ ਸਿਧਾਂਤ ਸਿੱਧੇ ਰੂਪ ਵਿੱਚ ਇਨਸਾਨੀਅਤ ਅਤੇ ਸਰਬੱਤ ਦੇ ਭਲੇ ਦਾ ਗਰੀਬਾਂ ਪੱਖੀ "ਇਨਕਲਾਬੀ ਪੈਗਾਮ" ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਭਲਵਾਨ ਵਿਖੇ ਐਸਪੀ ਰੇਸਨਲ ਬਲਾਕ ਪ੍ਰੋਗਰਾਮ ਤਹਿਤ ਪ੍ਰੋਟੀਨ




**ਧੂਰੀ ( ਰਣਜੀਤ ਸਿੰਘ ਪੇਧਨੀ )**-ਐਸਪੀ ਰੇਸਨਲ ਬਲਾਕ ਪ੍ਰੋਗਰਾਮ ਤਹਿਤ ਪ੍ਰੋਟੀਨ ਡਾਇਟ ਮੁਹੱਈਆ ਕਰਵਾਈ। ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ, ਸੁਖਚੈਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰ ਅਮਰਜੀਤ ਕੌਰ ਸਿਵਲ ਸਰਜਨ ਸੰਗਰੂਰ ਦੀ ਯੋਗ ਅਗਵਾਈ ਹੇਠ ਅਤੇ ਡਾਕਟਰ ਜਸਦੀਪ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਸੇਰਪੁਰ ਦੀ ਦੇਖ ਰੇਖ ਐਸਪੀਰੇਸਨਲ ਬਲਾਕ ਪ੍ਰੋਗਰਾਮ ਅਧੀਨ ਕਰਵਾਇਆ ਗਿਆ। ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਡਾਕਟਰ ਜਸਦੀਪ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਸੇਰਪੁਰ ਅਤੇ ਤਰਸੇਮ ਸਿੰਘ ਬੀਈਓ ਨੇ ਕਿਹਾ ਕਿ ਸਰਕਾਰ ਵੱਲੋਂ ਛੋਟੇ ਬੱਚਿਆਂ ਦੀ ਸਿਹਤ ਸੰਭਾਲ ਦੇ ਲਈ ਪ੍ਰੋਟੀਨ ਮੁਹਈਆ ਕਰਵਾਇਆ ਜਾ ਰਿਹਾ ਹੈ ਜੋ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦਾ ਬਹੁਤ ਹੀ ਸਲਾਘਾਯੋਗ ਕਦਮ ਹੈ। ਇਸ ਮੌਕੇ ਸ੍ਰੀਮਤੀ ਰਾਜਵਿੰਦਰ ਕੌਰ ਐਲ,ਐਚ,ਵੀ, ਸ੍ਰੀਮਤੀ ਪ੍ਰਿਪਾਲ ਕੌਰ ਏ,ਐਨ,ਐਮ, ਆਸਾ ਵਰਕਰ ਹਰਪ੍ਰੀਤ ਕੌਰ, ਸਿਮਰਜੀਤ ਕੌਰ, ਨਰਿੰਦਰ ਕੌਰ, ਗੁਰਮੀਤ ਕੌਰ, ਆਸਾ ਰਾਣੀ, ਬਲਜੀਤ ਕੌਰ ,ਗੀਤਾ ਰਾਣੀ, ਸੁਖਵਿੰਦਰ ਕੌਰ, ਬਬਲੀ ਕੋਰ, ਹਰਪ੍ਰੀਤ ਕੌਰ ਹਾਜ਼ਰ ਸਨ।

# ਸਰਕਾਰ ਬੰਦੀ ਸਿੰਘਾਂ ਨੂੰ ਰਿਹਾਅ ਅਤੇ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਬਣਾਏ : ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਮਾਨ ਸਰਕਾਰ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਅਤੇ ਦਿਨ ਬ ਦਿਨ ਹੋ ਰਹੀਆਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀਆਂ ਸੰਬੰਧੀ ਜਲਦੀ ਸਖ਼ਤ ਕਨੂੰਨ ਬਣਾਏ ਤਾ ਜੋ ਸਿੱਖ ਕੌਮ ਆਪਣੇ ਆਪ ਨੂੰ ਸੁਰੱਖਿਅਤ ਸਮਝ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਡਹਾ ਕਿ ਪੰਜਾਬ ਸਰਕਾਰ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਦੂਸਰੀਵਾਰ ਐਨਐਸਏ ਲਗਾ ਕੇ ਅੰਦਰ ਰੱਖਣਾ ਲੋਕ ਤੰਤਰ ਦਾ ਘਾਣ ਹੈ। ਉਹਨਾਂ ਕਿਹਾ ਕਿ ਬਲਾਤਕਾਰੀ ਸੌਦਾ ਸਾਧ ਨੂੰ ਵਾਰ-ਵਾਰ ਪੈਰੋਲ ਦਿੱਤੀ ਜਾ ਰਹੀ ਹੈ। ਪਰ ਇੱਕ ਪਾਸੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਹਨ ਜਿਨਾਂ ਨੇ ਖਡੂਰ ਸਾਹਿਬ ਤੋਂ 4 ਲੱਖ ਤੋਂ ਵੱਧ ਵੋਟਾਂ ਨਾਲ ਜਿੱਤ ਪ੍ਰਾਪਤ ਕਰਕੇ ਇਤਿਹਾਸ ਰਚਿਆ ਹੈ। ਉਹਨਾਂ ਨੂੰ ਸੈਸ਼ਨ ਦੇ ਵਿੱਚ ਸ਼ਾਮਿਲ ਹੋਣ ਲਈ ਪੈਰੋਲ ਵੀ ਨਹੀਂ ਦਿੱਤੀ ਜਾ ਰਹੀ, ਇਹ ਸਿੱਖ ਕੌਮ ਨਾਲ ਸਰਾਸਰ ਧੱਕਾ ਅਤੇ ਲੋਕਤੰਤਰ ਦਾ ਘਾਣ ਹੈ।

# ਜਤਿੰਦਰ ਲੱਧਾਮੁੰਡਾ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਉਪ ਪ੍ਰਧਾਨ ਨਿਯੁਕਤ



ਚੌਕ ਮਹਿਤਾ, 6 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸਰਪ੍ਰਸਤ ਰਵਿੰਦਰ ਸਿੰਘ ਚੀਮਾਂ ਅਤੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ ਬੀਤੇ ਕੱਲ ਐਸੋਸੀਏਸ਼ਨ ਦੇ ਸੂਬਾ ਪੱਧਰੀ ਢਾਂਚੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਜਿਲਾ ਅੰਮ੍ਰਿਤਸਰ ਤੋਂ ਜਤਿੰਦਰ ਸਿੰਘ ਲੱਧਾਮੁੰਡਾ ਨੂੰ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸ. ਲੱਧਾਮੁੰਡਾ ਨੂੰ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਰੂਪ ਵਿਚ ਸਨਮਾਨਿਤ ਵੀ ਕੀਤਾ ਗਿਆ। ਜ਼ਿਕਰਯੋਗ ਹੈ ਕਿ ਜਤਿੰਦਰ ਸਿੰਘ ਲੱਧਾਮੁੰਡਾ ਲਗਾਤਾਰ 12 ਸਾਲ ਦਾਣਾ ਮੰਡੀ ਮਹਿਤਾ ਦੇ ਪ੍ਰਧਾਨ ਰਹਿ ਚੁੱਕੇ ਹਨ।

# ਗੁਰਮੁੱਖ ਸਿੰਘ ਸਾਬਾ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਮੀਤ ਪ੍ਰਧਾਨ ਪ੍ਰਧਾਨ ਨਿਯੁਕਤ



ਚੌਕ ਮਹਿਤਾ, 6 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸਰਪ੍ਰਸਤ ਰਵਿੰਦਰ ਸਿੰਘ ਚੀਮਾਂ ਅਤੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ ਬੀਤੇ ਕੱਲ ਐਸੋਸੀਏਸ਼ਨ ਦੇ ਸੂਬਾ ਪੱਧਰੀ ਢਾਂਚੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਜਿਲਾ ਅੰਮ੍ਰਿਤਸਰ ਤੋਂ ਗੁਰਮੁੱਖ ਸਿੰਘ ਸਾਬਾ ਉਦੋ ਨੰਗਲ ਨੂੰ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸ. ਗੁਰਮੁੱਖ ਸਿੰਘ ਸਾਬਾ ਨੂੰ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਰੂਪ ਵਿਚ ਸਨਮਾਨਿਤ ਵੀ ਕੀਤਾ ਗਿਆ। ਅਤੇ ਮੁਬਾਰਕਾ ਦਿੱਤੀਆਂ ਗਈਆਂ।

### ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਵਿਖੇ ਦੁਨਿਆਵੀ ਵਿਦਿਆ ਦੇ ਨਾਲ-ਨਾਲ

# ਬੱਚਿਆਂ ਨੂੰ ਗੁਰਬਾਣੀ ਤੇ ਬਾਣੇ ਨਾਲ ਜੋੜਨ ਦੀ ਸੇਵਾ ਨਿਰੰਤਰ ਜਾਰੀ-ਬਾਬਾ ਮਲਕੀਤ ਸਿੰਘ




**ਜੰਡਿਆਲਾ ਗੁਰੂ, 6 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਨੈਸ਼ਨਲ ਹਾਈਵੇ ਤੋਂ ਚਾਰ ਕਿਲੋਮੀਟਰ ਦੀ ਦੂਰੀ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜਬੋਵਾਲ, ਵੱਲੋਂ ਬੜੇ ਹੀ ਨੇਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ।, ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਅਤੇ ਲੋੜਵੰਦ ਪਰਿਵਾਰਾਂ ਦੀ ਸਮੇਂ ਸਮੇਂ ਸਿਰ ਬਾਂਹ ਫੜੀ ਜਾ ਰਹੀ ਹੈ।, ਅਤੇ ਜਿੰਨਾ ਪਰਿਵਾਰਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ।ਉਹਨਾਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੀ ਫਰੀ ਮੁਹੱਈਆ ਕਰਵਾਇਆ ਜਾਂਦਾ ਹੈ।, ਇਹਨਾਂ ਗੱਲਾਂ ਦਾ ਪ੍ਰਗਟਾਵਾ ਬਾਬਾ ਮਲਕੀਤ ਸਿੰਘ ਜੀ ਮੁੱਖ ਸੇਵਾਦਾਰ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ, ਦੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਜੀ ਨੇ ਪਹਿਰੇਦਾਰ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ, ਇਸ ਅਕੈਡਮੀ ਵਿੱਚ ਜਿੰਨੇ ਵੀ ਸੇਵਾਦਾਰ ਹਨ ਬੜੀ ਚੜ੍ਹਦੀ ਕਲਾ ਵਾਲੇ ਹਨ। ਅਤੇ ਆਪਣੇ ਪੂਰੇ ਫਰਜ ਅਤੇ ਤਨ ਮਨ ਧਨ ਨਾਲ ਆਪਣੀ ਸੇਵਾ ਨਿਭਾ ਰਹੇ ਹਨ।, ਇਸ ਮੌਕੇ ਤੇ ਉਹਨਾਂ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਹ 2013 ਤੋਂ ਰਾਸ਼ਨ ਦੀ ਪਹਿਲ ਕਦਮੀ ਦੀ ਸੇਵਾ ਆਰੰਭ ਕੀਤੀ ਗਈ ਸੀ ਅਤੇ 2014 ਵਿੱਚ ਪਹਿਲਾਂ ਲੋੜਵੰਦ ਪੰਜ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ਸੀ ਜਿਨਾਂ ਦਾ ਕੋਈ ਆਸਰਾ ਵੀ ਨਹੀਂ ਸੀ ਅਤੇ ਕਮਾਈ ਦਾ ਸਾਧਨ ਵੀ ਨਹੀਂ ਸੀ, ਤੇ ਸਰਕਾਰ ਵੱਲੋਂ ਉਨਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ।, ਅੱਗੇ ਉਹਨਾਂ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ 2014 ਤੋਂ ਲੈ ਕੇ ਹੁਣ ਤੱਕ ਗੁਰੂ ਮਹਾਰਾਜ ਦੇ ਓਟ ਆਸਰੇ ਸਦਕਾ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 125 ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਦੀ 10 ਤਰੀਕ ਨੂੰ ਫਰੀ ਰਾਸ਼ਨ ਮੁਹਈਆ ਕਰਵਾਇਆ ਜਾਂਦਾ ਹੈ।, ਅਤੇ ਇਸ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵਾਸਤੇ ਸਕੂਲ ਵੀ ਖੋਲਿਆ ਗਿਆ ਹੈ।, ਤੇ ਬੱਚਿਆਂ ਨੂੰ ਫਰੀ ਪੜ੍ਹਾਈ ਕਰਵਾਈ ਜਾਂਦੀ ਹੈ।, ਤੇ ਨਾਲ ਦੀ ਨਾਲ ਹੀ ਬੱਚਿਆਂ ਨੂੰ ਖੇਡਾਂ ਤੋਂ ਪ੍ਰੇਰਿਤ ਕੀਤਾ ਜਾਂਦਾ ਹੈ ਅਤੇ ਖੇਡਾਂ ਨਾਲ ਜੋੜਿਆ ਜਾਂਦਾ ਹੈ।, ਇਸ ਅਕੈਡਮੀ ਵਿੱਚ ਖਾਸ ਗੱਲ ਹੈ ਕਿ ਇਸ ਅਕੈਡਮੀ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵੀ ਸੁਸ਼ੋਭਿਤ ਹਨ, ਅਤੇ ਜਿੱਥੇ ਬੱਚਿਆਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ।, ਇਸ ਅਕੈਡਮੀ ਵਿੱਚ ਬੱਚਿਆਂ ਨੂੰ ਹਾਰਮੋਨੀਆਮ ਤਪਲਾ ਤੇ ਤੰਤੀ ਸਾਜਾਂ ਦੇ ਨਾਲ ਕੀਰਤਨ ਵੀ ਸਿਖਾਇਆ ਜਾਂਦਾ ਹੈ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਵੀ ਕਰਾਈ ਜਾਂਦੀ ਹੈ, ਪੱਤਰਕਾਰਾਂ ਵੱਲੋਂ ਅਕੈਡਮੀ ਦਾ ਦੌਰਾ ਕੀਤਾ ਗਿਆ ਤਾਂ ਬੜੀ ਹੀ ਖੁਸ਼ੀ ਅਤੇ ਮਾਣ ਵਾਲੀ ਗੱਲ ਵੇਖਣ ਨੂੰ ਮਿਲੀ ਕਿ ਇਸ ਅਕੈਡਮੀ ਵਿੱਚ ਜਿੰਨੇ ਵੀ ਬੱਚੇ ਹਨ ਪੂਰੇ ਬਾਣੀ ਬਾਣੇ ਦੇ ਧਾਰਨੀ ਹਨ।, ਅਤੇ ਅਕੈਡਮੀ ਵਿੱਚ ਕਿਸੇ ਵੀ ਮਹਿਮਾਨ ਦੇ ਆਉਣ ਤੇ ਗੁਰੂ ਮਹਾਰਾਜ ਵੱਲੋਂ ਫਤਹਿ ਦੀ ਬਖਸ਼ੀ ਦਾਤ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫ਼ਤਹਿ ਦੀ ਸਾਂਝ ਪਾਉਦੇ ਹਨ। ਅਤੇ ਇਸ ਅਕੈਡਮੀ ਵਿੱਚ ਬੱਚਿਆਂ ਦੇ ਖੇਡਣ ਵਾਸਤੇ ਬਹੁਤ ਹੀ ਵੱਡੀ ਗਰਾਊਂਡ ਵੀ ਇਹ ਹੈ ਜਿਸ ਵਿੱਚ ਬੱਚਿਆਂ ਨੂੰ ਵਾਲੀਬਾਲ, ਫੁਟਬਾਲ, ਕਬੱਡੀ,ਬੌਕਸਿੰਗ, ਤੋਂ ਇਲਾਵਾ ਬੱਚਿਆਂ ਨੂੰ ਪੁਰਾਤਨ ਖੇਡਾਂ ਨਾਲ ਜੋੜਿਆ ਜਾਂਦਾ ਹੈ।, ਇਸ ਮੌਕੇ ਤੇ ਬਾਬਾ ਮਲਕੀਤ ਸਿੰਘ ਜੀ ਨੇ ਸੰਗਤਾਂ ਨੂੰ ਅਤੇ ਐਨ ਆਰ ਆਈ ਵੀਰਾਂ ਨੂੰ ਅਪੀਲ ਕੀਤੀ ਕਿ ਇਸ ਅਕੈਡਮੀ ਵੱਲੋਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਯੂਅਰ ਸੇਵਾ ਚੈਰਾਇਟੀ ਨਾ ਦੀ ਸੰਸਥਾ ਵੀ ਚਲਾਈ ਜਾਂਦੀ ਹੈ ਅਤੇ ਇਹ ਸੰਸਥਾ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਲੋੜਵੰਦਾਂ ਦੀ ਮਦਦ ਕਰਨ ਵਿੱਚ, ਵਰਦਾਨ ਸਾਬਿਤ ਹੋ ਰਹੀ, ਇਸ ਮੌਕੇ ਤੇ ਬਾਬਾ ਜੀ ਨੇ ਅਪੀਲ ਕੀਤੀ ਕਿ ਵੱਧ ਤੋਂ ਵੱਧ ਸੰਗਤ ਇਸ ਅਕੈਡਮੀ ਅਤੇ ਸੰਸਥਾ ਨਾਲ ਜੋੜਨ ਤਾਂ ਜੋ ਗੁਰਸਿੱਖ ਬੱਚਿਆਂ ਦੀ ਮਦਦ ਕੀਤੀ ਜਾ ਸਕੇ ਅਤੇ ਉਹ ਆਪਣੇ ਪੈਰਾਂ ਤੇ ਖੜੇ ਹੋ ਕੇ ਆਪਣਾ ਭਵਿੱਖ ਬਣਾ ਸਕਣ, ਇਸ ਮੌਕੇ ਤੇ, ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਜੀ, ਭਾਈ ਸੁਖਚੈਨ ਸਿੰਘ, ਗਿਆਨੀ ਤੇਜਬੀਰ ਸਿੰਘ ਪ੍ਰਿੰਸੀਪਲ ਸੁਰਿੰਦਰਜੀਤਸਿੰਘ ਜਸਪਾਲ ਸਿੰਘ ਟੋਮਾ ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ਗੁਰਪਿੰਦਰ ਸਿੰਘ ਆਦਿ ਸੇਵਾ ਦਰ ਹਾਜ਼ਰ ਸਨ।।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲ ਯੂਨੀਵਰਸਿਟੀ ਦੇ ਐਜੂਕੇਸ਼ਨ ਵਿਭਾਗ ਵੱਲੋਂ

# ਅੰਤਰ-ਰਾਸ਼ਟਰੀ ਨਾਰੀ ਦਿਵਸ ਨੂੰ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ



**ਤਲਵੰਡੀ ਸਾਬੋ, 6 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡਿਪਾਰਟਮੈਂਟ ਆਫ ਐਜੂਕੇਸ਼ਨ ਵੱਲੋਂ ਅੰਤਰ-ਰਾਸ਼ਟਰੀ ਨਾਰੀ ਦਿਵਸ ਨੂੰ ਸਮਰਪਿਤ "ਸਮਾਨਤਾ ਤੋਂ ਅਸਲੀ ਨਿਆਂ ਤੱਕ: ਅਸਮਾਨਤਾ ਦੀ ਖਾਈ ਨੂੰ ਪੂਰਣ ਵੱਲ ਕਦਮ" ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਮਹਿਲਾ ਸਸ਼ਕਤੀਕਰਨ, ਸਿੱਖਿਆ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਵਿਭਾਗ ਦੇ ਅਧਿਆਪਕ ਮੁਦਾਸਿਰ ਅਮੀਨ ਵੱਲੋਂ ਸਵਾਗਤੀ ਸ਼ਬਦਾਂ ਨਾਲ ਕੀਤੀ ਗਈ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੰਤਰ-ਰਾਸ਼ਟਰੀ ਨਾਰੀ ਦਿਵਸ ਪੂਰੀ ਦੁਨੀਆ ਵਿੱਚ ਮਹਿਲਾਵਾਂ ਦੀਆਂ ਉਪਲਬਧੀਆਂ ਅਤੇ ਯੋਗਦਾਨ ਨੂੰ ਸਨਮਾਨ ਦੇਣ ਲਈ ਮਨਾਇਆ ਜਾਂਦਾ ਹੈ।ਉਨ੍ਹਾਂ ਨੇ ਕਿਹਾ ਕਿ ਸਮਾਨਤਾ ਦਾ ਅਰਥ ਸਾਰਿਆਂ ਲਈ ਬਰਾਬਰ ਮੌਕੇ ਮੁਹੱਈਆ ਕਰਵਾਉਣਾ ਹੈ, ਜਦਕਿ ਅਸਲੀ ਨਿਆਂ ਲਈ ਹਰ ਵਿਅਕਤੀ ਨੂੰ ਉਸ ਦੀ ਜ਼ਰੂਰਤ ਮੁਤਾਬਕ ਸਹਾਇਤਾ ਪ੍ਰਦਾਨ ਕਰਨੀ ਲਾਜ਼ਮੀ ਹੁੰਦੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਭਵਿੱਖ ਦੇ ਅਧਿਆਪਕਾਂ ਵਿੱਚ ਸੰਵੇਦਨਸ਼ੀਲਤਾ ਅਤੇ ਸਿੱਖਿਆ ਦੀ ਸੋਚ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ 'ਤੇ ਮੁੱਖ ਵਕਤਾ ਡਾ. ਮਨਜੀਤ ਕੌਰ, ਪ੍ਰਿੰਸੀਪਲ ਜੇ.ਡੀ. ਕਾਲਜ ਆਫ ਐਜੂਕੇਸ਼ਨ, ਮੁਕਤਸਰ ਸਾਹਿਬ ਨੇ ਪ੍ਰੇਰਣਾਦਾਇਕ ਭਾਸ਼ਣ ਦਿੱਤਾ। ਉਨ੍ਹਾਂ ਨੇ ਮਹਿਲਾ ਸਸ਼ਕਤੀਕਰਨ ਅਤੇ ਸ਼ਖ਼ਸੀਅਤ ਵਿਕਾਸ 'ਤੇ ਵਿਸਥਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਮਹਿਲਾਵਾਂ ਸਮਾਜ ਵਿੱਚ ਇੱਕ ਜ਼ਿੰਮੇਵਾਰ ਧੀ, ਪਤਨੀ, ਮਾਂ ਅਤੇ ਨਾਗਰਿਕ ਵਜੋਂ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਨੈਤਿਕ ਕਦਰਾਂ ਕੀਮਤਾਂ ਨੂੰ ਮਜ਼ਬੂਤ ਸ਼ਖਸੀਅਤ ਦੀ ਨੀਂਹ ਦੱਸਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚਰਿੱਤਰ ਨਿਰਮਾਣ ਅਤੇ ਨੈਤਿਕ ਸਫਲਤਾ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਨੈਤਿਕ ਸਫਲਤਾ ਹੀ ਅਸਲ ਵਿੱਚ ਜ਼ਿੰਦਗੀ ਦੀ ਸਫਲਤਾ ਦਾ ਅਧਾਰ ਹੁੰਦੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਪਰਿਵਾਰਕ ਮਹੱਤਤਾ 'ਤੇ ਵੀ ਜ਼ੋਰ ਦਿੰਦਿਆਂ ਕਿਹਾ ਕਿ ਮਾਪੇ ਅਨਮੋਲ ਹਨ ਅਤੇ ਉਨ੍ਹਾਂ ਨੂੰ ਸਮਾਂ, ਸਤਿਕਾਰ ਅਤੇ ਦੇਖਭਾਲ ਦੇਣੀ ਹਰ ਇਕ ਦੀ ਜ਼ਿੰਮੇਵਾਰੀ ਹੈ। ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਜਾਣਕਾਰੀ ਵਾਲਾ ਤੇ ਪ੍ਰੇਰਣਾਮਈ ਸਾਬਤ ਹੋਇਆ, ਖ਼ਾਸ ਤੌਰ 'ਤੇ ਉਹਨਾਂ ਲਈ ਜੋ ਭਵਿੱਖ ਵਿੱਚ ਅਧਿਆਪਕ ਬਣਨ ਦੀ ਤਿਆਰੀ ਕਰ ਰਹੇ ਹਨ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਇੱਕ ਸਿਹਤਮੰਦ ਸਮਾਜ ਦੇ ਨਿਰਮਾਣ ਵੱਲ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਡਾ. ਜਸਵੀਰ ਕੌਰ ਧੰਨਵਾਦ ਦੀ ਰਸਮ ਕੀਤੀ ਗਈ। ਉਨ੍ਹਾਂ ਨੇ ਮੁੱਖ ਵਕਤਾ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਪ੍ਰੋਗਰਾਮ ਦੀ ਸਫਲਤਾ 'ਤੇ ਸੰਤੁਸ਼ਟੀ ਜਤਾਈ। ਇਹ ਪ੍ਰੋਗਰਾਮ ਵਿਭਾਗ ਮੁਖੀ ਡਾ. ਰਸ਼ਿਮ ਵਾਧਵਾ ਦੀ ਰਹਿਨੁਮਾਈ ਹੇਠ ਮਿਸਟਰ ਮੁਦਾਸਿਰ ਅਮੀਨ ਅਤੇ ਡਾ. ਜਸਵੀਰ ਕੌਰ ਦੇ ਸਹਿਯੋਗ ਨਾਲ ਸੁਚੱਜੇ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਨੇ ਹਾਜ਼ਰੀਨ ਨੂੰ ਸਿੱਖਿਆ ਅਤੇ ਸਮਾਜ ਵਿੱਚ ਸਮਾਨਤਾ, ਮਰਿਆਦਾ ਅਤੇ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਤੇਗ ਬਹਾਦਰ ਜੀ ਆਸਰਾ ਸੇਵਾ ਟਰਸਟ ਵੱਲੋਂ ਜੇਤੂ ਕਬੱਡੀ ਟੀਮ ਨੂੰ ਸਪੋਰਟਸ ਕਿੱਟਾਂ ਤੇ ਲੋੜਵੰਦਾਂ ਨੂੰ ਸਹਾਇਤਾ ਸਮਾਨ ਵੰਡਿਆ



**ਜੰਡਿਆਲਾ ਗੁਰੂ, 6 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਖਲਚੀਆਂ ਵਿੱਚ ਸਮਾਜ ਸੇਵਾ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਗੁਰੂ ਤੇਗ ਬਹਾਦਰ ਆਸਰਾ ਸੇਵਾ ਟਰਸਟ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਹ ਪ੍ਰੋਗਰਾਮ ਟਰਸਟ ਦੇ ਚੇਅਰਮੈਨ ਸਵਰਨਜੀਤ ਸਿੰਘ ਸੰਧੂ ਦੇ ਗ੍ਰਹਿ ਵਿਖੇ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਟੂਰਨਾਮੈਂਟ ਵਿੱਚ ਜੇਤੂ ਰਹੀ ਖਲਚੀਆਂ ਦੀ ਲੜਕੀਆਂ ਦੀ ਕਬੱਡੀ ਟੀਮ ਨੂੰ ਸਪੋਰਟਸ ਕਿੱਟਾਂ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਟਰਸਟ ਵੱਲੋਂ ਲੋੜਵੰਦ ਪਰਿਵਾਰਾਂ, ਵਿਧਵਾ ਔਰਤਾਂ ਅਤੇ ਬੇਸਹਾਰਾ ਲੋਕਾਂ ਨੂੰ ਰਸੋਈ ਲਈ ਲੋੜੀਂਦਾ ਸਮਾਨ ਮੁਫ਼ਤ ਵੰਡਿਆ ਗਿਆ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਐਸ.ਡੀ.ਐਮ ਦਫ਼ਤਰ ਸ੍ਰੀ ਬਾਬਾ ਬਕਾਲਾ ਸਾਹਿਬ ਦੀ ਰੀਡਰ ਮੈਡਮ ਕੰਵਲਜੀਤ ਕੌਰ, ਡਾ. ਜਸਵਿੰਦਰ ਕੌਰ ਅਤੇ ਰਿਟਾਇਰਡ ਚੀਫ਼ ਇੰਜੀਨੀਅਰ ਕੁਲਦੀਪ ਸਿੰਘ ਹਾਜ਼ਰ ਰਹੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡਮ ਕੰਵਲਜੀਤ ਕੌਰ ਨੇ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢ ਕੇ ਲੋੜਵੰਦਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਅਤੇ ਸਾਂਝ ਮਜ਼ਬੂਤ ਹੁੰਦੀ ਹੈ।ਟਰਸਟ ਦੇ ਚੇਅਰਮੈਨ ਸਵਰਨਜੀਤ ਸਿੰਘ ਸੰਧੂ ਨੇ ਦੱਸਿਆ ਕਿ ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਮੁਫ਼ਤ ਰਾਸ਼ਨ ਵੰਡਣ ਦੀ ਮੁਹਿੰਮ ਜਾਰੀ ਰਹੇਗੀ।ਉਨ੍ਹਾਂ ਕਬੱਡੀ ਦੀ ਜੇਤੂ ਟੀਮ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਖਿਡਾਰੀਆਂ ਨੂੰ ਕਿੱਟਾਂ ਦੇ ਨਾਲ ਨਕਦ ਇਨਾਮ ਵੀ ਦਿੱਤੇ ਜਾਣਗੇ। ਉਨ੍ਹਾਂ ਹੋਰ ਕਿਹਾ ਕਿ ਟਰਸਟ ਦਾ ਮਕਸਦ ਪਿੰਡ ਪੱਧਰ 'ਤੇ ਖੇਡਾਂ ਨੂੰ ਪ੍ਰਮੋਟ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ। ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਹੈ ਅਤੇ ਹਰ ਕਿਸੇ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਐਡਵੋਕੇਟ ਪਰਵੀਨਪਾਲ ਸਿੰਘ ਭਲਾਈਪੁਰ, ਜਗੀਰ ਸਿੰਘ ਭਲਾਈਪੁਰ, ਗੁਰਪ੍ਰੀਤ ਸਿੰਘ, ਡਾ. ਬਲਦੇਵ ਸਿੰਘ ਬਿੱਲਾ, ਡਾ. ਰਾਜ ਕੁਮਾਰ, ਹਰਪਾਲ ਸਿੰਘ ਭਾਲਾ, ਪ੍ਰਭਦੀਪ ਸਿੰਘ, ਸੁਖਦੇਵ ਸਿੰਘ, ਜਸਪਾਲ ਸਿੰਘ, ਗੁਰਜਿੰਦਰ ਸਿੰਘ, ਤਰਸੇਮ ਸਿੰਘ, ਬਲਵਿੰਦਰ ਸਿੰਘ, ਧਰਮ ਸਿੰਘ ਸਮੇਤ ਸਾਰੇ ਸਾਬਕਾ ਸੈਨਿਕ ਵੀਰ ਅਤੇ ਕਰਨਦੀਪ ਸੰਧੂ, ਤਰੁਨਦੀਪ ਸੰਧੂ, ਜਗਦੀਪ ਸਿੰਘ ਸੰਧੂ, ਗੌਤਮ, ਗੁਰਪ੍ਰੀਤ ਸਿੰਘ ਸੰਧੂ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮਜੂਦਾ ਸਮੇ ਵਿਚ ਖੂਨ ਦਾਨ ਦੇ ਨਾਲ ਨਾਲ ਅੰਗ ਦਾਨ ਮੁਹਿੰਮ ਵਿਚ ਵਧ ਚੜ੍ਹਕੇ ਹਿੱਸਾ ਹਿੱਸਾ ਲੈਣ



ਨੌਜਵਾਨ ਭੈਣੋ, ਨੌਜਵਾਨ ਸਾਥਿਓ

ਅੱਜ ਮੈਂ ਤੁਹਾਡੇ ਸਾਹਮਣੇ ਕੋਈ ਵੱਡੀ ਗੱਲ ਕਰਨ ਨਹੀਂ ਆਇਆ, ਸਿਰਫ਼ ਆਪਣੀ ਜ਼ਿੰਦਗੀ ਦੀ ਇੱਕ ਛੋਟੀ ਜਿਹੀ ਯਾਦ ਸਾਂਝੀ ਕਰਨ ਆਇਆ ਹਾਂ।

ਲਗਭਗ 50 ਸਾਲ ਪਹਿਲਾਂ, ਜਦੋਂ ਮੈਂ Government Medical College Patiala ਵਿੱਚ ਪੜ੍ਹਦਾ ਸੀ ਮੈਂ ਆਪਣੇ ਕਾਲਜ ਦੇ ਸਾਥੀ ਵਿਦਿਆਰਥੀਆਂ ਨਾਲ ਮਸੂਰੀ ਵਿਖੇ ਘੁੰਮਣ ਫਿਰਨ ਕਿਹਾ ਹੋਇਆ ਸੀ ਕਿ ਉੱਥੇ ਇੱਕ ਭਿਆਨਕ ਐਕਸੀਡੈਂਟ ਹੋ ਗਿਆ ਜਿਸ ਵਿੱਚ ਖ਼ੂਨ ਦੀ ਅਤਿਅੰਤ ਜਰੂਰ ਸੀ ਮੈਂ ਪਹਿਲੀ ਵਾਰ ਦੋ ਯੂਨਿਟਾਂ ਹੋਣ ਦੀਆਂ ਦਿੱਤੀਆਂ ਜਿਸ ਨਾਲ ਮੈਨੂੰ ਬਹੁਤ ਸੰਤੁਸ਼ਟੀ ਹੋਈ ਮੈਨੂੰ ਉਦੋਂ ਵੀ ਬਹੁਤ ਜਿਆਦਾ ਖੁਸ਼ੀ ਹੋਈ ਜਦੋਂ ਜਿਸ ਬੰਦੇ ਨੂੰ ਖ਼ੂਨ ਨਾਲ ਜ਼ਿੰਦਗੀ ਮਿਲ ਗਈ ਸੀ ਉਸ ਦੇ ਪਰਿਵਾਰਕ ਮੈਂਬਰਾਂ ਨੇ ਸਾਡੇ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਨੂੰ ਇੱਕ ਧੰਨਵਾਦ ਦੀ ਚਿੱਠੀ ਲਿਖੀ ਅਤੇ ਉਸਨੇ ਮੈਨੂੰ ਆਪਣੇ ਦਫਤਰ ਵਿੱਚ ਬੁਲਾ ਕੇ ਸ਼ਾਬਾਸ਼ ਦਿੱਤੀ ਅਤੇ ਸਲਾਨਾ ਸਮਾਗਮ ਵਿੱਚ ਮੈਨੂੰ ਸਨਮਾਨਿਤ ਵੀ ਕੀਤਾ ਗਿਆ,ਉਦੋਂ ਤੋਂ ਹੀ ਮੈਨੂੰ ਖ਼ੂਨਦਾਨ ਕਰਨ ਦੀ ਚੇਟਕ ਲੱਗੀ ਹੋਈ ਹੈ ਅੱਜ ਮੈਨੂੰ ਆਪਣੇ ਪਿੰਡ ਸ਼ੇਰਪੁਰ ਵਿੱਚ ਲੱਗੇ ਖ਼ੂਨ ਦਾਨ ਕੈਂਪ ਵਿੱਚ ਜਾਣ ਦਾ ਮੌਕਾ ਮਿਲਿਆ। ਉੱਥੇ ਮੈਂ ਵੇਖਿਆ ਕਿ ਨੌਜਵਾਨ ਬੜੀ ਖੁਸ਼ੀ ਨਾਲ, ਬਿਨਾ ਕਿਸੇ ਲਾਲਚ ਦੇ, ਆਪਣੇ ਖ਼ੂਨ ਦਾ ਦਾਨ ਕਰ ਰਹੇ ਸਨ।

ਉਸ ਦਿਨ ਮੈਂ ਵੀ ਖ਼ੂਨ ਦਾਨ ਕੀਤਾ
ਪਰ ਸੱਚ ਪੁੱਛੋ ਤਾਂ ਮੈਂ ਖ਼ੂਨ ਨਹੀਂ ਦਿੱਤਾ—ਮੈਂ ਕਿਸੇ ਦੀ ਜ਼ਿੰਦਗੀ ਵਿੱਚ ਉਮੀਦ ਦਾ ਦੀਵਾ ਜਗਾਇਆ ਸੀ।
ਉਸ ਪਲ ਦੀ ਖੁਸ਼ੀ ਅੱਜ ਵੀ ਮੇਰੇ ਦਿਲ ਵਿੱਚ ਵੱਸਦੀ ਹੈ।
ਸਾਥਿਓ, ਖ਼ੂਨ ਦਾਨ ਸਿਰਫ਼ ਇੱਕ ਕਾਰਜ ਨਹੀਂ—ਇਹ ਮਨੁੱਖਤਾ ਦਾ ਸਭ ਤੋਂ ਉੱਚਾ ਦਰਜਾ ਹੈ।
ਇਹ ਸਾਨੂੰ ਸਿਖਾਉਂਦਾ ਹੈ ਕਿ ਅਸੀਂ ਇੱਕ ਦੂਜੇ ਨਾਲ ਕਿੰਨੇ ਜੁੜੇ ਹੋਏ ਹਾਂ।
ਪਰ ਅੱਜ ਮੈਂ ਇੱਕ ਹੋਰ ਵੱਡੀ ਗੱਲ ਕਰਨਾ ਚਾਹੁੰਦਾ ਹਾਂ
ਅੰਗ ਦਾਨ (Organ Donation)

ਅੱਜ ਵੀ ਕਈ ਲੋਕ ਅੰਗਾਂ ਦੀ ਕਮੀ ਕਾਰਨ ਆਪਣੀ ਜ਼ਿੰਦਗੀ ਹਾਰ ਜਾਂਦੇ ਹਨ। ਜਦੋਂ ਕਿ ਇੱਕ ਮਨੁੱਖ ਆਪਣੇ ਅੰਗ ਦਾਨ ਕਰਕੇ 8 ਲੋਕਾਂ ਦੀ ਜ਼ਿੰਦਗੀ ਬਚਾ ਸਕਦਾ ਹੈ। ਇਸ ਮਹਾਨ ਮਿਸ਼ਨ ਨੂੰ ਦੇਸ਼ ਵਿੱਚ ਅੱਗੇ ਵਧਾਉਣ ਲਈ NOTTO ਵਰਗੀਆਂ ਸੰਸਥਾਵਾਂ ਕੰਮ ਕਰ ਰਹੀਆਂ ਹਨ।

ਸੋਚੋ
ਜੇ ਅਸੀਂ ਆਪਣੀ ਮੌਤ ਤੋਂ ਬਾਅਦ ਵੀ ਕਿਸੇ ਦੇ ਦਿਲ ਵਿੱਚ ਧੜਕ ਸਕੀਏ,
ਕਿਸੇ ਦੀਆਂ ਅੱਖਾਂ ਨਾਲ ਦੁਨੀਆ ਦੇਖ ਸਕੀਏ,
ਕਿਸੇ ਦੇ ਸਰੀਰ ਵਿੱਚ ਜ਼ਿੰਦਗੀ ਵਾਂਗ ਵਹਿ ਸਕੀਏ—
ਇਸ ਤੋਂ ਵੱਡੀ ਸੇਵਾ ਹੋਰ ਕੀ ਹੋ ਸਕਦੀ ਹੈ?
ਨੌਜਵਾਨੋ, ਇਹ ਸਮਾਂ ਹੈ ਅੱਗੇ ਆਉਣ ਦਾ।
ਜਿਵੇਂ ਤੁਸੀਂ ਖ਼ੂਨ ਦਾਨ ਵਿੱਚ ਅੱਗੇ ਆਏ ਹੋ, ਉਸੇ ਤਰ੍ਹਾਂ ਅੰਗ ਦਾਨ ਲਈ ਵੀ ਸੰਕਲਪ ਕਰੋ।
ਆਓ ਅਸੀਂ ਸਭ ਮਿਲ ਕੇ ਇਹ ਵਾਅਦਾ ਕਰੀਏ:
ਅਸੀਂ ਖ਼ੂਨ ਦਾਨ ਕਰਾਂਗੇ
ਅਸੀਂ ਅੰਗ ਦਾਨ ਦਾ ਸੰਕਲਪ ਲਵਾਂਗੇ
ਅਸੀਂ ਹੋਰਾਂ ਨੂੰ ਵੀ ਇਸ ਲਈ ਪ੍ਰੇਰਿਤ ਕਰਾਂਗੇ
ਅੰਤ ਵਿੱਚ ਮੈਂ ਸਿਰਫ਼ ਇਹ ਕਹਿਣਾ ਚਾਹੁੰਦਾ ਹਾਂ:
"ਜ਼ਿੰਦਗੀ ਸਿਰਫ਼ ਆਪਣੇ ਲਈ ਨਹੀਂ ਜੀਉਣੀ,
ਜ਼ਿੰਦਗੀ ਤਾਂ ਉਸ ਵੇਲੇ ਕਾਮਯਾਬ ਹੁੰਦੀ ਹੈ,
ਜਦੋਂ ਅਸੀਂ ਕਿਸੇ ਹੋਰ ਦੀ ਜ਼ਿੰਦਗੀ ਬਣੀਏ।"
ਧੰਨਵਾਦ ਜੀ
ਜੈ ਭੀਮ ਨਮੋ ਬੁੱਧਾਏ

**-ਡਾਕਟਰ ਜਗਜੀਵਨ ਸਿੰਘ ਸ਼ੇਰਪੁਰ**

ਆਵਾਜ਼ਿ ਕੌਮ AWAZE QAUM International Newspaper & WEB TV

## ਬੇਅਦਬੀਆਂ ਸਬੰਧੀ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਨੇ ਪੰਥਕ ਜਥੇਬੰਦੀਆਂ ਨਾਲ ਕੀਤੀ ਇਕੱਤਰਤਾ

# ਸਰਕਾਰ ਦੁਆਰਾ ਕਾਨੂੰਨ ਬਨਾਉਣ ਤੋਂ ਪਹਿਲਾਂ ਪੰਥਕ ਵਿਚਾਰਾਂ ਦੀ ਤਰਜ਼ਮਾਨੀ ਨੂੰ ਯਕੀਨੀ ਬਨਾਉਣ ਸਬੰਧੀ ਮਤਾ ਪਾਸ



**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਸਬੰਧੀ ਸਰਕਾਰ ਵੱਲੋਂ ਕਾਨੂੰਨ ਬਨਾਉਣ ਨੂੰ ਲੈ ਕੇ ਸੱਦੀ ਪੰਥਕ ਇਕੱਤਰਤਾ 'ਚ ਅੱਜ ਸਮੁੱਚੀਆਂ ਸਿੱਖ ਜਥੇਬੰਦੀਆਂ ਨੇ ਇਕਸੁਰ ਹੋ ਕੇ ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜਾਗਤ ਜੋਤਿ ਗੁਰਆਈ, ਸਤਿਕਾਰ, ਪ੍ਰੰਪਰਾ, ਵਿਲੱਖਣਤਾ ਦੇ ਮੱਦੇਨਜ਼ਰ ਕਾਨੂੰਨ ਬਨਾਉਣ ਤੋਂ ਪਹਿਲਾਂ ਪੰਥਕ ਭਾਵਨਾਵਾਂ ਦੀ ਤਰਜ਼ਮਾਨੀ ਨੂੰ ਯਕੀਨੀ ਬਨਾਉਣ ਲਈ ਆਖਿਆ। ਇਹ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ,

ਆਵਾਜ਼ਿ ਕੌਮ AWAZE QAUM International Newspaper & WEB TV

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕਾਰਜਕਾਰੀ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਪੰਥ ਅਕਾਲੀ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਜੋਗਾ ਸਿੰਘ ਬਾਬਾ ਬਕਾਲਾ ਸਾਹਿਬ, ਬਾਬਾ ਸੇਵਾ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲੇ, ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਚੇਅਰਮੈਨ ਸ. ਵਿਜੈਸਤਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਭਾਈ ਗਗਨਦੀਪ ਸਿੰਘ ਸਮੇਤ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ, ਨਿਹੰਗ ਸਿੰਘ ਦਲ, ਕਾਰ ਸੇਵਾ ਵਾਲੇ ਮਹਾਂਪੁਰਸ਼, ਸਟੱਡੀ ਸਰਕਲ, ਸਿੱਖ ਮਿਸ਼ਨਰੀ ਕਾਲਜ, ਉਦਾਸੀ, ਨਿਰਮਲੇ ਤੇ ਸੇਵਾ ਪੰਥੀ ਸੰਪ੍ਰਦਾਵਾਂ ਦੇ ਮੁਖੀਆਂ ਨੇ ਵਿਸ਼ਾਲ ਰੂਪ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਮਸਲਿਆਂ ਸਬੰਧੀ ਕੋਈ ਵੀ ਕਾਰਜ ਕਰਨ ਸਮੇਂ ਸਰਕਾਰਾਂ ਸਿੱਖ ਸੰਸਥਾਵਾਂ ਤੇ ਜਥੇਬੰਦੀਆਂ ਦੀ ਰਾਏ ਜ਼ਰੂਰ ਲੈਣ। ਜੇਕਰ ਸਰਕਾਰਾਂ ਆਪਣੀ ਮਨਮਰਜ਼ੀ ਨਾਲ ਸਿੱਖ ਮਸਲਿਆਂ ਸਬੰਧੀ ਕਾਰਵਾਈ ਕਰਨਗੀਆਂ ਤਾਂ ਇਹ ਅਧੂਰੀ ਸਾਬਤ ਹੋਵੇਗੀ। ਇਸ ਮੌਕੇ ਬਹੁਗਿਣਤੀ ਬੁਲਾਰਿਆਂ ਵੱਲੋਂ ਇਹ ਵਿਚਾਰ ਪ੍ਰਮੁੱਖ ਤੌਰ 'ਤੇ ਸਾਹਮਣੇ ਆਇਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਕੌਮ ਲਈ ਅਤਿ ਗੰਭੀਰ ਅਤੇ ਚਿੰਤਾਮਈ ਹਨ, ਜਿਸ ਪ੍ਰਤੀ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਤਾਂ ਹੋਣਾ ਚਾਹੀਦਾ ਹੈ, ਪ੍ਰੰਤੂ ਇਹ ਸਰਕਾਰੀ ਪੱਧਰ 'ਤੇ ਮਨਮਰਜ਼ੀ ਨਾਲ ਬਣਾਏ ਜਾਣ ਵਾਲੇ ਕਾਨੂੰਨ ਦੁਆਰਾ ਸੰਭਵ ਨਹੀਂ ਹੈ। ਕਿਉਂਕਿ ਇਸ ਮਾਮਲੇ 'ਤੇ ਕਾਨੂੰਨ ਸਿੱਖ ਵਿਚਾਰਧਾਰਾ ਦੀ ਸੇਧ ਵਿਚ ਹੋਣਾ ਚਾਹੀਦਾ ਹੈ, ਜਿਸ ਲਈ ਪੰਥਕ ਰਾਏ ਤੋਂ ਬਿਨਾਂ ਇਹ ਮੁਕੰਮਲ ਨਹੀਂ ਮੰਨਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਨੂੰ ਰੋਕਣ ਲਈ ਤਜਵੀਜ਼ਤ ਕਾਨੂੰਨ ਵਿਚ ਸਪੱਸ਼ਟਤਾ ਅਤਿ ਲੋੜੀਂਦੀ ਹੈ, ਤਾਂ ਜੋ ਇਸ ਦੀ ਦੁਰਵਰਤੋਂ ਦੀ ਸੰਭਾਵਨਾ ਨਾ ਰਹੇ। ਬੁਲਾਰਿਆਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅੱਜ ਸਾਨੂੰ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੇ ਸਵਾਲ ਤੋਂ ਪਹਿਲਾਂ ਇਸ ਗੱਲ 'ਤੇ ਵੀ ਮੰਥਨ ਜ਼ਰੂਰੀ ਹੈ ਕਿ ਬੇਅਦਬੀ ਦੀਆਂ ਘਟਨਾਵਾਂ ਕਿਉਂ ਵਾਪਰ ਰਹੀਆਂ ਹਨ ਅਤੇ ਸਰਕਾਰਾਂ ਇਸ ਪ੍ਰਤੀ ਅਵੇਸਲੀਆਂ ਕਿਉਂ ਹਨ। ਇਕੱਤਰਤਾ ਮੌਕੇ ਬੁਲਾਰਿਆਂ ਦੇ ਵਿਚਾਰ ਜਾਣਨ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਕ ਵਿਸ਼ੇਸ਼ ਮਤਾ ਪੇਸ਼ ਕੀਤਾ, ਜਿਸ ਨੂੰ ਹਾਜ਼ਰੀਨ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ। ਪੰਥਕ ਇਕੱਠ ਵੱਲੋਂ ਪ੍ਰਵਾਨ ਕੀਤੇ ਗਏ ਇਸ ਮਤੇ ਵਿਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਕਿ ਸਿੱਖਾਂ ਲਈ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਾਜਰ ਨਾਜਰ, ਜਾਗਤ ਜੋਤਿ, ਚਵਰ ਛਤਰ ਤਖ਼ਤ ਦੇ ਮਾਲਿਕ ਗੁਰੂ ਪਾਤਸ਼ਾਹ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਸੁਭਾਇਮਾਨ ਪਾਵਨ ਗੁਰਬਾਣੀ ਕੇਵਲ ਇਕ ਮਾਰਗ ਦਰਸ਼ਨ ਨਾ ਹੋ ਕੇ ਸਾਖ਼ਸ਼ਾਤ ਅਤੇ ਪ੍ਰਤੱਖ ਰੂਪ 'ਚ ਗੁਰੂ ਦਾ ਦਰਜਾ ਰੱਖਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਹ ਵਿਲੱਖਣਤਾ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਜੋਤੀ ਜੋਤਿ ਸਮਾਉਣ ਤੋਂ ਪਹਿਲਾਂ ਸਿੱਖਾਂ ਨੂੰ ਖ਼ੁਦ ਕੀਤੇ ਆਦੇਸ਼ ਕਰਕੇ ਹੈ। ਇਸ ਦੇ ਮੱਦੇਨਜ਼ਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਚਿੰਤਾਜਨਕ ਹੋਣ ਦੇ ਨਾਲ-ਨਾਲ ਸਿੱਖ ਕੌਮ ਦੇ ਹਿਰਦੇ ਵਲੂੰਦਰਨ ਵਾਲੀਆਂ ਹਨ ਅਤੇ ਇਨ੍ਹਾਂ 'ਤੇ ਰੋਕ ਲੱਗਣੀ ਬੇਹੱਦ ਲਾਜ਼ਮੀ ਹੈ। ਭਾਵੇਂ ਲੰਘੇ ਸਮੇਂ ਵੱਖ-ਵੱਖ ਸਰਕਾਰਾਂ ਨੇ ਕੌਮ ਦੀ ਮੰਗ ਨੂੰ ਮੁੱਖ ਰੱਖਦਿਆਂ ਇਸ ਮਾਮਲੇ 'ਤੇ ਕਾਨੂੰਨੀ ਵਿਵਸਥਾ ਕਰਨ ਦਾ ਯਤਨ ਕੀਤਾ, ਲੇਕਿਨ ਇਸ ਵਿਚ ਕੋਈ ਠੋਸ ਅਤੇ ਸਿੱਟਾਮੁਖੀ ਪ੍ਰਾਪਤੀ ਸਾਹਮਣੇ ਨਹੀਂ ਆ ਸਕੀ। ਮੌਜੂਦਾ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਕਾਨੂੰਨ ਬਨਾਉਣ ਦੀ ਪ੍ਰਕਿਰਿਆ ਬੇਸ਼ੱਕ ਚੰਗੀ ਗੱਲ ਹੈ ਲੇਕਿਨ ਇਹ ਕੇਵਲ ਇਕ ਸਰਕਾਰੀ ਪਹੁੰਚ ਤੱਕ ਹੀ ਸੀਮਤ ਰਹਿ ਗਈ ਹੈ, ਜਦਕਿ ਇਸ ਵਿੱਚੋਂ ਪੰਥਕ ਵਿਚਾਰ ਅਤੇ ਸੁਝਾਅ ਬਿਲਕੁਲ ਮਨਫ਼ੀ ਹਨ। ਮਤੇ ਵਿਚ ਕਿਹਾ ਗਿਆ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਨੁਮਾਇੰਦਾ ਅਤੇ ਜਵਾਬਦੇਹ ਸੰਸਥਾ ਹੈ, ਇਸ ਲਈ ਇਸ ਦੀ ਜ਼ੁੰਮੇਵਾਰੀ ਹੈ ਕਿ ਉਹ ਹਰ ਪੰਥਕ ਮਾਮਲੇ 'ਤੇ ਕੌਮ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਕਰੇ ਇਸ ਲਈ ਪੰਥਕ ਇਕੱਠ ਮਹਿਸੂਸ ਕਰਦਾ ਹੈ ਕਿ ਸਮੁੱਚੇ ਪੰਥ ਦੀ ਰਾਏ ਸ਼੍ਰੋਮਣੀ ਕਮੇਟੀ ਰਾਹੀਂ ਸਰਕਾਰ ਤੱਕ ਪਹੁੰਚੇ ਅਤੇ ਇਹ ਜ਼ਰੂਰੀ ਵੀ ਹੈ ਕਿਉਂਕਿ ਬਣਾਇਆ ਜਾਣ ਵਾਲਾ ਕਾਨੂੰਨ ਨਾ ਕੇਵਲ ਇਕ ਆਮ ਕਾਨੂੰਨ ਹੈ, ਸਗੋਂ ਇਹ ਪੰਥ ਦੀ ਵੱਡੀ ਚਿੰਤਾ ਵਿੱਚੋਂ ਪੈਦਾ ਹੋਇਆ ਇਕ ਜਾਬਤਾ ਹੈ। ਜੇਕਰ ਇਸ ਵਿਚ ਪੰਥਕ ਭਾਵਨਾ ਸ਼ਾਮਲ ਨਹੀਂ ਰਹੇਗੀ ਤਾਂ ਇਹ ਸਿੱਟਾਮੁਖੀ ਨਤੀਜੇ ਨਹੀਂ ਦੇ ਸਕੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਬਣਾਇਆ ਜਾਣ ਵਾਲਾ ਕਾਨੂੰਨ ਕੇਵਲ ਇਕ ਸਿਆਸੀ ਟੂਲ ਨਹੀਂ ਹੋਣਾ ਚਾਹੀਦਾ, ਸਗੋਂ ਇਹ ਇਕ ਪ੍ਰਤੀਬਧਤਾ ਅਤੇ ਸਮਰਪਣ ਦੀ ਸੇਧ ਵਿਚ ਅਜਿਹੇ ਜਾਬਤੇ ਦੀ ਵਿਉਂਤਬੰਦੀ ਹੋਣਾ ਚਾਹੀਦਾ ਹੈ ਜਿਹੜੀ ਧਰਮ ਦੀਆਂ ਕਦਰਾਂ-ਕੀਮਤਾਂ ਦੀ ਰਖਵਾਲੀ, ਸ਼ਰਧਾ ਅਤੇ ਵਿਸ਼ਵਾਸ ਦੇ ਟਿਕਾਊ ਪ੍ਰਬੰਧ ਦੀ ਤਰਜ਼ਮਾਨੀ ਦੇ ਨਾਲ-ਨਾਲ ਸਿੱਖ ਕੌਮ ਦੇ ਅਗੰਮੀ ਅਤੇ ਦੈਵੀ ਸਿਧਾਂਤਾਂ ਪ੍ਰਤੀ ਵੀ ਵਚਨਬਧ ਹੋਵੇ। ਇਹ ਤਾਂ ਹੀ ਸੰਭਵ ਹੈ ਜੇਕਰ ਇਸ ਦੀ ਸਥਾਪਨਾ ਵਿਚ ਕੌਮੀ ਵਿਚਾਰ ਅਤੇ ਸੋਚ ਸ਼ਾਮਲ ਹੋਵੇਗੀ। ਪੰਜਾਬ ਸਰਕਾਰ ਇਸ ਅਤਿ ਸੰਜੀਦਾ ਮਾਮਲੇ 'ਤੇ ਆਪਣੀ ਮਨਮਰਜ਼ੀ ਨਾ ਕਰੇ ਅਤੇ ਕਿਸੇ ਵੀ ਤਰ੍ਹਾਂ ਕੌਮੀ ਸਮੁੱਚਤਾ ਦੀ ਰਾਏ ਲਈ ਯਤਨ ਕਰੇ।

ਮਤੇ ਵਿਚ ਮੰਗ ਕੀਤੀ ਗਈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜਾਗਤ ਜੋਤਿ ਗੁਰਆਈ, ਸਤਿਕਾਰ, ਵਿਲੱਖਣਤਾ ਅਤੇ ਕੌਮੀ ਭਾਵਨਾਵਾਂ ਦੇ ਮੱਦੇਨਜ਼ਰ ਸਰਕਾਰ ਨੂੰ ਆਖਦਾ ਹੈ ਕਿ ਕਾਨੂੰਨ ਬਨਾਉਣ ਤੋਂ ਪਹਿਲਾਂ ਇਨ੍ਹਾਂ ਪੰਥਕ ਵਿਚਾਰਾਂ ਦੀ ਤਰਜ਼ਮਾਨੀ ਯਕੀਨੀ ਬਣਾਵੇ। ਇਹ ਵੀ ਕਿਹਾ ਗਿਆ ਕਿ ਸਰਕਾਰ ਕਾਨੂੰਨ ਦਾ ਖਰੜਾ ਸ਼੍ਰੋਮਣੀ ਕਮੇਟੀ ਨੂੰ ਭੇਜੇ, ਜਿਸ 'ਤੇ ਪੰਥਕ ਭਾਵਨਾਵਾਂ ਅਨੁਸਾਰ ਤੁਰੰਤ ਰਾਏ ਵਾਪਸ ਭੇਜੀ ਜਾਵੇਗੀ। ਪੰਥਕ ਇਕੱਤਰਤਾ ਦੌਰਾਨ ਵੱਖ-ਵੱਖ ਸ਼ਖ਼ਸੀਅਤਾਂ ਨੇ ਸੰਬੋਧਨ ਕੀਤਾ, ਜਿਨ੍ਹਾਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਮੁਖੀ ਤਰਨਾ ਦਲ, ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਾ ਦਲ, ਬਾਬਾ ਤੇਜਾ ਸਿੰਘ ਖੁੱਡਾ ਕੁਰਾਲਾ ਨਿਰਮਲੇ, ਡਾ. ਵਿਜੈਸਤਬੀਰ ਸਿੰਘ ਚੇਅਰਮੈਨ ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ, ਸ. ਪੂਰਨ ਸਿੰਘ ਹੁੰਦਲ ਸੀਨੀਅਰ ਐਡਵੋਕੇਟ ਪੰਜਾਬ ਐਂਡ ਹਰਿਆਣਾ ਹਾਈਕੋਰਟ, ਬਾਬਾ ਭਾਗ ਸਿੰਘ ਬੰਗੇ ਵਾਲੇ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਲੱਖਾ ਸਿੰਘ ਨਾਨਕਸਰ ਵਾਲੇ, ਬਾਬਾ ਗੁਰਦਿਆਲ ਸਿੰਘ ਟਾਂਡਾ, ਬਾਬਾ ਅਮੀਰ ਸਿੰਘ ਜਵੱਦੀ ਟਕਸਾਲ, ਬਾਬਾ ਅਜੀਤ ਸਿੰਘ ਜੌਲਾਂਵਾਲੇ, ਮਹੰਤ ਮਨਜੀਤ ਸਿੰਘ ਜੰਮੂ, ਭਾਈ ਕਿਸ਼ਨ ਸਿੰਘ, ਗਿਆਨੀ ਬਲਬੀਰ ਸਿੰਘ ਚੰਗਿਆੜਾ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ, ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ, ਗਿਆਨੀ ਜਸਵੰਤ ਸਿੰਘ ਪਰਵਾਨਾ, ਸ. ਗੁਰਮੀਤ ਸਿੰਘ ਸਟੱਡੀ ਸਰਕਲ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਤਲਵਿੰਦਰ ਸਿੰਘ ਸਮਾਣਾ ਮੋਰਚਾ, ਸ. ਲਖਬੀਰ ਸਿੰਘ ਫਡਰੇਸ਼ਨ ਮਹਿਤਾ, ਬੀਬੀ ਕਿਰਨਜੋਤ ਕੌਰ, ਭਾਈ ਕੰਵਰਚੜ੍ਹਤ ਸਿੰਘ, ਡਾ. ਪਰਮਵੀਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਅਮਰਜੀਤ ਸਿੰਘ, ਡਾ. ਕੇਹਰ ਸਿੰਘ, ਸ. ਮਨਜੀਤ ਸਿੰਘ ਰੰਧਾਵਾ ਸ਼ਾਮਲ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਪਣੇ ਸੰਬੋਧਨ ਵਿਚ ਬੇਅਦਬੀਆਂ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਵਿਵਸਥਾ ਦੀ ਲੋੜ ਦੇ ਨਾਲ-ਨਾਲ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਿੱਖ ਧਰਮ ਦੇ ਮਾਮਲਿਆਂ ਵਿਚ ਸਰਕਾਰ ਨੂੰ ਕੋਈ ਵੀ ਕਾਨੂੰਨ ਸਮੁੱਚੀਆਂ ਪੰਥਕ ਧਿਰਾਂ ਦੀ ਰਾਏ ਅਤੇ ਸ਼੍ਰੋਮਣੀ ਕਮੇਟੀ ਦੀ ਸਲਾਹ ਦੇ ਨਾਲ ਹੀ ਹੋਂਦ ਵਿਚ ਲਿਆਉਣਾ ਚਾਹੀਦਾ ਹੈ। ਜੇਕਰ ਸਰਕਾਰ ਸਮੂਹਕ ਪੰਥਕ ਰਾਏ ਤੋਂ ਬਿਨਾਂ ਕੁਝ ਵੀ ਕਰਦੀ ਹੈ ਤਾਂ ਉਹ ਮਨਜ਼ੂਰ ਨਹੀਂ ਹੋਵੇਗਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਬਲਵਿੰਦਰ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਗਿਆਨੀ ਰਾਜਦੀਪ ਸਿੰਘ, ਭਾਈ ਬਲਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮੁੱਖ ਸਿੰਘ, ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ, ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਵੱਲੋਂ ਬਾਬਾ ਮਹਿੰਦਰ ਸਿੰਘ, ਗਿਆਨੀ ਜਸਵੰਤ ਸਿੰਘ ਕਥਾਵਾਚਕ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਮਨਮੋਹਨ ਸਿੰਘ ਬਾਰਨਵਾਲੇ, ਭਾਈ ਸੁਖਵਿੰਦਰ ਸਿੰਘ ਅਗਵਾਨ ਗੁਰਦੁਆਰਾ ਯਾਦਗਾਰ ਸ਼ਹੀਦਾਂ, ਸ. ਤਲਵਿੰਦਰ ਸਿੰਘ ਬੁੱਟਰ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਰਜੀਤ ਸਿੰਘ ਤੁਗਲਵਾਲ, ਬੀਬੀ ਹਰਜਿੰਦਰ ਕੌਰ, ਸ. ਜੰਗ ਬਹਾਦਰ ਸਿੰਘ ਰਾਏ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਬਲਬੀਰ ਸਿੰਘ ਘੁੰਨਸ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਗੁਰਮੀਤ ਸਿੰਘ ਬੂਹ, ਸ. ਗੁਰਨਾਮ ਸਿੰਘ ਜੱਸਲ, ਸ. ਜਸਮੇਰ ਸਿੰਘ ਲਾਛੜੂ, ਬਾਬਾ ਬੂਟਾ ਸਿੰਘ, ਸ. ਗੁਰਬਖ਼ਸ਼ ਸਿੰਘ ਖਾਲਸਾ, ਬੀਬੀ ਕਿਰਨਜੋਤ ਕੌਰ, ਬੀਬੀ ਹਰਜਿੰਦਰ ਕੌਰ, ਬੀਬੀ ਨਰਿੰਦਰ ਕੌਰ, ਸ. ਅਵਤਾਰ ਸਿੰਘ ਰਿਆ, ਭਾਈ ਮਨਜੀਤ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਰਵਰਸ਼ ਸਿੰਘ ਪੰਨੂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਦੀਪ ਕੌਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਹਰਿਆਣਾ ਕਮੇਟੀ ਦੇ ਮੈਂਬਰ ਭਾਈ ਬਿੰਦਰ ਸਿੰਘ ਖਾਲਸਾ, ਭਾਈ ਅੰਮ੍ਰਿਤਪਾਲ ਸਿੰਘ, ਐਡਵੋਕੇਟ ਸ. ਬਲਤੇਜ ਸਿੰਘ ਢਿੱਲੋਂ, ਬੀਬੀ ਪ੍ਰਭਜੋਤ ਕੌਰ, ਐਡੋਵਕੇਟ ਅਮਰਦੀਪ ਸਿੰਘ ਧਾਰਨੀ, ਐਡਵੋਕੇਟ ਬਰਜਿੰਦਰ ਸਿੰਘ ਸੋਢੀ, ਸ. ਰਾਮ ਸਿੰਘ ਮੁੰਬਈ ਆਨਰੇਰੀ ਇੰਚਾਰਜ, ਬਾਬਾ ਮੰਗਲ ਸਿੰਘ ਨਾਨਕਸਰ ਕਲੇਰਾਂ, ਬਾਬਾ ਲੱਖਾ ਸਿੰਘ, ਬਾਬਾ ਸੁੱਖਾ ਸਿੰਘ ਸਰਹਾਲੀ ਕਲਾਂ, ਸੁਆਮੀ ਜੀ ਹੁਸ਼ਿਆਰਪੁਰ ਵਾਲੇ, ਬਾਬਾ ਸਤਨਾਮ ਸਿੰਘ ਗੁਰੂ ਕੇ ਬਾਗ ਵਾਲੇ, ਬਾਬਾ ਅਵਨੀਤ ਸਿੰਘ, ਸ. ਰੁਪਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਬਾਬਾ ਬਲਦੇਵ ਸਿੰਘ ਵੱਲ੍ਹਾ ਅੰਮ੍ਰਿਤਸਰ, ਸ. ਗੁਰਮੁੱਖ ਸਿੰਘ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ, ਸ. ਗੁਰਜੀਤ ਸਿੰਘ, ਖੁਸ਼ਵਿੰਦਰ ਸਿੰਘ ਸਮਾਣਾ ਮੋਰਚਾ, ਸ. ਸਤਨਾਮ ਸਿੰਘ ਖਾਲਸਾ ਸੇਵਾ ਸੁਸਾਇਟੀ ਮੋਗਾ, ਬਾਬਾ ਪ੍ਰਗਟ ਸਿੰਘ ਚੋਹਲਾ ਸਾਹਿਬ, ਬਾਬਾ ਹਰਿਬੇਅੰਤ ਸਿੰਘ ਮਸਤੂਆਣਾ ਸਾਹਿਬ, ਬਾਬਾ ਸੁਖਦੇਵ ਸਿੰਘ ਸੁਧਾਵਾ ਸਾਹਿਬ ਸੰਗਰੂਰ, ਬਾਬਾ ਬਲਵਿੰਦਰ ਸਿੰਘ ਮੋਨੀ, ਬਾਬਾ ਸਤਪਾਲ ਸਿੰਘ ਭੂਰੀ, ਬਾਬਾ ਦਵਿੰਦਰ ਸਿੰਘ ਦਿਆਲਪੁਰ, ਸੁਆਮੀ ਰਜੇਸਵਰ ਨੰਦ ਅੰਬਾਲੇ ਵਾਲੇ, ਮਹੰਤ ਰੇਸ਼ਮ ਸਿੰਘ ਧਰਮਧੁਜਾ ਪਟਿਆਲਾ, ਬਾਬਾ ਹਾਕਮ ਸਿੰਘ ਗੰਡਾ ਸਿੰਘ ਵਾਲਾ, ਬਾਬਾ ਚਮਕੌਰ ਸਿੰਘ ਪੰਜ ਗਰਾਈਆਂ, ਬਾਬਾ ਅਮਨਦੀਪ ਸਿੰਘ ਉਗਕੇ ਬਰਨਾਲਾ, ਬਾਬਾ ਰਣਪ੍ਰੀਤ ਸਿੰਘ ਬਰਨਾਲਾ, ਬਾਬਾ ਕੇਵਲ ਕ੍ਰਿਸ਼ਨ ਹੰਡਿਆਇਆ ਸੰਗਰੂਰ, ਬਾਬਾ ਪ੍ਰਗਟ ਸਿੰਘ ਤਰਨਾ ਦਲ, ਬਾਬਾ ਬਲਦੇਵ ਸਿੰਘ ਬਬੇਲੀ ਕਪੂਰਥਲਾ, ਬਾਬਾ ਸ਼ਮਸ਼ੇਰ ਸਿੰਘ ਬਟਾਲਾ, ਬਾਬਾ ਗੁਰਪਾਲ ਸਿੰਘ ਚੋਰਮਾਰ ਸਿਰਸਾ, ਬਾਬਾ ਪ੍ਰੀਤਮ ਸਿੰਘ ਸਿਰਸਾ, ਬਾਬਾ ਨਛੱਤਰ ਸਿੰਘ, ਬਾਬਾ ਸਿਵਾ ਨੰਦ ਸਿਰਸਾ, ਬਾਬਾ ਹਰਜੀਤ ਸਿੰਘ ਰੋਪੜ, ਸ. ਈਮਾਨ ਸਿੰਘ ਮਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸ. ਕੰਵਰਪਾਲ ਸਿੰਘ ਬਿੱਟੂ ਦਲ ਖਾਲਸਾ, ਸ. ਪਰਮਜੀਤ ਸਿੰਘ ਮੰਡ, ਸ. ਸੁਖਦੇਵ ਸਿੰਘ ਪ੍ਰਧਾਨ ਗੁਰਦੁਆਰਾ ਗੁਪਤਸਰ ਛੱਤੇਆਣਾ, ਬਾਬਾ ਗੁਰਦੇਵ ਸਿੰਘ ਮੋਗਾ, ਭਾਈ ਦਇਆ ਸਿੰਘ ਚੈਰੀਟੇਬਲ ਟਰੱਸਟ, ਜਥੇਦਾਰ ਸਤਨਾਮ ਸਿੰਘ ਦਸਮੇਸ਼ ਤਰਨਾ ਦਲ ਲੁਧਿਆਣਾ, ਬਾਬਾ ਭਾਗ ਸਿੰਘ ਨਾਨਕਸਰ ਕੇਲਰਾਂ, ਬਾਬਾ ਜੋਰਾ ਸਿੰਘ ਬੰਧਨੀ ਕਲਾਂ ਮੋਗਾ, ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ, ਸ. ਕਰਮਜੀਤ ਸਿੰਘ ਬੜੂ ਸਾਹਿਬ, ਬਾਬਾ ਗੁਰਸੇਵਕ ਸਿੰਘ ਜੀਰਾ, ਬਾਬਾ ਜਸਵਿੰਦਰ ਸਿੰਘ ਮਾਨਸਾ, ਬਾਬਾ ਸ਼ਰਨਜੀਤ ਸਿੰਘ ਮਲੋਟ, ਬਾਬਾ ਜਗਸੀਰ ਸਿੰਘ ਬਲਿਆਲਾ, ਬਾਬਾ ਰਾਮ ਸਿੰਘ ਭੱਠਲ, ਬਾਬਾ ਜਗਤਾਰ ਸਿੰਘ ਕਾਹਨਗੜ੍ਹ ਖਰਾਂਚੋਂ, ਬਾਬਾ ਪ੍ਰਦੀਪ ਸਿੰਘ ਬਠਿੰਡਾ, ਬਾਬਾ ਦਾਰਾ ਸਿੰਘ, ਬਾਬਾ ਜਗਰੂਪ ਸਿੰਘ, ਬਾਬਾ ਮਸਤ ਰਾਮ ਜੀ, ਬਾਬਾ ਬਚਿੱਤਰ ਸਿੰਘ ਬਹਿਣੇਵਾਲੀ, ਬਾਬਾ ਗੁਰਸੇਵਕ ਸਿੰਘ ਤਾਇਆਲੀ, ਬਾਬਾ ਲਖਬੀਰ ਸਿੰਘ ਦਿੱਲੀ, ਬਾਬਾ ਕਮਲ ਸਿੰਘ ਛੇਹਰਟਾ, ਬਾਬਾ ਗਗਨਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਤਰਨ ਸਿੰਘ ਗੁਰੂਸਰ ਬਰਾੜ, ਬਾਬਾ ਬਲਬੀਰ ਸਿੰਘ ਚੰਗਿਆੜਾ ਕੈਨੇਡਾ, ਬਾਬਾ ਗੁਲਜ਼ਾਰ ਸਿੰਘ ਵੱਲੋਂ ਬਾਬਾ ਬਚਨ ਸਿੰਘ, ਬਾਬਾ ਬਾਵਾ ਸਿੰਘ ਗੜ੍ਹੀ ਮੱਖਣਵਿੰਡੀ, ਬਾਬਾ ਗੁਰਨਾਮ ਸਿੰਘ ਅੰਬ ਸਾਹਿਬ ਮੋਹਾਲੀ, ਬਾਬਾ ਗੁਰਚਰਨ ਸਿੰਘ ਦਿੱਲੀ ਵਾਲੇ, ਬਾਬਾ ਗੁਰਮਜ ਸਿੰਘ, ਬਾਬਾ ਹੁਸ਼ਿਆਰ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਸੁਰਜਨ ਸਿੰਘ ਪਿਹੋਵੇ ਵਾਲੇ, ਬਾਬਾ ਜਰਨੈਲ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਸ. ਸ਼ਮਸ਼ੇਰ ਸਿੰਘ ਇੰਚਾਰਜ ਵਾਰਿਸ ਅਕਾਲੀ ਦਲ ਪੰਜਾਬ ਮੀਡੀਆ, ਡਾ. ਪਿਤਪਾਲ ਸਿੰਘ, ਜਥੇਦਾਰ ਬਾਬਾ ਸਤਨਾਮ ਸਿੰਘ, ਬਾਬਾ ਚਰਨ ਸਿੰਘ ਗੁਰੂ ਕੇ ਬਾਗ, ਬਾਬਾ ਜਸਵੰਤ ਸਿੰਘ ਗੁਰੂ ਕੀ ਵਡਾਲੀ, ਬਾਬਾ ਲਾਲ ਦਾਸ ਬਠਿੰਡਾ, ਸ. ਕਾਰਜ ਸਿੰਘ ਬੁੱਢਾ ਜੋੜ, ਸ. ਅਵਤਾਰ ਸਿੰਘ ਬੁੰਗਾ ਮਸਤੂਆਣਾ, ਬਾਬਾ ਹਰਦੀਪ ਸਿੰਘ ਬਠਿੰਡਾ, ਬਾਬਾ ਗਗਨਦੀਪ ਸਿੰਘ ਕਰਨਾਲ, ਬਾਬਾ ਨੰਦ ਸਿੰਘ ਮੁੰਡਾ ਪਿੰਡ, ਬਾਬਾ ਗੁਰਦਿਆਲ ਸਿੰਘ ਦਾਤੇਵਾਲੇ, ਬਾਬਾ ਲਾਲ ਸਿੰਘ, ਬਾਬਾ ਸ਼ਮਸ਼ੇਰ ਸਿੰਘ ਬਾਲੇਵਾਲ, ਸ. ਪ੍ਰਮਜੀਤ ਸਿੰਘ ਮਾਨ, ਜਥੇਦਾਰ ਹਰੀ ਸਿੰਘ ਨਲੂਆ, ਜਥੇਦਾਰ ਅਜੀਤ ਸਿੰਘ ਰਾਜਾਸਾਂਸੀ, ਭਾਈ ਕਿਸ਼ਨ ਸਿੰਘ, ਬਾਬਾ ਪ੍ਰੀਤਮ ਸਿੰਘ ਮਾਲੜੀ ਹਰਿਆਣਾ, ਬਾਬਾ ਭੁਪਿੰਦਰ ਸਿੰਘ ਤੇ ਬਾਬਾ ਗੁਰਪਾਲ ਸਿੰਘ ਹਰਿਆਣਾ, ਭਾਈ ਛਿੰਦਾ ਸਿੰਘ, ਭਾਈ ਗੁਰਮੀਤ ਸਿੰਘ ਸ਼ੈਣੀ ਰਾਏਪੁਰ, ਟੋਨੀ ਬਾਬਾ ਭੀਖੀ ਮਾਨਸਾ, ਭਾਈ ਬੂਟਾ ਸਿੰਘ, ਬਾਬਾ ਜਗਸੀਰ ਸਿੰਘ, ਬਾਬਾ ਨਿਰਮਲ ਸਿੰਘ, ਬਾਬਾ ਗਗਨਦੀਪ ਸਿੰਘ, ਬਾਬਾ ਭਾਗ ਸਿੰਘ ਨਾਨਕਸਰ ਜਗਰਾਉਂ, ਬਾਬਾ ਮੇਹਰਬਾਨ ਸਿੰਘ ਬਾਠ ਸਾਹਿਬ, ਬਾਬਾ ਜਸਪਾਲ ਸਿੰਘ ਜਵੱਦੀ ਕਲਾ, ਬਾਬਾ ਮਨਜੀਤ ਸਿੰਘ ਰੰਧਾਵਾ, ਬਾਬਾ ਜਰਨੈਲ ਸਿੰਘ, ਬਾਬਾ ਮਨਪ੍ਰੀਤ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਅਵਤਾਰ ਸਿੰਘ, ਜਥੇਦਾਰ ਖੜਕ ਸਿੰਘ, ਜਥੇਦਾਰ ਸੁਖਪਾਲ ਸਿੰਘ, ਬਾਬਾ ਜਤਿੰਦਰਪਾਲ ਸਿੰਘ, ਬਾਬਾ ਬੇਅੰਤ ਸਿੰਘ, ਭਾਈ ਮਨਦੀਪ ਸਿੰਘ, ਬਾਬਾ ਹਰਜੀਤ ਸਿੰਘ, ਬਾਬਾ ਸੋਹਣ ਸਿੰਘ, ਬਾਬਾ ਰਾਜਪਾਲ ਸਿੰਘ, ਬਾਬਾ ਹਰਦੀਪ ਸਿੰਘ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਮੇਜਰ ਸਿੰਘ, ਬਾਬਾ ਅਜੀਤ ਸਿੰਘ ਮਿੱਠਾ ਟਿਵਾਣਾ, ਬਾਬਾ ਅਜੀਤ ਸਿੰਘ ਨਿਰਮਲ ਕੁਟੀਆ, ਬਾਬਾ ਦਾਰਾ ਸਿੰਘ ਅਕਲੀਆ, ਪ੍ਰ. ਹਰਬੰਸ ਸਿੰਘ ਕੋਕਰੀ ਪਲਾਂ, ਬਾਬਾ ਅਮਰ ਸਿੰਘ ਰਾੜਾ ਸਾਹਿਬ, ਬਾਬਾ ਮਹਿੰਦਰ ਸਿੰਘ, ਜਥੇਦਾਰ ਬਖ਼ਸੀਸ ਸਿੰਘ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਧਰਮਵੀਰ ਸਿੰਘ, ਬਾਬਾ ਗੁਰਬਚਨ ਸਿੰਘ, ਸ. ਦਲੀਪ ਸਿੰਘ, ਦਸਮੇਸ਼ ਕਸ਼ਮੀਰ ਸਿੰਘ, ਜਥੇਦਾਰ ਬਲਬੀਰ ਸਿੰਘ ਖਾਪੜਖੇੜੀ, ਬਾਬਾ ਅਨੰਦਰਾਜ ਸਿੰਘ, ਬਾਬਾ ਰਵਿੰਦਰ ਸਿੰਘ, ਬਾਬਾ ਗੁਰਜੰਟ ਸਿੰਘ, ਬਾਬਾ ਰਜਿੰਦਰ ਸਿੰਘ ਮਰਵਾਹ, ਬਾਬਾ ਦਰਸ਼ਨ ਸਿੰਘ ਘਣੂਪੁਰ, ਬਾਬਾ ਲੱਖਾ ਸਿੰਘ, ਬਾਬਾ ਸੁੱਖਾ ਸਿੰਘ ਭੂਰੀਵਾਲੇ, ਬਾਬਾ ਅਮੀਰ ਸਿੰਘ, ਬਾਬਾ ਹਰਿੰਦਰ ਸਿੰਘ, ਬਾਬਾ ਮਹਿੰਦਰ ਸਿੰਘ, ਬਾਬਾ ਗੁਰਮੀਤ ਸਿੰਘ, ਬਾਬਾ ਪ੍ਰਦੀਪ ਸਿੰਘ ਜੋਗਾ, ਪ੍ਰਿੰਸੀਪਲ ਜਰਮਨਜੀਤ ਸਿੰਘ, ਬਾਬਾ ਲਖਬੀਰ ਸਿੰਘ, ਬਾਬਾ ਗੁਰਮੀਤ ਸਿੰਘ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਬਾਬਾ ਤੀਰਥ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਗੁਲਜ਼ਾਰ ਸਿੰਘ, ਬਾਬਾ ਹਰਜਿੰਦਰ ਸਿੰਘ, ਬਾਬਾ ਜਗਜੀਤ ਸਿੰਘ ਲੋਪੋਵਾਲੇ, ਬਾਬਾ ਜੋਗਾ ਸਿੰਘ ਚੱਬਾ, ਬਾਬਾ ਜਸਕਰਨ ਸਿੰਘ ਸੋਢੀ, ਬਾਬਾ ਨਰਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ, ਪ੍ਰੋ. ਹਰਦੀਪ ਸਿੰਘ, ਬਾਬਾ ਗੁਰਦੇਵ ਸਿੰਘ, ਸ. ਪ੍ਰਭਜੋਤ ਸਿੰਘ ਮਾਨਸ਼ਾਹੀਆਂ ਬਠਿੰਡਾ, ਬਾਬਾ ਚਮਕੌਰ ਸਿੰਘ ਪੰਜਗਰਾਈ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਲਖਬੀਰ ਸਿੰਘ, ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਫੈਡਰੇਸ਼ਨ ਆਗੂ ਸ. ਅਮਰਬੀਰ ਸਿੰਘ ਢੋਟ, ਸ. ਲਖਬੀਰ ਸਿੰਘ ਸੇਖੋਂ ਆਦਿ ਮੌਜੂਦ ਸਨ।

### ਕੈਨੇਡਾ ਦੀਆਂ ਸਿੱਖ ਸੰਸਥਾਵਾਂ ਅੰਦਰ

# ਖਾਲਿਸਤਾਨੀ ਕੱਟੜਵਾਦ ਦਾ ਫੈਲਦਾ ਖ਼ਤਰਨਾਕ ਜਾਲ



### ਵਿਚਾਰ ਆਪੋ-ਆਪਣਾ

**ਕੈਨੇਡਾ** ਦੇ ਓਨਟਾਰੀਓ ਵਿੱਚ ਸਿੱਖ ਡਾਇਸਪੋਰਾ ਦੇ ਅੰਦਰ ਉੱਭਰਿਆ ਹਾਲੀਆ ਟਕਰਾਅ ਕੋਈ ਆਮ ਕਮਿਊਨਿਟੀ ਵਿਵਾਦ ਨਹੀਂ। ਇਹ ਉਸ ਡੂੰਘੀ ਬਿਮਾਰੀ ਦਾ ਖੁੱਲ੍ਹਾ ਪ੍ਰਗਟਾਵਾ ਹੈ, ਜਿਸ ਨੇ ਸਾਲਾਂ ਤੋਂ ਸਿੱਖ ਭਾਈਚਾਰੇ ਦੇ ਨਾਮ 'ਤੇ ਆਪਣੇ ਹੀ ਲੋਕਾਂ ਅੰਦਰ ਵਿਚਾਰਾਤਮਿਕ ਦਬਦਬਾ ਕਾਇਮ ਕਰਨ ਦੀ ਕੋਸ਼ਿਸ਼ ਕੀਤੀ ਹੋਈ ਹੈ। ਜਿਨ੍ਹਾਂ ਲੋਕਾਂ ਨੇ ਸਿੱਖ ਪਹਿਚਾਣ, ਅਧਿਕਾਰਾਂ ਅਤੇ ਨਿਆਂ ਦੀ ਭਾਸ਼ਾ ਨੂੰ ਆਪਣਾ ਲਿਬਾਸ ਬਣਾਇਆ ਹੋਇਆ ਹੈ, ਅੱਜ ਉਨ੍ਹਾਂ ਦੇ ਚਿਹਰੇ ਤੋਂ ਹੁਣ ਪਰਦਾ ਹਟਦਾ ਦਿਖਾਈ ਦੇ ਰਿਹਾ ਹੈ। ਦਾਅਵਾ ਸੇਵਾ ਦਾ ਹੈ, ਪਰ ਚਾਲ ਕਬਜ਼ੇ ਦੀ ਹੈ; ਨਾਅਰਾ ਹੱਕਾਂ ਦਾ ਹੈ, ਪਰ ਮਨੋਰਥ ਡਰ, ਦਬਾਅ ਅਤੇ ਚੁੱਪ ਕਰਾਉਣ ਦਾ ਹੈ।

ਇਸ ਟਕਰਾਅ ਵਿੱਚ ਕੁਝ ਪ੍ਰਭਾਵਸ਼ਾਲੀ ਧਿਰਾਂ—ਜਿਨ੍ਹਾਂ ਨੂੰ ਗਿਰੋਹ ਕਹਿਣਾ ਵਧੇਰੇ ਢੁਕਵਾਂ ਹੋਵੇਗਾ—ਇੱਕ-ਦੂਜੇ ਵਿਰੁੱਧ ਦੋਸ਼ ਲਗਾ ਰਹੀਆਂ ਹਨ। ਧਮਕੀਆਂ, ਧਾਰਮਿਕ ਮੰਚਾਂ ਦਾ ਸਿਆਸੀ ਦੁਰਉਪਯੋਗ, ਅਸਹਿਮਤੀ ਨੂੰ ਕੁਚਲਣ ਦੇ ਯਤਨ, ਅਤੇ ਗੁਰਦੁਆਰਿਆਂ ਵਿੱਚ ਸਵਾਲ ਪੁੱਛਣ ਵਾਲਿਆਂ ਨੂੰ ਚੁੱਪ ਕਰਾਉਣ ਦੀਆਂ ਕੋਸ਼ਿਸ਼ਾਂ—ਇਹ ਸਭ ਕੁਝ ਸਾਬਤ ਕਰਦਾ ਹੈ ਕਿ ਖਾਲਿਸਤਾਨੀ ਕੱਟੜਵਾਦ ਹੁਣ ਸਿਰਫ਼ ਬਾਹਰੀ ਸਿਆਸੀ ਬਿਆਨਬਾਜ਼ੀ ਤੱਕ ਸੀਮਿਤ ਨਹੀਂ ਰਿਹਾ। ਇਹ ਆਪਣੇ ਹੀ ਭਾਈਚਾਰੇ ਦੇ ਅੰਦਰ ਡਰ ਦਾ ਮਾਹੌਲ ਬਣਾ ਕੇ ਸੰਸਥਾਵਾਂ 'ਤੇ ਕਬਜ਼ਾ ਕਰਨ ਦੀ ਰਣਨੀਤੀ ਵਿੱਚ ਤਬਦੀਲ ਹੋ ਚੁੱਕਿਆ ਹੈ। ਇਹ ਸਾਰਾ ਮਾਮਲਾ ਸਿਰਫ਼ ਵਿਅਕਤੀਗਤ ਰੜਕ ਜਾਂ ਸਥਾਨਕ ਝਗੜਾ ਨਹੀਂ, ਸਗੋਂ ਇਕ ਵੱਡੀ ਬਿਮਾਰੀ ਦਾ ਲੱਛਣ ਹੈ।

ਇਹ ਸਮਝਣ ਦੀ ਲੋੜ ਹੈ ਕਿ ਸਿੱਖ ਪਹਿਚਾਣ ਅਤੇ ਖਾਲਿਸਤਾਨੀ ਕੱਟੜਵਾਦ ਦੋ ਵੱਖਰੀਆਂ ਚੀਜ਼ਾਂ ਹਨ। ਖਾਲਿਸਤਾਨੀ ਕੱਟੜਵਾਦ ਦੀ ਆਲੋਚਨਾ ਨੂੰ ਅਕਸਰ ਵੱਖਵਾਦੀ ਸਮਰਥਕ ਤੱਤਾਂ ਦੁਆਰਾ ਸਿੱਖਾਂ ਦੀ ਆਲੋਚਨਾ ਵਜੋਂ ਪੇਸ਼ ਕੀਤਾ ਜਾਂਦਾ ਹੈ, ਪਰ ਖਾਲਿਸਤਾਨੀ ਹਿੰਸਕ ਸੋਚ ਦੀ ਆਲੋਚਨਾ ਕਰਨਾ ਸਿੱਖਾਂ ਦੀ ਆਲੋਚਨਾ ਬਿਲਕੁਲ ਨਹੀਂ ਹੈ। ਦੁਨੀਆ ਭਰ ਦਾ ਸਿੱਖ ਸਮਾਜ ਇਸ ਹਿੰਸਕ ਏਜੰਡੇ ਨਾਲ ਨਾ ਤਾਂ ਸਹਿਮਤ ਹੈ ਅਤੇ ਨਾ ਹੀ ਇਸ ਨਾਲ ਉਸ ਦਾ ਕੋਈ ਸਾਂਝਾ ਸਰੋਕਾਰ ਹੈ। ਸਿੱਖ ਕਿਸਾਨ ਹਨ, ਸਿਪਾਹੀ ਹਨ, ਉਦਯੋਗਪਤੀ ਹਨ, ਵਿਦਵਾਨ ਹਨ ਅਤੇ ਸਮਾਜ ਨਿਰਮਾਤਾ ਹਨ। ਪਰ ਕੁਝ ਗਿਰੋਹ ਸਿੱਖ ਪਹਿਚਾਣ, ਸਿੱਖ ਜਜ਼ਬਾਤਾਂ ਅਤੇ '84 ਦੇ ਇਤਿਹਾਸਕ ਪੀੜਾ ਨੂੰ ਆਪਣੇ ਰਾਜਨੀਤਿਕ ਫ਼ਾਇਦੇ ਲਈ ਵਰਤਦੇ ਹਨ। ਉਹ ਧਰਮ ਅਤੇ ਜਜ਼ਬਾਤ ਨੂੰ ਹਥਿਆਰ ਬਣਾਉਂਦੇ ਹਨ, ਗੁਰਦੁਆਰਿਆਂ ਨੂੰ ਮੰਚ ਬਣਾਉਂਦੇ ਹਨ ਅਤੇ ਭਾਈਚਾਰੇ ਨੂੰ ਆਪਣੀ ਵਿਚਾਰਧਾਰਕ ਜ਼ਬਰਦਸਤੀ ਹੇਠ ਲਿਆਉਣ ਦੀ ਕੋਸ਼ਿਸ਼ ਕਰਦੇ ਹਨ। ਖਾਲਿਸਤਾਨੀ ਸੋਚ ਨਾਲ ਜੁੜੇ ਇਹ ਤੱਤ ਧਾਰਮਿਕ ਸੰਸਥਾਵਾਂ ਦੀ ਆੜ ਲੈ ਕੇ ਆਪਣੇ ਆਪ ਨੂੰ ਜਾਇਜ਼ ਸਾਬਤ ਕਰਨ ਦੀ ਕੋਸ਼ਿਸ਼ ਤਾਂ ਕਰ ਰਹੇ ਹਨ, ਪਰ ਸਿੱਖ ਭਾਈਚਾਰੇ ਅੰਦਰ ਜਵਾਬਦੇਹੀ ਤੋਂ ਬਚਣਾ ਵੀ ਚਾਹੁੰਦੇ ਹਨ।

ਨਜ਼ਰ ਆ ਰਿਹਾ ਇਹ ਖ਼ਤਰਾ ਕੋਈ ਕਲਪਨਾ ਨਹੀਂ। ਪੰਜਾਬ ਦਾ ਖ਼ੂਨੀ ਇਤਿਹਾਸ ਇਸ ਦੀ ਸਭ ਤੋਂ ਵੱਡੀ ਗਵਾਹੀ ਹੈ। ਸਾਊਥ ਏਸ਼ੀਆ ਟੈਰੋਰਿਜ਼ਮ ਪੋਰਟਲ ਦੇ ਅਨੁਸਾਰ 1981 ਤੋਂ 2000 ਤੱਕ ਪੰਜਾਬ ਵਿੱਚ ਅੱਤਵਾਦ ਨਾਲ ਜੁੜੀਆਂ 21,630 ਮੌਤਾਂ ਦਰਜ ਹੋਈਆਂ। 11,782 ਆਮ ਲੋਕ ਅਤੇ 1,753 ਸੁਰੱਖਿਆ ਕਰਮਚਾਰੀ ਇਸ ਹਿੰਸਾ ਦਾ ਸ਼ਿਕਾਰ ਬਣੇ। ਸਭ ਤੋਂ ਮਾੜਾ ਦੌਰ 1990 ਦੇ ਦਹਾਕੇ ਦੇ ਸ਼ੁਰੂ ਵਿੱਚ ਆਇਆ, ਜਦੋਂ ਸਾਲਾਨਾ ਮੌਤਾਂ ਦਾ ਅੰਕੜਾ 4,000 ਤੋਂ ਪਾਰ ਹੋ ਗਿਆ, 1991 ਵਿੱਚ 5,265 ਦੇ ਸਿਖਰ 'ਤੇ ਪਹੁੰਚਿਆ ਅਤੇ 1992 ਵਿੱਚ 3,883 ਰਿਹਾ। ਇਹ ਅੰਕੜੇ ਸਿਰਫ਼ ਇੱਕ ਬਗ਼ਾਵਤ ਦੇ ਉਭਾਰ ਅਤੇ ਪਤਨ ਦੀ ਕਹਾਣੀ ਨਹੀਂ ਦੱਸਦੇ, ਸਗੋਂ ਇਹ ਵੀ ਸਾਬਤ ਕਰਦੇ ਹਨ ਕਿ ਇਸ ਹਿੰਸਾ ਦਾ ਸਭ ਤੋਂ ਵੱਡਾ ਨੁਕਸਾਨ ਪੰਜਾਬੀਆਂ ਨੇ ਆਪ ਝੱਲਿਆ। ਇਹ ਉਹ ਦੌਰ ਸੀ, ਜਦੋਂ ਆਮ ਪੰਜਾਬੀਆਂ ਨੇ ਕਤਲਾਂ, ਜ਼ਬਰਦਸਤੀ ਵਸੂਲੀ, ਬੰਬ ਧਮਾਕਿਆਂ, ਡਰਾਉਣ-ਧਮਕਾਉਣ ਅਤੇ ਨਾਗਰਿਕ ਜੀਵਨ ਦੀ ਤਬਾਹੀ ਰਾਹੀਂ ਕਾਂਗਰਸ ਬਨਾਮ ਕੱਟੜਪੰਥੀ ਰਾਜਨੀਤੀ ਦੀ ਕੀਮਤ ਅਦਾ ਕੀਤੀ। ਇਸ ਲਈ ਵੱਖਵਾਦੀ ਬਿਆਨਬਾਜ਼ੀ ਨੂੰ ਸਾਫ਼-ਸੁਥਰਾ ਦਿਖਾਉਣ ਦੀ ਕਿਸੇ ਵੀ ਕੋਸ਼ਿਸ਼ ਤੋਂ ਪਹਿਲਾਂ ਇਹ ਤੱਥ ਮੰਨਣਾ ਪਵੇਗਾ ਕਿ ਉਸ ਦੌਰ ਵਿੱਚ ਹਿੰਸਾ ਦੇ ਸਭ ਤੋਂ ਵੱਡੇ ਸ਼ਿਕਾਰ—ਚਾਹੇ ਹਿੰਦੂ ਹੋਣ ਜਾਂ ਸਿੱਖ—ਅਸਲ ਵਿੱਚ ਪੰਜਾਬੀ ਹੀ ਸਨ। ਇਸ ਲਈ ਅੱਜ ਜੋ ਲੋਕ ਇਸ ਨੂੰ "ਭਾਵਨਾਤਮਕ ਰਾਜਨੀਤੀ" ਜਾਂ "ਸਵੈ-ਨਿਰਧਾਰਨ" ਦਾ ਨਾਅਰਾ ਬਣਾ ਕੇ ਪੇਸ਼ ਕਰਦੇ ਹਨ, ਉਹ ਅਸਲ ਵਿੱਚ ਇਤਿਹਾਸਕ ਸਚਾਈ ਤੋਂ ਮੂੰਹ ਫੇਰਨ ਦੀ ਗੁਸਤਾਖ਼ੀ ਕਰ ਰਹੇ ਹਨ।

ਅੰਤਰਰਾਸ਼ਟਰੀ ਪੱਧਰ 'ਤੇ, ਅਤੇ ਖ਼ਾਸ ਕਰਕੇ ਕੈਨੇਡਾ ਵਿੱਚ ਵੀ, ਇਸ ਦਾ ਭਿਆਨਕ ਰਿਕਾਰਡ ਮੌਜੂਦ ਹੈ। 23 ਜੂਨ 1985 ਨੂੰ ਏਅਰ ਇੰਡੀਆ ਦੀ ਕਨਿਸ਼ਕ ਫਲਾਈਟ 182 ਨੂੰ ਉਡਾਉਣ ਦੀ ਖ਼ੂਨੀ ਸਾਜ਼ਿਸ਼, ਜਿਸ ਵਿੱਚ 268 ਕੈਨੇਡੀਅਨ ਨਾਗਰਿਕਾਂ ਸਮੇਤ 329 ਬੇਗੁਨਾਹ ਲੋਕ ਮਾਰੇ ਗਏ, ਕੈਨੇਡੀਅਨ ਧਰਤੀ ਤੋਂ ਹੀ ਰਚੀ ਗਈ ਅਤੇ ਅੰਜਾਮ ਤੱਕ ਪਹੁੰਚਾਈ ਗਈ। ਇਹ ਕੈਨੇਡਾ ਦੇ ਇਤਿਹਾਸ ਦਾ ਸਭ ਤੋਂ ਵੱਡਾ ਆਤੰਕਵਾਦੀ ਹਮਲਾ ਸੀ। ਇਹ ਤੱਥ ਸਪਸ਼ਟ ਕਰਦਾ ਹੈ ਕਿ ਇਹ ਮਸਲਾ ਸਿਰਫ਼ ਨਾਅਰਿਆਂ, ਪੋਸਟਰਾਂ ਜਾਂ ਪ੍ਰਤੀਕਾਂ ਤੱਕ ਸੀਮਿਤ ਨਹੀਂ, ਸਗੋਂ ਨੰਗੀ ਹਿੰਸਾ ਵਿੱਚ ਬਦਲ ਸਕਦਾ ਹੈ। ਕੈਨੇਡਾ ਵਿੱਚ ਇਹ ਬਹਿਸ ਤਾਂ ਕਾਫ਼ੀ ਪਹਿਲਾਂ ਹੀ ਖ਼ਤਮ ਹੋ ਜਾਣੀ ਚਾਹੀਦੀ ਸੀ ਕਿ ਖਾਲਿਸਤਾਨੀ ਕੱਟੜਵਾਦ ਸਿਰਫ਼ ਇੱਕ ਪ੍ਰਤੀਕਾਤਮਿਕ ਪ੍ਰਦਰਸ਼ਨ ਹੈ; ਸੱਚ ਇਹ ਹੈ ਕਿ ਇਸ ਨੇ ਵੱਡੇ ਪੱਧਰ 'ਤੇ ਖ਼ੂਨ-ਖ਼ਰਾਬੇ ਨੂੰ ਜਨਮ ਦਿੱਤਾ ਹੈ।

ਪਰ ਹੁਣ ਕੈਨੇਡਾ ਨੂੰ ਵੀ ਇਸ ਦੀ ਸਮਝ ਲੱਗ ਰਹੀ ਹੈ। ਮਾਰਚ 2026 ਵਿੱਚ ਕੈਨੇਡੀਅਨ ਸੰਸਦ ਨੇ Combating Hate Act, ਅਰਥਾਤ ਬਿਲ 3-9, ਪਾਸ ਕੀਤਾ, ਜਿਸ ਦੇ ਅਧੀਨ ਖਾਲਿਸਤਾਨੀ ਦਹਿਸ਼ਤਗਰਦ ਸੰਸਥਾਵਾਂ ਨਾਲ ਜੁੜੇ ਝੰਡਿਆਂ ਜਾਂ ਨਿਸ਼ਾਨਾਂ ਦਾ ਪ੍ਰਚਾਰ—ਜੇਕਰ ਉਹ ਨਫ਼ਰਤ ਫੈਲਾਉਣ ਲਈ ਵਰਤੇ ਜਾਣ—ਅਪਰਾਧ ਘੋਸ਼ਿਤ ਕੀਤਾ ਗਿਆ।

ਇਸੇ ਤਰ੍ਹਾਂ 2025 ਅਤੇ 2026 ਦੀ ਸ਼ੁਰੂਆਤ ਵਿੱਚ ਕੈਨੇਡਾ ਦੀ ਸਰਕਾਰ ਅਤੇ ਸੁਰੱਖਿਆ ਏਜੰਸੀ ਕੈਨੇਡੀਅਨ ਸਿਕਿਉਰਿਟੀ ਇੰਟੈਲੀਜੈਂਸ ਸਰਵਿਸ (CSIS) ਨੇ ਆਪਣੀਆਂ ਰਿਪੋਰਟਾਂ ਵਿੱਚ ਅਧਿਕਾਰਕ ਤੌਰ 'ਤੇ ਮੰਨਿਆ ਕਿ ਕੈਨੇਡਾ ਵਿੱਚ ਖਾਲਿਸਤਾਨੀ ਗਿਰੋਹ ਮੌਜੂਦ ਹਨ, ਜੋ ਭਾਰਤ ਵਿੱਚ ਹਿੰਸਾ ਨੂੰ ਉਤਸ਼ਾਹਿਤ ਕਰਨ, ਫੰਡਿੰਗ ਕਰਨ ਅਤੇ ਯੋਜਨਾਬੰਦੀ ਲਈ ਕੈਨੇਡਾ ਦੀ ਧਰਤੀ ਦੀ ਨਾ ਕੇਵਲ ਵਰਤੋਂ ਕਰ ਰਹੇ ਹਨ, ਸਗੋਂ "ਰਾਜਨੀਤਿਕ ਤੌਰ 'ਤੇ ਪ੍ਰੇਰਿਤ ਹਿੰਸਕ ਅਤਿਵਾਦ" (PMVE) ਵਿੱਚ ਵੀ ਸ਼ਾਮਲ ਹਨ ਅਤੇ ਦੇਸ਼ ਦੀ ਸੁਰੱਖਿਆ ਲਈ ਖ਼ਤਰਾ ਬਣੇ ਹੋਏ ਹਨ।

ਹਾਲੀਆ ਰਿਪੋਰਟਾਂ ਅਤੇ ਜਾਂਚਾਂ ਨੇ ਇਹ ਵੀ ਦਰਸਾਇਆ ਹੈ ਕਿ ਇਹ ਹਿੰਸਕ ਅਤੇ ਵੱਖਵਾਦੀ ਤੱਤ ਕੈਨੇਡੀਅਨ ਸੰਸਥਾਵਾਂ ਨਾਲ ਜੁੜ ਕੇ ਕੰਮ ਕਰ ਰਹੇ ਹਨ। ਜੋ ਗੈਰ-ਮੁਨਾਫ਼ਾ ਸੰਸਥਾਵਾਂ ਅਤੇ ਚੈਰਿਟੀ ਢਾਂਚਿਆਂ ਦਾ ਦੁਰਉਪਯੋਗ ਕਰਕੇ ਆਪਣੇ ਏਜੰਡੇ ਲਈ ਪੈਸਾ ਇਕੱਠਾ ਕਰਦੇ ਹਨ। ਕੈਨੇਡਾ ਦੇ ਡਿਪਾਰਟਮੈਂਟ ਆਫ਼ ਫ਼ਾਈਨੈਂਸ ਦੀ ਰਿਪੋਰਟ 2025 Assessment of Money Laundering and Terrorist Financing Risks in Canada ਵਿੱਚ ਸਪਸ਼ਟ ਤੌਰ 'ਤੇ ਬੱਬਰ ਖ਼ਾਲਸਾ ਇੰਟਰਨੈਸ਼ਨਲ (BKI) ਅਤੇ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ (ISYF) ਨੂੰ ਅਜਿਹੀਆਂ ਦਹਿਸ਼ਤਗਰਦ ਸੰਸਥਾਵਾਂ ਵਜੋਂ ਦਰਸਾਇਆ ਗਿਆ ਹੈ, ਜਿਨ੍ਹਾਂ ਨੂੰ ਕੈਨੇਡਾ ਦੇ ਅੰਦਰੋਂ ਹੀ ਵਿੱਤੀ ਸਹਾਇਤਾ ਮਿਲ ਰਹੀ ਹੈ। ਇਨ੍ਹਾਂ ਇਕਾਈਆਂ ਨੂੰ ਫੰਡਿੰਗ ਨਾਲ ਜੋੜਿਆ ਜਾਣਾ ਇਹ ਦਰਸਾਉਂਦਾ ਹੈ ਕਿ ਮਸਲਾ ਸਿਰਫ਼ ਭਾਸ਼ਣਾਂ ਜਾਂ ਨਾਅਰਿਆਂ ਦਾ ਨਹੀਂ, ਸਗੋਂ ਸੰਗਠਿਤ ਤੌਰ 'ਤੇ ਚੱਲਦੇ ਢਾਂਚਿਆਂ ਦਾ ਹੈ।

ਕੈਨੇਡਾ ਦੇ ਕੁਝ ਗੁਰਦੁਆਰਿਆਂ ਵਿੱਚ ਖਾਲਿਸਤਾਨੀ ਪ੍ਰਚਾਰ ਅਤੇ ਨੌਜਵਾਨਾਂ ਨੂੰ ਕੱਟੜਵਾਦ ਵੱਲ ਧੱਕਣ ਦੇ ਦੋਸ਼ ਸਾਹਮਣੇ ਆਏ ਹਨ, ਹਾਲਾਂਕਿ ਇਹ ਵੀ ਉਤਨਾ ਹੀ ਸੱਚ ਹੈ ਕਿ ਕੈਨੇਡਾ ਦੇ ਬਹੁਤ ਵੱਡੇ ਹਿੱਸੇ ਦੇ ਸਿੱਖ ਇਸ ਵਿਚਾਰਧਾਰਾ ਦਾ ਸਮਰਥਨ ਨਹੀਂ ਕਰਦੇ। ਗੁਰਦੁਆਰਿਆਂ ਵਿੱਚ, ਜਿੱਥੇ ਸੰਗਤ ਨੂੰ ਜੋੜਨ ਦੀ ਗੱਲ ਹੋਣੀ ਚਾਹੀਦੀ ਸੀ, ਉੱਥੇ ਡਰ ਅਤੇ ਧੜੇਬੰਦੀ ਦਾ ਮਾਹੌਲ ਬਣਾਇਆ ਜਾ ਰਿਹਾ ਹੈ। ਜਿੱਥੇ ਗੁਰੂ ਘਰ ਵਿੱਚ ਨਿਮਰਤਾ, ਸੇਵਾ ਅਤੇ ਸਾਂਝ ਦਾ ਸੰਦੇਸ਼ ਹੋਣਾ ਚਾਹੀਦਾ ਸੀ, ਉੱਥੇ ਵਿਚਾਰਧਾਰਕ ਗਿਰੋਹਬੰਦੀ ਆਪਣਾ ਡੇਰਾ ਲਗਾ ਬੈਠੀ ਹੈ। ਇਹ ਸਿਰਫ਼ ਧਾਰਮਿਕ ਸੰਸਥਾਵਾਂ ਨਾਲ ਹੀ ਨਹੀਂ, ਸਗੋਂ ਸੰਗਤ ਦੇ ਵਿਸ਼ਵਾਸ ਨਾਲ ਵੀ ਧੋਖਾ ਹੈ। ਖਾਲਿਸਤਾਨੀ ਸਰਗਰਮੀਆਂ ਨੇ ਕੈਨੇਡਾ ਦੀ ਰਾਜਨੀਤੀ ਵਿੱਚ ਜਿਵੇਂ ਪਹੁੰਚ ਬਣਾਈ ਹੈ। ਆਲੋਚਕ ਇਸ ਨੂੰ "ਲਾਂਗ-ਡਿਸਟੈਂਸ ਨੈਸ਼ਨਲਿਜ਼ਮ" ਕਹਿੰਦੇ ਹਨ—ਅਰਥਾਤ ਵਿਦੇਸ਼ ਵਿੱਚ ਬੈਠ ਕੇ ਕਿਸੇ ਹੋਰ ਦੇਸ਼ ਦੀ ਰਾਜਨੀਤੀ, ਸੁਰੱਖਿਆ ਅਤੇ ਮਨੋਵਿਗਿਆਨ 'ਤੇ ਅਸਰ ਪਾਉਣ ਦੀ ਕੋਸ਼ਿਸ਼।

ਸਭ ਤੋਂ ਹੈਰਾਨੀਜਨਕ ਗੱਲ ਇਹ ਹੈ ਕਿ ਇੱਕ ਪਾਸੇ ਕੈਨੇਡਾ ਆਪਣੇ ਦੇਸ਼ ਵਿੱਚ ਖਾਲਿਸਤਾਨੀ ਸਮਰਥਕ ਗਿਰੋਹਾਂ ਦੀ ਮੌਜੂਦਗੀ ਨੂੰ ਮੰਨਦਾ ਹੈ, ਤੇ ਦੂਜੇ ਪਾਸੇ ਇਨ੍ਹਾਂ ਹੀ ਧਿਰਾਂ ਦੇ ਦਬਾਅ ਹੇਠ ਭਾਰਤੀ ਏਜੰਸੀਆਂ ਉੱਤੇ ਅਜਿਹੇ ਦੋਸ਼ ਲਗਾਉਂਦਾ ਹੈ, ਜਿਨ੍ਹਾਂ ਵਿੱਚ ਕੈਨੇਡਾ ਵਿੱਚ ਪ੍ਰੋ-ਖ਼ਾਲਿਸਤਾਨ ਤੱਤਾਂ ਖ਼ਿਲਾਫ਼ ਹੱਤਿਆਵਾਂ ਅਤੇ ਜ਼ਬਰਦਸਤੀ ਵਸੂਲੀ ਵਰਗੀਆਂ ਗਤੀਵਿਧੀਆਂ ਦੇ ਇਲਜ਼ਾਮ ਸ਼ਾਮਲ ਹਨ। ਇਹ ਦੋਹਰਾ ਮਾਪਦੰਡ ਵੀ ਅੰਤਰਰਾਸ਼ਟਰੀ ਪੱਧਰ 'ਤੇ ਗੰਭੀਰ ਚਿੰਤਾ ਦਾ ਵਿਸ਼ਾ ਹੈ। ਅਫ਼ਸੋਸ ਕਿ ਪੱਛਮੀ ਸੰਸਾਰ ਦੇ ਕਈ ਹਿੱਸੇ ਇਸ ਮਸਲੇ ਨੂੰ ਲੰਮੇ ਸਮੇਂ ਤੱਕ ਸਿਰਫ਼ ਭਾਰਤ-ਕੈਨੇਡਾ ਕੂਟਨੀਤਕ ਤਣਾਅ ਵਜੋਂ ਹੀ ਵੇਖ ਰਹੇ ਹਨ।

ਭਾਰਤ ਦੀ ਕਾਨੂੰਨੀ ਪ੍ਰਤੀਕਿਰਿਆ ਵੀ ਇਸੇ ਖ਼ਤਰੇ ਦੀ ਪਹਿਚਾਣ 'ਤੇ ਆਧਾਰਿਤ ਹੈ। Sikhs for Justice 'ਤੇ ਪਾਬੰਦੀ, ਬੱਬਰ ਖ਼ਾਲਸਾ ਨਾਲ ਜੁੜੇ ਮਾਡਿਊਲਾਂ 'ਤੇ ਕਾਰਵਾਈ, ਸਰਹੱਦ ਪਾਰ ਹਥਿਆਰ-ਤਸਕਰੀ ਅਤੇ ਡਰੋਨ ਨੈੱਟਵਰਕਾਂ ਦਾ ਪਰਦਾਫਾਸ਼—ਇਹ ਸਭ ਕੁਝ ਇੱਕੋ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਅੱਜ ਦਾ ਖ਼ਤਰਾ 1980 ਦੇ ਦਹਾਕੇ ਦੀ ਯਾਦ ਨਹੀਂ, ਸਗੋਂ ਮੌਜੂਦਾ ਸੁਰੱਖਿਆ ਹਕੀਕਤ ਹੈ। ਭਾਰਤ ਨੂੰ ਇਤਰਾਜ਼ ਧਾਰਮਿਕ ਵਕਾਲਤ ਨਾਲ ਨਹੀਂ, ਬਲਕਿ ਉਨ੍ਹਾਂ ਗਤੀਵਿਧੀਆਂ ਨਾਲ ਹੈ, ਜੋ ਭਾਰਤ ਦੀ ਪ੍ਰਭੂਸੱਤਾ, ਅਖੰਡਤਾ ਅਤੇ ਅੰਦਰੂਨੀ ਸੁਰੱਖਿਆ ਲਈ ਨੁਕਸਾਨਦੇਹ ਮੰਨੀਆਂ ਜਾਂਦੀਆਂ ਹਨ। ਕਾਨੂੰਨੀ ਭਾਸ਼ਾ ਦੇ ਘੇਰੇ 'ਤੇ ਵੱਖ-ਵੱਖ ਰਾਏ ਹੋ ਸਕਦੀਆਂ ਹਨ, ਪਰ ਮੁੱਖ ਨੁਕਤਾ ਨਹੀਂ ਬਦਲਦਾ। ਭਾਰਤ ਇੱਕ ਅਜਿਹੀ ਵੱਖਵਾਦੀ ਪ੍ਰਣਾਲੀ ਦਾ ਜਵਾਬ ਦੇ ਰਿਹਾ ਹੈ, ਜਿਸ ਨਾਲ ਵਾਰ-ਵਾਰ ਉਕਸਾਵਾਂ, ਅਸਥਿਰਤਾ ਅਤੇ ਹਿੰਸਾ ਦੀ ਹਮਾਇਤ ਜੁੜੀ ਰਹੀ ਹੈ।

ਹੁਣ ਹਾਲਾਤ ਹੋਰ ਵੀ ਗੰਭੀਰ ਹੋ ਗਏ ਹਨ। ਆਈਐਸਆਈ-ਸਪਾਂਸਰ ਤੱਤ ਅਤੇ ਖਾਲਿਸਤਾਨੀ ਹਿੰਸਕ ਨੈੱਟਵਰਕ ਸਿਰਫ਼ ਵਿਚਾਰਧਾਰਕ ਜ਼ਿਹਰ ਹੀ ਨਹੀਂ ਫੈਲਾ ਰਹੇ, ਸਗੋਂ ਇਕ ਵਾਰ ਫਿਰ ਜ਼ਮੀਨੀ ਹਮਲਿਆਂ ਤੱਕ ਵੀ ਉਤਰ ਆਏ ਹਨ। ਬੀਤੇ ਦਿਨੀਂ ਚੰਡੀਗੜ੍ਹ ਸਥਿਤ ਪੰਜਾਬ ਭਾਜਪਾ ਦਫ਼ਤਰ 'ਤੇ ਗ੍ਰਨੇਡ ਹਮਲਾ ਕੀਤਾ ਗਿਆ। ਇਹ ਹਮਲੇ ਸਿਰਫ਼ ਇਮਾਰਤਾਂ 'ਤੇ ਨਹੀਂ ਹੁੰਦੇ—ਇਹ ਰਾਜ ਦੀ ਅਥਾਰਿਟੀ, ਲੋਕਤੰਤਰੀ ਢਾਂਚੇ ਅਤੇ ਜਨ-ਮਾਨਸ ਦੇ ਵਿਸ਼ਵਾਸ 'ਤੇ ਹਮਲੇ ਹੁੰਦੇ ਹਨ। ਰਾਜਨੀਤਿਕ ਦਫ਼ਤਰ 'ਤੇ ਗ੍ਰਨੇਡ ਸੁੱਟਣਾ ਲੋਕਤੰਤਰ ਨੂੰ ਡਰਾਉਣ ਦੀ ਕੋਸ਼ਿਸ਼ ਹੈ। ਇਸੇ ਤਰ੍ਹਾਂ ਪਿਛਲੇ ਮਹੀਨੇ ਇਕ ਸਰਹੱਦੀ ਪੁਲਿਸ ਚੌਕੀ ਨੂੰ ਨਿਸ਼ਾਨਾ ਬਣਾਉਂਦਿਆਂ ਇਕ ਏ.ਐੱਸ.ਆਈ. ਸਮੇਤ ਇਕ ਪੁਲੀਸ ਕਰਮੀ ਨੂੰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਸੁਰੱਖਿਅਤ ਪੁਲੀਸ ਖ਼ੁਫ਼ੀਆ ਹੈੱਡਕੁਆਰਟਰ, ਪੁਲਿਸ ਥਾਣਿਆਂ ਅਤੇ ਚੌਕੀਆਂ 'ਤੇ ਹਮਲੇ ਸੁਰੱਖਿਆ ਤੰਤਰ ਨੂੰ ਚੁਨੌਤੀ ਹਨ। ਅਜਿਹੀਆਂ ਵਾਰਦਾਤਾਂ ਇਸ ਗੱਲ ਨੂੰ ਪੁਖ਼ਤਾ ਬਣਾਉਂਦੀਆਂ ਹਨ ਕਿ ਸਰਹੱਦ ਪਾਰੋਂ ਚਲਾਇਆ ਜਾ ਰਿਹਾ ਨਸ਼ੇ, ਹਥਿਆਰਾਂ, ਡਰੋਨਾਂ, ਗ੍ਰਨੇਡਾਂ ਅਤੇ ਪ੍ਰਚਾਰ ਦਾ ਜਾਲ ਪੰਜਾਬ ਦੀ ਧਰਤੀ ਨੂੰ ਮੁੜ ਅਸਥਿਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਹੁਣ ਇਸ ਨੂੰ ਸਿਰਫ਼ "ਫ੍ਰਿੰਜ ਐਕਟਿਵਿਟੀ" ਕਹਿ ਕੇ ਟਾਲਿਆ ਨਹੀਂ ਜਾ ਸਕਦਾ। ਜਦੋਂ ਇਹ ਸਭ ਕੁਝ ਉਸੇ ਸਮੇਂ ਹੋਵੇ, ਜਦੋਂ ਵਿਦੇਸ਼ੀ ਧਰਤੀ 'ਤੇ ਬੈਠੇ ਕੁਝ ਕੱਟੜ ਗਿਰੋਹ ਗੁਰਦੁਆਰਿਆਂ, ਕਮਿਊਨਿਟੀ ਸੰਸਥਾਵਾਂ ਅਤੇ ਪਰਵਾਸੀ ਸਿੱਖ ਭਾਈਚਾਰੇ ਦੇ ਅੰਦਰ ਪ੍ਰਭਾਵ ਲਈ ਲੜ ਰਹੇ ਹੋਣ, ਤਾਂ ਤਸਵੀਰ ਹੋਰ ਵੀ ਸਪਸ਼ਟ ਹੋ ਜਾਂਦੀ ਹੈ—ਇਹ ਸਿਰਫ਼ ਵਿਚਾਰਧਾਰਾ ਨਹੀਂ, ਇਹ ਇੱਕ ਦੂਜੇ ਨਾਲ ਜੁੜਿਆ ਹੋਇਆ ਨੈੱਟਵਰਕ ਹੈ।

ਕੱਟੜਪੰਥੀ ਰਾਜਨੀਤੀ ਸਿਰਫ਼ ਉਸ ਰਾਜ ਦਾ ਵਿਰੋਧ ਕਰਕੇ ਜਿਊਂਦੀ ਨਹੀਂ ਰਹਿੰਦੀ, ਜਿਸ ਦਾ ਉਹ ਵਿਰੋਧ ਕਰਦੀ ਹੈ; ਇਹ ਉਸ ਭਾਈਚਾਰੇ 'ਤੇ ਕਬਜ਼ਾ ਕਰਕੇ ਵੀ ਮਜ਼ਬੂਤ ਹੋਣ ਦੀ ਖ਼ਾਹਿਸ਼ਮੰਦ ਹੈ, ਜਿਸ ਦੀ ਇਹ ਨੁਮਾਇੰਦਗੀ ਕਰਨ ਦਾ ਦਾਅਵਾ ਕਰਦੀ ਹੈ। ਗੁਰਦੁਆਰਾ-ਕੇਂਦਰਿਤ ਭਾਈਚਾਰਕ ਜੀਵਨ ਵਿੱਚ ਇਹ ਹੋਰ ਵੀ ਖ਼ਤਰਨਾਕ ਹੈ, ਕਿਉਂਕਿ ਧਾਰਮਿਕ ਸੰਸਥਾਵਾਂ ਮਰਯਾਦਾ ਨਾਲ ਚਲਦੀਆਂ ਹਨ; ਇਸ ਲਈ ਉਨ੍ਹਾਂ ਨੂੰ ਕਦੇ ਵੀ ਵਿਚਾਰਧਾਰਕ ਡਰਾਵੇ, ਦਬਾਅ ਜਾਂ ਗਿਰੋਹਬੰਦੀ ਦੇ ਸਾਧਨ ਵਿੱਚ ਨਹੀਂ ਬਦਲਣ ਦੇਣਾ ਚਾਹੀਦਾ।

ਕੈਨੇਡਾ ਵਿੱਚ ਉੱਭਰਿਆ ਇਹ ਵਿਵਾਦ ਵਿਸ਼ੇਸ਼ ਧਿਆਨ ਮੰਗਦਾ ਹੈ ਅਤੇ ਇਹ ਇਸ਼ਾਰਾ ਕਰਦਾ ਹੈ ਕਿ ਕੈਨੇਡਾ ਦੀ ਧਰਤੀ ਹੁਣ ਸਿਰਫ਼ ਡਾਇਸਪੋਰਾ ਰਾਜਨੀਤੀ ਦਾ ਕੇਂਦਰ ਨਹੀਂ ਰਹੀ, ਸਗੋਂ ਇੱਕ ਅਜਿਹਾ ਮੰਚ ਬਣਦੀ ਜਾ ਰਹੀ ਹੈ, ਜਿੱਥੇ ਕੁਝ ਵੱਖਵਾਦੀ ਗਿਰੋਹ ਪ੍ਰਚਾਰ, ਫੰਡਿੰਗ ਅਤੇ ਯੋਜਨਾਬੰਦੀ ਕਰ ਰਹੇ ਹਨ। ਜਦੋਂ ਡਾਇਸਪੋਰਾ ਦੇ ਅੰਦਰੋਂ ਹੀ ਡਰਾਉਣ-ਧਮਕਾਉਣ, ਸੰਸਥਾਵਾਂ ਦੀ ਦੁਰਵਰਤੋਂ ਅਤੇ ਅਸਹਿਮਤੀ ਵਿਰੁੱਧ ਕਾਰਵਾਈ ਦੇ ਦੋਸ਼ ਸਾਹਮਣੇ ਆ ਰਹੇ ਹੋਣ, ਤਾਂ ਇਹ ਮੁੱਦਾ ਕਿਸੇ ਇੱਕ ਧਿਰ ਜਾਂ ਇੱਕ ਘਟਨਾ ਤੋਂ ਕਾਫ਼ੀ ਵੱਡਾ ਹੋ ਜਾਂਦਾ ਹੈ। ਕੈਨੇਡਾ ਵਿੱਚ ਧਿਰਾਂ ਦਾ ਇਕ-ਦੂਜੇ ਨਾਲ ਭਿੜਨਾ ਸਿਰਫ਼ ਇੱਕ ਵਾਰਦਾਤ ਨਹੀਂ, ਇਹ ਇੱਕ ਵੱਡੇ ਅਤੇ ਡੂੰਘੇ ਖ਼ਤਰੇ ਦੀ ਨਿਸ਼ਾਨੀ ਹੈ। ਇਸ ਮਾਮਲੇ ਵਿੱਚ ਦੋ ਗੱਲਾਂ ਬਹੁਤ ਜ਼ਰੂਰੀ ਹਨ। ਪਹਿਲੀ—ਸਿੱਖ ਭਾਈਚਾਰੇ ਨੂੰ ਸ਼ੱਕ ਦੇ ਘੇਰੇ ਵਿੱਚ ਲਿਆਉਣਾ ਗ਼ਲਤ ਹੋਵੇਗਾ। ਦੂਜੀ—ਖਾਲਿਸਤਾਨੀ ਹਿੰਸਕ ਕੱਟੜਵਾਦ ਨੂੰ "ਛੋਟਾ ਮਸਲਾ" ਸਮਝ ਕੇ ਛੱਡ ਦੇਣਾ ਹੋਰ ਵੀ ਵੱਡੀ ਗ਼ਲਤੀ ਸਿੱਧ ਹੋਵੇਗੀ। ਕਿਉਂਕਿ ਜਿੱਥੇ ਸਮਾਜ ਚੁੱਪ ਰਹਿੰਦਾ ਹੈ, ਉੱਥੇ ਕੱਟੜਪੰਥੀ ਆਪਣੀਆਂ ਜੜ੍ਹਾਂ ਹੋਰ ਡੂੰਘੀਆਂ ਕਰ ਲੈਂਦੇ ਹਨ। ਅਸਲ ਸਵਾਲ ਇਹ ਨਹੀਂ ਕਿ ਕਿੰਨੇ ਲੋਕ ਨਾਅਰੇ ਲਗਾਉਂਦੇ ਹਨ। ਅਸਲ ਸਵਾਲ ਇਹ ਹੈ ਕਿ ਕੀ ਲੋਕਤੰਤਰੀ ਸਮਾਜ ਅਜਿਹੀ ਹਿੰਸਕ ਰਾਜਨੀਤੀ ਨੂੰ ਧਰਮ, ਪਹਿਚਾਣ ਅਤੇ ਅਧਿਕਾਰਾਂ ਦੀ ਭਾਸ਼ਾ ਦੀ ਢਾਲ ਹੇਠ ਅੱਗੇ ਵਧਣ ਦੇਣਗੇ? ਕੀ ਗੁਰਦੁਆਰੇ ਕਮਿਊਨਿਟੀ ਦੇ ਕੇਂਦਰ ਰਹਿਣਗੇ ਜਾਂ ਗਿਰੋਹਬੰਦੀ ਦੇ ਅੱਡੇ ਬਣਨ ਦਿੱਤੇ ਜਾਣਗੇ? ਕੀ ਕੈਨੇਡਾ ਦੀ ਧਰਤੀ ਆਜ਼ਾਦੀ ਦਾ ਮੰਚ ਰਹੇਗੀ ਜਾਂ ਭਾਰਤ-ਵਿਰੋਧੀ ਹਿੰਸਾ ਦੀ ਪਿਛਲੀ ਲਾਈਨ? ਕੀ ਪੰਜਾਬ ਨੂੰ ਮੁੜ ਖ਼ੂਨ ਅਤੇ ਬਾਰੂਦ ਦੇ ਸਾਏ ਵਿੱਚ ਧੱਕਣ ਦੀਆਂ ਕੋਸ਼ਿਸ਼ਾਂ ਨੂੰ ਸਿਰਫ਼ "ਪਰਵਾਸੀ ਰਾਜਨੀਤੀ" ਕਹਿ ਕੇ ਟਾਲ ਦਿੱਤਾ ਜਾਵੇਗਾ? ਚੁੱਪ ਰਹਿਣਾ ਇਸ ਸਮੱਸਿਆ ਦਾ ਹੱਲ ਨਹੀਂ। ਜਦੋਂ ਵੱਖਵਾਦ ਧਾਰਮਿਕ ਸੰਸਥਾਵਾਂ ਦੀ ਢਾਲ ਲੈ ਲੈਂਦਾ ਹੈ, ਵਿਦੇਸ਼ੀ ਸਹਾਇਤਾ ਨਾਲ ਮਜ਼ਬੂਤ ਹੁੰਦਾ ਹੈ ਅਤੇ ਕਮਿਊਨਿਟੀ ਦੇ ਅੰਦਰ ਹੀ ਡਰ ਦਾ ਮਾਹੌਲ ਬਣਾਉਂਦਾ ਹੈ, ਤਾਂ ਚੁੱਪੀ ਇਕ ਤਰ੍ਹਾਂ ਦੀ ਇਜਾਜ਼ਤ ਬਣ ਜਾਂਦੀ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ, 9781355522**
**ਬੁਲਾਰਾ, ਪੰਜਾਬ ਭਾਜਪਾ**

ਆਵਾਜ਼ਿ ਕੌਮ AWAZE QAUM International Newspaper & WEB TV

## ਮੋਦੀ ਹਕੂਮਤ ਅਤੇ ਖੂਫੀਆ ਏਜੰਸੀਆ ਵੱਲੋ ਸਿੱਖਾਂ ਦੇ ਸਾਜਸੀ ਢੰਗਾਂ ਨਾਲ ਕੀਤੇ ਜਾ ਰਹੇ ਕਤਲਾਂ ਸੰਬੰਧੀ, ਵਿਰੋਧੀ ਧਿਰ ਦੇ ਆਗੂ ਚੁੱਪ ਕਿਉਂ ? : ਮਾਨ



**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** "ਜਦੋਂ ਇੰਡੀਆਂ ਦੀ ਜਾਬਰ ਤੇ ਮੁਤੱਸਵੀ ਮੋਦੀ ਹਕੂਮਤ ਅਤੇ ਉਸਦੀਆਂ ਖ਼ੂਫੀਆ ਏਜੰਸੀਆ ਜਿਨ੍ਹਾਂ ਵਿਚ ਸਾਮਿਲ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਨੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌਂ ਪੰਜਾਬ ਦੇ ਕਤਲ ਕਰਵਾਏ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ । ਜਿਨ੍ਹਾਂ ਨੇ ਯੂ.ਐਸ. ਕਮਿਸਨ ਓਨ ਇੰਟਰਨੈਸ਼ਨਲ ਰੀਲੀਜੀਅਸ ਫਰੀਡਮ ਦੇ ਕੌਮਾਂਤਰੀ ਕਾਨੂੰਨਾਂ, ਨਿਯਮਾਂ ਦਾ ਘਾਣ ਕਰਕੇ ਅਮਰੀਕਾ ਦੀ ਮੁਨਰੋ ਡਾਕਟਰੀਨ ਅਤੇ ਕੈਨੇਡਾ, ਬਰਤਾਨੀਆ, ਪਾਕਿਸਤਾਨ ਦੀ ਪ੍ਰਭੂਸਤਾ ਨੂੰ ਚੁਣੋਤੀ ਦਿੱਤੀ । ਇਨ੍ਹਾਂ ਕਤਲਾਂ ਵਿਰੁੱਧ ਸੈਟਰ ਅਤੇ ਪੰਜਾਬ ਦੀ ਕਾਂਗਰਸ ਜਮਾਤ ਦੇ ਕ੍ਰਮਵਾਰ ਆਗੂ ਬੀਬੀ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਪੰਜਾਬ ਦੀ ਵਿਰੋਧੀ ਧਿਰ ਦੇ ਨੇਤਾ ਸ. ਪ੍ਰਤਾਪ ਸਿੰਘ ਬਾਜਵਾ ਵੱਲੋ ਨਿਰੰਤਰ ਚੁੱਪੀ ਕਿਉਂ ਵੱਟੀ ਹੋਈ ਹੈ ? ਉਹ ਇਨ੍ਹਾਂ ਗੈਰ ਕਾਨੂੰਨੀ ਤੇ ਗੈਰ ਇਨਸਾਨੀ ਤਰੀਕੇ ਸਿੱਖਾਂ ਦੇ ਹੋਏ ਕਤਲਾਂ ਵਿਰੁੱਧ ਆਵਾਜ ਕਿਉ ਨਹੀ ਉਠਾ ਰਹੇ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਵਿਰੋਧੀ ਧਿਰ ਦੇ ਨੇਤਾ ਕਾਂਗਰਸੀ ਆਗੂ ਸ. ਪ੍ਰਤਾਪ ਸਿੰਘ ਬਾਜਵਾ ਨੂੰ ਬੀਤੇ ਦਿਨੀਂ ਇਕ ਭੇਜੇ ਲਿਖਤੀ ਪੱਤਰ ਵਿਚ ਉਠਾਉਦੇ ਹੋਏ ਸ. ਬਾਜਵਾ ਦੀ ਆਤਮਾ ਨੂੰ ਝਿੰਜੋੜਦੇ ਹੋਏ ਕਿਹਾ ਕਿ ਜਦੋ ਸਮੁੱਚੀ ਦੁਨੀਆ ਉਪਰੋਕਤ ਹੋਏ ਸਿੱਖਾਂ ਦੇ ਕਤਲਾਂ ਸੰਬੰਧੀ ਆਵਾਜ ਉਠਾ ਰਹੀ ਹੈ ਅਤੇ ਜਿਸ ਸੰਬੰਧੀ ਅਮਰੀਕਾ, ਕੈਨੇਡਾ ਵੱਲੋ ਹੋਏ ਕਤਲਾਂ ਦੇ ਸਬੂਤ ਕੌਮਾਂਤਰੀ ਤੌਰ ਤੇ ਪ੍ਰਤੱਖ ਕਰਕੇ ਇਹ ਸਾਬਤ ਕਰ ਦਿੱਤਾ ਗਿਆ ਹੈ ਕਿ ਇਨ੍ਹਾਂ ਸਿੱਖਾਂ ਦੇ ਕਤਲ ਮੋਦੀ ਹਕੂਮਤ ਤੇ ਉਸਦੀ ਜੂੰਡਲੀ ਨੇ ਕਰਵਾਏ, ਉਸ ਉਤੇ ਇਨ੍ਹਾਂ ਵੱਲੋ ਅਮਲ ਨਾ ਹੋਣ ਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਇਸ ਪੱਤਰ ਵਿਚ ਉਨ੍ਹਾਂ ਇਹ ਵੀ ਵਰਣਨ ਕੀਤਾ ਕਿ ਜਦੋ ਮੈਂ ਪਾਰਲੀਮੈਂਟ ਵਿਚ ਮੈਬਰ ਸੀ, ਤਾਂ ਮੈਂ ਬੀਬੀ ਸੋਨੀਆ ਗਾਂਧੀ ਨੂੰ ਉਚੇਚੇ ਤੌਰ ਤੇ ਮਿਲਿਆ ਸੀ ਅਤੇ ਉਨ੍ਹਾਂ ਨੂੰ ਗੱਲਬਾਤ ਕਰਦੇ ਹੋਏ ਕਿਹਾ ਸੀ ਕਿ ਉਪਰੋਕਤ ਮੋਦੀ ਦੀ ਕਾਤਲ ਜੂੰਡਲੀ ਵੱਲੋ ਸਿੱਖਾਂ ਦੇ ਕੀਤੇ ਗਏ ਕਤਲਾਂ ਵਿਰੁੱਧ ਜ਼ਰੂਰ ਬੋਲਿਆ ਜਾਵੇ । ਉਨ੍ਹਾਂ ਨੇ ਇਸਦੀ ਹਾਮੀ ਭਰੀ ਸੀ, ਪਰ ਇਸ ਵਿਸੇ ਤੇ ਕੋਈ ਅਮਲ ਨਹੀ ਕੀਤਾ ਗਿਆ । ਇਸੇ ਤਰ੍ਹਾਂ ਸ੍ਰੀ ਰਾਹੁਲ ਗਾਂਧੀ ਨੂੰ ਵੀ ਉਪਰੋਕਤ ਵਿਸੇ ਉਤੇ ਵਿਚਾਰ ਕਰਦੇ ਹੋਏ ਕਿਹਾ ਸੀ ਕਿ ਇਸ ਵਿਰੁੱਧ ਆਵਾਜ ਉਠਾਈ ਜਾਵੇ । ਪਰ ਉਨ੍ਹਾਂ ਵੱਲੋ ਵੀ ਕੋਈ ਅਮਲ ਨਹੀ ਹੋਇਆ । ਅਸੀ ਮਹਿਸੂਸ ਕਰਦੇ ਹਾਂ ਕਿ ਜੇਕਰ ਸੈਟਰ ਦੀਆਂ ਜਮਾਤਾਂ ਸਾਨੂੰ ਬਤੌਰ ਸਿੱਖ ਮਾਨਤਾ ਨਹੀ ਦਿੰਦੇ ਅਤੇ ਸਾਨੂੰ ਸਿੱਖ ਨਹੀ ਸਮਝਦੇ ਤਾਂ ਮਨੁੱਖੀ ਤੇ ਇਨਸਾਨੀ ਕਦਰਾਂ ਕੀਮਤਾਂ ਦੇ ਬਿਨ੍ਹਾਂ ਤੇ ਹੀ ਉਨ੍ਹਾਂ ਨੂੰ ਉਪਰੋਕਤ ਹੋਏ ਸਿੱਖ ਕਤਲਾਂ ਵਿਰੁੱਧ ਬੋਲਣਾ ਬਣਦਾ ਸੀ । ਜਦੋਕਿ ਕਾਂਗਰਸ ਆਪਣੇ ਆਪ ਨੂੰ ਜਮਹੂਰੀਅਤ ਅਤੇ ਅਮਨ ਪਸੰਦ ਪਾਰਟੀ ਅਖਵਾਉਦੀ ਹੈ । ਉਨ੍ਹਾਂ ਕਿਹਾ ਕਿਉਂਕਿ ਸ. ਪ੍ਰਤਾਪ ਸਿੰਘ ਬਾਜਵਾ ਇਕ ਪੰਜਾਬੀ ਅਤੇ ਅੱਛੇ ਸਿੱਖ ਪਰਿਵਾਰ ਵਿਚੋ ਹਨ, ਉਨ੍ਹਾਂ ਵੱਲੋ ਇਸ ਵਿਸੇ ਉਤੇ ਆਵਾਜ ਨਾ ਉਠਾਉਣਾ ਸਾਨੂੰ ਤੇ ਸਾਡੀ ਆਤਮਾ ਵਿਚ ਇਹ ਗੱਲਾਂ ਰੜਕਦੀਆ ਵੀ ਹਨ ਅਤੇ ਰੋਹ ਵੀ ਉਤਪੰਨ ਹੁੰਦਾ ਹੈ । ਉਨ੍ਹਾਂ ਸ. ਬਾਜਵਾ ਤੋ ਉਮੀਦ ਪ੍ਰਗਟ ਕੀਤੀ ਕਿ ਉਹ ਇਨ੍ਹਾਂ ਹੋਏ ਗੈਰ ਕਾਨੂੰਨੀ ਕਤਲਾਂ ਸੰਬੰਧੀ ਕੇਵਲ ਆਪ ਹੀ ਆਵਾਜ ਨਹੀ ਉਠਾਉਣਗੇ ਬਲਕਿ ਆਪਣੀ ਸੈਟਰ ਦੀ ਲੀਡਰਸਿਪ ਨੂੰ ਵੀ ਆਪਣੀਆ ਜਿੰਮੇਵਾਰੀਆ ਤੋ ਸੁਚੇਤ ਕਰਦੇ ਹੋਏ ਇਹ ਅਮਲ ਕਰਵਾਉਣਗੇ।

## ਗੜ੍ਹੇਮਾਰੀ ਨਾਲ ਪ੍ਰਭਾਵਿਤ ਇਲਾਕਿਆਂ ਦਾ ਮਿਸਲ ਸਤਲੁਜ਼ ਦੀ ਟੀਮ ਕਰੇਗੀ ਦੌਰਾ





**ਫ਼ਿਰੋਜ਼ਪੁਰ, 06 ਅਪ੍ਰੈਲ (ਮਨੋਹਰ ਲਾਲ) :—** ਮਿਸਲ ਸਤਲੁਜ ਦੇ ਮੀਤ ਪ੍ਰਧਾਨ ਅਤੇ ਜਥੇਬੰਦਕ ਇੰਚਾਰਜ ਹਰਦੀਪ ਸਿੰਘ ਡੋਡ ਦੀ ਅਗਵਾਈ ਵਿੱਚ ਮਿਸਲ ਸਤਲੁਜ ਦੇ ਢਾਂਚੇ ਦੇ ਵਿਸਥਾਰ ਅਤੇ ਸਰਗਰਮੀਆਂ ਹੋਰ ਤੇਜ ਕਰਨ, ਵਿਸਾਖੀ ਮੌਕੇ ਸ੍ਰੀ ਦਮਦਮਾ ਸਾਹਿਬ ਵਿਖੇ ਪਟੀਸ਼ਨ ਭਰਵਾਉਣ ਦੇ ਕੈਂਪ ਦੀ ਦੇਖ-ਰੇਖ ਸਬੰਧੀ ਮੀਟਿੰਗ ਹੋਈ। ਇਸ ਮੌਕੇ ਸੂਬਾ ਸਕੱਤਰ ਰਣਪਿੰਦਰਜੀਤ ਸਿੰਘ ਗੋਲਡੀ ਵੱਲੋਂ ਬੱਚਿਆਂ ਨੂੰ ਸਿੱਖ ਰਵਾਇਤਾਂ ਨਾਲ ਜੋੜਨ ਲਈ 'ਪੰਥਕ ਪੜਾਅ' ਮੁਹਿੰਮ ਨੂੰ ਸਰਗਰਮ ਕਰਨ ਬਾਬਤ ਵਿਚਾਰ ਦਿੱਤੇ। ਇਸ ਮੌਕੇ ਹਰਦੇਵ ਸਿੰਘ ਬਰਾੜ ਘਣੀਏਵਾਲਾ ਸਕੱਤਰ ਕਿਸਾਨ ਵਿੰਗ ਵੱਲੋਂ ਗੜ੍ਹੇਮਾਰੀ ਨਾਲ ਪ੍ਰਭਾਵਤ ਇਲਾਕਿਆਂ ਵਿੱਚ ਵਿਸ਼ੇਸ਼ ਟੀਮ ਬਣਾਕੇ ਦੌਰਾ ਕਰਨ ਸੰਬੰਧੀ ਪ੍ਰੋਗਰਾਮ ਉਲੀਕਿਆ ਗਿਆ ਤਾਂ ਜੋ ਸਰਕਾਰ ਨੂੰ ਅਸਲ ਸ਼ੀਸ਼ਾ ਵਿਖਾਇਆ ਜਾ ਸਕੇ। ਉਨ੍ਹਾਂ ਮੁੱਖ ਮੰਤਰੀ ਦੀਆਂ ਕਿੱਕਲੀਆਂ ਵਾਲੀ ਹਲਕੇ ਪੱਧਰ ਦੀ ਸਿਆਸਤ ਤੇ ਖੇਦ ਵਿਅਕਤ ਕੀਤਾ। ਇਸ ਮੌਕੇ ਤੇ ਜਗਦੇਵ ਸਿੰਘ, ਮਹਿੰਦਰ ਸਿੰਘ ਪਿਪਲੀ, ਅੰਮ੍ਰਿਤਪਾਲ ਸਿੰਘ ਜੀਰਾ, ਸਰਬਜੀਤ ਸਿੰਘ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਿੰਦੂ ਜੱਥੇਬੰਦੀਆਂ ਵਲੋਂ ਕੈਨੇਡਾ ਵਿੱਚ ਖਾਲਿਸਤਾਨ ਦੇ ਝੰਡੇ 'ਤੇ ਪਾਬੰਦੀ ਲਗਾਉਣ ਦੀ ਦਿੱਤੀ ਗਈ ਪਟੀਸ਼ਨ ਦੇ ਵਿਰੋਧ ਵਿਚ

# ਕੈਨੇਡੀਅਨ ਸਿੱਖਾਂ ਵਲੋਂ ਭਾਰੀ ਰੋਸ ਮੁਜਾਹਿਰਾ







**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਹਿੰਦੂ ਕੈਨੇਡੀਅਨ ਫੌਂਡੇਸ਼ਨ ਵੱਲੋਂ ਫੇਸਬੁੱਕ 'ਤੇ ਕੈਨੇਡਾ ਵਿੱਚ ਖਾਲਿਸਤਾਨ ਦੇ ਝੰਡੇ 'ਤੇ ਪਾਬੰਦੀ ਲਗਾਉਣ ਅਤੇ ਖਾਲਿਸਤਾਨ ਰਿਫਰੈਂਡਮ ਨੂੰ ਬੈਨ ਕਰਨ ਲਈ 100 ਤੋਂ ਵੱਧ ਹਿੰਦੂ ਮੰਦਰਾਂ ਵੱਲੋਂ ਸਾਂਝੀ ਪਟੀਸ਼ਨ ਕੈਨੇਡਾ ਸਰਕਾਰ ਨੂੰ ਦੇਣ ਦੇ ਪ੍ਰਚਾਰ ਤੋਂ ਬਾਅਦ, ਕੈਨੇਡੀਅਨ ਸਿੱਖਾਂ ਵੱਲੋਂ ਸ਼੍ਰੀ ਲਕਸ਼ਮੀ ਨਾਰਾਇਣ ਮੰਦਿਰ , ਸਰੀ ਅਤੇ ਤ੍ਰਿਵੇਨੀ ਮੰਦਿਰ , ਬ੍ਰਮਪਟਨ ਦੇ ਬਾਹਰ ਵੱਡੇ ਪ੍ਰਦਰਸ਼ਨ ਕੀਤੇ ਗਏ। ਇਨ੍ਹਾਂ ਪ੍ਰਦਰਸ਼ਨਾਂ ਦੌਰਾਨ ਖਾਲਿਸਤਾਨੀ ਸਿੱਖਾਂ ਵੱਲੋਂ ਵੱਡੀ ਗਿਣਤੀ ਵਿੱਚ ਇਕੱਠ ਕੀਤਾ ਗਿਆ, ਜਿੱਥੇ ਸਿੱਖ ਨੁਮਾਇੰਦਿਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ। "ਖਾਲਿਸਤਾਨ ਜ਼ਿੰਦਾਬਾਦ", "ਕਿਲ ਕਿਲ ਮੋਦੀ ਪੋਲਿਟਿਕਸ" ਅਤੇ "ਕੈਨੇਡਾ ਵਿੱਚ ਵਿਦੇਸ਼ੀ ਦਖਲਅੰਦਾਜ਼ੀ ਬੰਦ ਕਰੋ" ਵਰਗੇ ਨਾਅਰੇ ਲਗਾਏ ਗਏ। ਸਾਰੇ ਪ੍ਰਦਰਸ਼ਨਕਾਰੀਆਂ ਦੇ ਹੱਥਾਂ ਵਿੱਚ ਖਾਲਿਸਤਾਨ ਦੇ ਝੰਡੇ ਸਨ ਅਤੇ ਲਗਭਗ 40 ਫੁੱਟ ਉੱਚਾ ਖਾਲਿਸਤਾਨ ਦਾ ਝੰਡਾ ਵੀ ਲਹਿਰਾਇਆ ਗਿਆ। ਇਹ ਰੈਲੀਆਂ ਕੈਨੇਡਾ ਦੇ ਕਾਨੂੰਨਾਂ ਤਹਿਤ ਸ਼ਾਂਤੀਪੂਰਵਕ ਢੰਗ ਨਾਲ ਹੋਈਆਂ। ਦੋਵੇਂ ਸ਼ਹਿਰਾਂ ਵਿੱਚ ਖਾਲਿਸਤਾਨੀ ਪੱਖੀ ਸਿੱਖਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ ਅਤੇ ਇਹ ਰੈਲੀਆਂ ਬਹੁਤ ਸਫਲ ਰਹੀਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਵੱਲੋਂ ਸਾਬਕਾ ਸੀਆਈਏ ਅਧਿਕਾਰੀ ਜੌਨ ਕਿਰੀਆਕੌਂ ਦੇ ਦਿੱਤੇ ਬਿਆਨ ਉੱਪਰ ਮੰਗ ਕੀਤੀ ਗਈ ਕਿ ਏਅਰ ਇੰਡੀਆ ਜਹਾਜ਼ ਦੇ ਕਰੈਸ਼ ਹੋਣ ਦੀ ਜਾਂਚ ਪੜਤਾਲ ਦੁਬਾਰਾ ਤੋਂ ਸ਼ੁਰੂ ਕੀਤੀ ਜਾਵੇ ਜਿਸ ਵਿੱਚ ਉਹਨਾਂ ਨੇ ਏਅਰ ਇੰਡੀਆ 182 ਫਲਾਈਟ ਜਿਸ ਨੂੰ 1985 ਵਿੱਚ ਬੰਬ ਧਮਾਕੇ ਨਾਲ ਉੜਾ ਦਿੱਤਾ ਗਿਆ ਸੀ, 329 ਬੇਕਸੂਰ ਮੁਸਾਫਰ ਮਾਰੇ ਗਏ ਦਾ ਇਲਜ਼ਾਮ ਸਿੱਧਾ ਭਾਰਤ ਉੱਪਰ ਲਗਾ ਦਿੱਤਾ ਗਿਆ ਹੈ। ਉਨਾਂ ਨੇ ਵਿਦੇਸ਼ਾਂ ਵਿੱਚ ਭਾਈ ਹਰਦੀਪ ਸਿੰਘ ਨਿੱਜਰ ਅਤੇ ਭਾਈ ਅਵਤਾਰ ਸਿੰਘ ਖੰਡੇ ਸਮੇਤ ਹੋਰ ਸਿੱਖ ਨੇਤਾਵਾਂ ਦੇ ਕਤਲ ਵਿਚ ਭਾਰਤੀ ਹੱਥ ਹੋਣ ਦਾ ਦਾਹਵਾ ਕੀਤਾ ਹੈ। ਉਨ੍ਹਾਂ ਦਸਿਆ 16 ਅਗਸਤ ਨੂੰ ਇੰਡੀਆਨਾ ਅਤੇ 18 ਅਕਤੂਬਰ ਨੂੰ ਐਡਮਿੰਟਨ ਕੈਨੇਡਾ ਵਿੱਚ ਹੋਣ ਵਾਲੇ ਖਾਲਿਸਤਾਨ ਰਫਰੈਂਡਮ ਵਿੱਚ ਸੰਗਤਾਂ ਨੂੰ ਵੱਧ ਚੜ ਕੇ ਆਪਣਾ ਯੋਗਦਾਨ ਪਾਉਣ ਲਈ ਅਪੀਲ ਕੀਤੀ ਗਈ। ਕੀਤੇ ਗਏ ਵਿਰੋਧ ਪ੍ਰਦਰਸ਼ਨ ਵਿੱਚ ਗੁਰੂ ਨਾਨਕ ਸਿੱਖ ਗੁਰਦਵਾਰਾ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ ਅਤੇ ਟੀਮ ਨਿੱਜਰ ਦੇ ਸਾਥੀ ਭਾਈ ਜੈਕ ਸਿੰਘ ਸਿੱਧੂ, ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਦਲਜੀਤ ਸਿੰਘ, ਭਾਈ ਸਰਬਜੀਤ ਸਿੰਘ, ਰਜਿੰਦਰ ਸਿੰਘ ਨੱਤ, ਭਾਈ ਚਰਨਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਰਣਜੀਤ ਸਿੰਘ ਚਾਹਲ ਅਤੇ ਓਕਾਨਾਗਨ ਧਰਤੀ ਤੋਂ ਭਾਈ ਸੁਖਬੀਰ ਸਿੰਘ ਲਿੱਦੜ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ ਅਤੇ ਕੈਨੇਡਾ ਦੇ ਬਰੈਮਪਟਨ ਵਿਖੇ ਭਾਈ ਇੰਦਰਜੀਤ ਸਿੰਘ ਗੋਸਲ, ਭਾਈ ਕੁਲਜੀਤ ਸਿੰਘ ਗੋਸਲ ਅਤੇ ਮੋਂਟਰੀਅਲ ਤੋਂ ਜਲਾਵਤਨੀ ਆਗੂ ਬਾਬਾ ਸੰਤੋਖ ਸਿੰਘ ਖੇਲਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਸੰਗਤਾਂ ਦਾ ਉਤਸ਼ਾਹ ਵਧਾਇਆ ਸੀ।

**ਸੀਆਈਏ ਏਜੰਟ ਦੇ ਬਿਆਨ ਉਪਰੰਤ ਏਆਈ 182 ਫਲਾਈਟ ਵਿਚ ਮਾਰੇ ਗਏ 329 ਨਿਰਦੋਸ਼ਾਂ ਦੀ ਮੁੜ ਜਾਂਚ ਦੀ ਉਠੀ ਮੰਗ**

ਆਵਾਜ਼ਿ ਕੌਮ AWAZE QAUM International Newspaper & WEB TV

ਮਨੁੱਖਤਾ ਦੀ ਸੇਵਾ ਵਿਚ ਫ਼ਿਰੋਜ਼ਪੁਰ ਲੰਗਰ ਸੇਵਾ ਸੁਸਾਇਟੀ ਵੱਲੋਂ

# ਹਰ ਰੋਜ਼ ਤਿੰਨ ਥਾਵਾਂ ਤੇ ਲੰਗਰ ਵਰਤਾਇਆ ਜਾਂਦਾ

ਫ਼ਿਰੋਜ਼ਪੁਰ, 06 ਅਪ੍ਰੈਲ (ਮਨੋਹਰ ਲਾਲ) :— ਕਹਿੰਦੇ ਹਨ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਇਸੇ ਕੜੀ ਤਹਿਤ ਲੰਮੇ ਅਰਸੇ ਤੋਂ ਫ਼ਿਰੋਜ਼ਪੁਰ ਵਿਚ ਫ਼ਿਰੋਜ਼ਪੁਰ ਲੰਗਰ ਸੇਵਾ ਸੁਸਾਇਟੀ ਵੱਲੋਂ ਹਰ ਰੋਜ਼ ਸਿਵਲ ਹਸਪਤਾਲ ਵਿਚ ਦੋ ਟਾਈਮ ਅਤੇ ਦਿੱਲੀ ਗੇਟ ਵਿਚ ਇਕ ਟਾਈਮ ਮੱਖੂ ਗੇਟ ਚੌਂਕ ਵਿਚ ਇਕ ਟਾਈਮ ਹਰ ਰੋਜ਼ ਰੂਟੀਨ ਵਿਚ ਲੰਗਰ ਵਰਤਾਇਆ ਜਾਂਦਾ ਹੈ। ਇਸ ਮੌਕੇ ਤੇ ਅੱਜ ਦਿੱਲੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਚ ਸ੍ਰੀ ਪੀ.ਸੀ ਕੁਮਾਰ, ਅਮਨ ਚਾਵਲਾ, ਕੁਲਦੀਪ ਰਾਏ, ਕਮਲ ਚਾਵਲਾ, ਸੰਜੀਵ ਨਰੂਲਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਖਸ਼ੀਅਤਾਂ ਲੰਗਰ ਵਰਤਾਉਣ ਵਿਚ ਹਰ ਰੋਜ਼ ਮੱਦਦ ਕਰਦੀਆਂ ਹਨ। ਇਸ ਮੌਕੇ ਤੇ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਇਕ ਸੱਚੀ—ਸੁੱਚੀ ਸੇਵਾ ਹੈ, ਸਾਨੂੰ ਮਨੁੱਖਤਾ ਦੀ ਸੇਵਾ ਵਿਚ ਵੱਧ ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ ਤਾਂ ਜ਼ੋ ਸਾਡੇ ਫ਼ਿਰੋਜ਼ਪੁਰ ਵਿਚ ਕੋਈ ਭੁੱਖਾ ਨਾ ਸੋਵੇ। ਇਸ ਮੌਕੇ ਤੇ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਆਪਣੇ—ਆਪਣੇ ਵਿਚਾਰ ਰੱਖੇ।



## ਭੂਤ ਗਿਆ ਭਵਿੱਖ ਤਾਂ ਨਹੀਂ ਆਇਆ ਵਰਤਮਾਨ ਦਾ ਲਾਭ ਨਹੀਂ ਉਠਾਇਆ ਜਨਮ ਦਿਨ ਕਾਹਦਾ ਮਨਾਇਆ—ਪੀ.ਸੀ ਕੁਮਾਰ







**ਫ਼ਿਰੋਜ਼ਪੁਰ, 06 ਅਪ੍ਰੈਲ (ਮਨੋਹਰ ਲਾਲ)** :— ਭੂਤਗਿਆ ਬੀਤ ਭਵਿੱਖਤ ਨਹੀਂ ਆਇਆ ਵਰਤਮਾਨ ਦਾ ਜੇ ਫਾਇਦਾ ਨਹੀਂ ਉਠਾਇਆ ਕਾਹੂੰ ਜਨਮਦਿਨ ਮਨਾਇਆ। ਅੱਜ ਜਨਮ ਦਿਨ ਖਾਣ, ਪੀਣ, ਗੁਲਸ਼ਰੇ ਉਡਾਉਣਾ ਆਪਣੀ—ਆਪਣੀ ਹੈਸੀਅਤ ਤੋਂ ਵੱਧ ਚੜ੍ਹ ਹੋਟਲਾਂ ਕਲੱਬਾਂ, ਪੈਲੇਸਾਂ ਵਿਚ ਮਨਾ, ਮਨਾ ਤਨ ਨੂੰ ਬਿਮਾਰ, ਮਨ ਨੂੰ ਪ੍ਰਸ਼ਾਨ ਤੇ ਸਮਾਜ ਵਿਚ ਅਰਾਜਕਤਾ ਜ਼ੋ ਪੈਦਾ ਹੋ ਰਹੀ ਹੈ, ਜਦੋਂ ਕਿ ਸੋਚਨ ਵਿਚਾਰਣ ਦੀ ਜ਼ੋ ਲੋੜ ਸੀ ਬੀਤੇ ਤੋਂ ਸਿੱਖ ਭਵਿੱਖ ਲਈ ਸੋਚ ਤੇ ਵਰਤਮਾਨ ਦਾ ਲਾਹਾ ਲੈਣਾ ਬਜ਼ੁਰਗ ਬੀਤੇ ਨੂੰ ਨੌਜਵਾਨ ਭਵਿੱਖ ਵਿਚ ਤੇ ਬੱਚੇ ਬਿਨ ਸੋਚੇ ਸਮਝੇ ਜੀ ਰਹੇ ਹਨ। ਇਹ ਜਨਮ ਦਿਨ ਅੱਜ ਮੈਂ ਆਪਣੇ ਜ਼ਿੰਦਗੀ ਬੀਤ 86 ਸਾਲਾਂ ਨੂੰ ਛੱਡ ਰੋਣਾ ਪਛਤਾਉਣਾ ਛੱਡ ਇਸ ਤੋਂ ਸਬਕ ਲੈ ਆਉਣ ਵਾਲਾ 87 ਸਾਲਾ ਦਾ ਹਰ ਸਵਾਸ ਜ਼ੋ ਇਕ—ਇਕ ਸਵਾਸ ਦਾ ਡੀਨ ਲੋਕ ਦੇ ਮੂਲ ਤੋਂ ਵੱਧ ਕੀਮਤੀ ਉਸ ਦਾ ਲਾਹਾ ਗੁਰੂ ਗੋਬਿੰਦ ਸਿੰਘ ਜੀ ਦੇ ਉਪਦੇਸ਼ ਅਲਪ ਅਹਾਰ ਸਲਬ ਸੀ ਨਿੰਦਰਾ ਨੂੰ ਪਹਿਲਾਂ ਰੋਜਾਨਾ 18 ਘੰਟੇ ਹੁਣ 20 ਘੰਟੇ ਹਰ ਸਵਾਸ ਦਾ ਲਾਹਾ ਖੇਡਦਿਆਂ ਸੁਭਾ ਤਿੰਨ ਵਜੇ ਤੋਂ ਰਾਤ 11 ਵਜੇ ਤੱਕ ਤਨ ਨੂੰ ਆਰੋਗ ਮਨ ਨੂੰ ਪ੍ਰਸਣ ਤੇ ਚੰਗੇ ਸਮਾਜ ਦੇਸ਼ ਦੁਨੀਆਂ ਭਾਵ ਪ੍ਰਭੂ ਦੀ ਬਨਾਈ ਹੋਈ ਸ੍ਰਿਸ਼ਟੀ ਤੇ ਜ਼ੋ ਕੁਝ ਚਾਹੇ ਉਹ ਜੀਵ ਨਿਰਜੀਵ ਕੀੜਾ ਮਕੌੜਾ ਜੀਵ ਜੰਤੂ ਜ਼ੋ ਸ੍ਰਿਸ਼ਟੀ ਤੇ ਨਿਰਜੀਵ ਵੀ ਹੈ, ਉਸ ਦੀ ਸੰਭਾਲ ਰੋਜਾਨਾ ਪਿਛਲੇ ਪੰਜਾਹ ਸਾਲਾਂ ਰੋਜਾਨਾ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਵਿਚਰਦੇ ਹੋਏ ਆਪਣੇ ਲਈ ਨਹੀਂ ਕੁਦਰਤ ਦੀ ਬਨਾਈ ਸ੍ਰਿਸ਼ਟੀ ਲਈ ਜ਼ੋ ਪ੍ਰਭੂ ਵੱਲੋਂ ਮਿਲੇ ਤਨ, ਮਨ, ਧੰਨ ਨੂੰ ਅਰਪਨ ਕਰ ਆਪਣੇ ਲਈ ਅੱਜ ਤੱਕ ਸਿਰ ਢੱਕਣ ਨੂੰ ਸੈਲਟਰ ਹੋਮ ਕਾਰਾਂ ਕੋਠਿਆਂ, ਸ਼ਾਨੋ ਸ਼ੌਕਤ ਇਥੇ ਤੱਕ ਆਪਣੇ ਪਰਿਵਾਰ ਲਈ ਵੀ ਨਹੀਂ ਬਲਕਿ ਸਮੁੱਚੀ ਸ੍ਰਿਸ਼ਟੀ ਲਈ ਅੱਜ ਵੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਸੌਂਪਿਆ ਗਿਆ ਮੰਗ ਪੱਤਰ



**ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ)** :— ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਿਲ ਜਥੇਬੰਦੀਆਂ ਅਤੇ ਜ਼ਿਲਾ ਫਿਰੋਜ਼ਪੁਰ ਦੀਆਂ ਜਨਤਕ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਬਾਹਰ ਧਰਨਾ ਦਿੱਤਾ ਗਿਆ ਅਤੇ ਡਿਪਟੀ ਕਮਿਸ਼ਨਰ ਫਿਰੋਜਪੁਰ ਰਾਹੀਂ ਮਾਨਯੋਗ ਗਵਰਨਰ ਪੰਜਾਬ ਨੂੰ ਮੰਗ ਪੱਤਰ ਭੇਜਿਆ ਗਿਆ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਮੋਦੀ ਸਰਕਾਰ ਅੱਗੇ ਗੋਡੇ ਟੇਕ ਚੁੱਕੀ ਹੈ ਅਤੇ ਅਮਰੀਕਾ ਨਾਲ਼ ਕਰ ਮੁਕਤ ਸਮਝੌਤਾ ਕੀਤਾ ਹੈ ਜਿਸ ਦੇ ਨਾਲ ਭਾਰਤ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਹਾਲਾਤ ਹੋਰ ਮਾੜੀ ਹੋ ਜਾਵੇਗੀ, ਬੀਜ ਸੋਧ ਬਿੱਲ ਅਤੇ ਬਿਜਲੀ ਬਿੱਲ ਉਪਰ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦਾ ਕਰਜਾ ਮੁਆਫ ਕੀਤਾ ਜਾਵੇ ਜਿਸ ਤਰ੍ਹਾਂ ਵੱਡੇ ਕਾਰਪੋਰੇਟ ਘਰਾਣਿਆਂ ਦਾ ਅਰਬਾਂ ਰੁਪਏ ਮਾਫ਼ ਕੀਤੇ ਜਾਂਦੇ ਹਨ ਉਸ ਤਰ੍ਹਾਂ ਹੀ ਕੇਂਦਰ ਅਤੇ ਪੰਜਾਬ ਸਰਕਾਰ ਇਸ ਦਾ ਉਪਰਾਲਾ ਕਰੇ ਕਰਜਾ ਲੈਣ ਸਮੇਂ ਜਟਿਲ ਪ੍ਰਣਾਲੀ ਜ਼ੋ ਕਰਜਦਾਰ ਨੂੰ ਮਜ਼ਬੂਰ ਕਰਦੀ ਹੈ ਉਸ ਨੂੰ ਖਤਮ ਕੀਤਾ ਜਾਵੇ ਕਿਸਾਨਾਂ ਨੂੰ ਕਾਨੂੰਨਨ ਰਾਹਤ ਦਿੱਤੀ ਜਾਵੇ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਪੁਰਾਣੇ ਚੱਲ ਰਹੇ ਸਾਰੇ ਕੋਰਟ ਕੇਸ ਵਾਪਿਸ ਲਏ ਜਾਣ, ਸਰਕਾਰੀ ਅਤੇ ਲੈਂਡ ਮਰਗੋਜ ਬੈਂਕਾਂ ਵਿੱਚ ਵੀ ਵੰਨ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇ, ਸੰਸਾਰ ਬੈਂਕ ਦੀ ਯੋਜਨਾ ਅਨੁਸਾਰ ਪਾਣੀ ਉਤੇ ਕਾਰਪੋਰੇਟ ਕੰਟਰੋਲ ਦੀ ਨੀਤੀ ਰੱਦ ਕੀਤੀ ਜਾਵੇ, ਦਰਿਆਵਾਂ ਨਹਿਰਾਂ ਅਤੇ ਡਰੇਨਾਂ ਵਿੱਚ ਉਦਯੋਗਾਂ ਅਤੇ ਸੀਵਰੇਜ ਦੇ ਪੈਂਦੇ ਦੂਸ਼ਤ ਪਾਣੀ ਨੂੰ ਬੰਦ ਕੀਤਾ ਜਾਵੇ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀ ਤੇਜ ਮੀਂਹ ਹਨੇਰੀ ਅਤੇ ਗੜੇਮਾਰੀ ਨਾਲ ਪੂਰੇ ਪੰਜਾਬ ਵਿਚ ਬਹੁਤ ਭਾਰੀ ਨੁਕਸਾਨ ਕੀਤਾ ਹੈ, ਜਿਸ ਦੀ ਸਪੈਸ਼ਲ ਗੁਰਦਾਵਰੀ ਕਰਕੇ ਗੜੇਮਾਰੀ ਨਾਲ ਪ੍ਰਭਾਵਿਤ ਹੋਈਆਂ ਸਾਰੀਆਂ ਫਸਲਾਂ ਦਾ ਮੁਆਵਜ਼ਾ ਤੁਰੰਤ ਕਿਸਾਨਾਂ ਨੂੰ ਦਿੱਤਾ ਜਾਵੇ ਤਾਂ ਜੋ ਕਿਸਾਨ ਅਗਲੀ ਫਸਲ ਲਈ ਸਮਰੱਥ ਹੋ ਸਕੇ ਨਹੀਂ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਖਤ ਪ੍ਰੋਗਰਾਮ ਉਲੀਕਿਆ ਜਾਵੇਗਾ ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਤੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਅਵਤਾਰ ਸਿੰਘ ਮਹਿਮਾ ਸੂਬਾ ਮੀਤ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਰਸ਼ਪਾਲ ਸਿੰਘ ਜਾਹ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਜਿਸ ਕਾਰਨ ਸਿੰਘ ਜ਼ਿਲਾ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਹਰਦੀਪ ਸਿੰਘ ਕਰਮੂਵਾਲਾ ਜਿਲਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੰਜਾਬ ਗੁਲਜਾਰ ਸਿੰਘ ਜਰਨਲ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਪ੍ਰਗਟ ਸਿੰਘ ਸੂਬਾ ਸਕੱਤਰ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਸੁਰਜੀਤ ਕੁਮਾਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਗਰੁੱਪ ਜ਼ਿਲ੍ਹਾ ਜਨਰਲ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ ਭਾਰਤ ਨੌਜਵਾਨ ਸਭਾ ਮਨਮੋਹਨ ਸਿੰਘ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਗੈਰੀ ਬੰਡਾਲਾ ਭਾਰਤੀ ਕਿਸਾਨ ਯੂਨੀਅਨ ਪੰਜਾਬ ਮੀਡੀਆ ਇੰਚਾਰਜ ਗੁਰਦੀਪ ਸਿੰਘ ਪੱਛਮੀ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ ਭਾਰਤੀ ਕਿਸਾਨ ਯੂਨੀਅਨ ਪੰਜਾਬ ਸੁਖਦੇਵ ਸਿੰਘ ਰਾਈਆਂਵਾਲਾ ਸੂਬਾ ਪ੍ਰਧਾਨ ਕਿਸਾਨ ਸੰਘਰਸ਼ ਕਮੇਟੀ ਜੰਗੀਰ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਪਰਨੀਤ ਸਿੰਘ ਭੜਾਣਾ ਸੁਖਦੇਵ ਢੋਟ ਬਲਕਾਰ ਸਿੰਘ ਜੋਧਪੁਰ ਅਸ਼ੋਕ ਕੁਮਾਰ ਜੰਡਵਾਲਾ ਮੁਨਸ਼ਾ ਸਿੰਘ ਬਲਵੰਤ ਸਿੰਘ ਸ਼ਿਹਜ਼ਾਦੀ ਲਖਵੀਰ ਸਿੰਘ ਡੋਡ ਸੁਖਜਿੰਦਰ ਸਿੰਘ ਚੰਦੜ ਅੰਮ੍ਰਿਤਪਾਲ ਸਿੰਘ ਕੈਲਾਸ਼ ਗੁਰਮੀਤ ਸਿੰਘ ਪੋਜੋਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੋਟਰ ਗਰੁੱਪ ਆਦਿ ਹਾਜ਼ਰ ਸਨ।

ਰਾਜ ਹਸਪਤਾਲ ਹਠੂਰ ਵਿਖੇ

# ਵੱਡਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ











**ਜਗਰਾਉਂ (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਰਾਜ ਹਸਪਤਾਲ ਹਠੂਰ ਵੱਲੋਂ ਫੋਰਟਿਸ ਹਸਪਤਾਲ (ਲੁਧਿਆਣਾ) ਦੇ ਸਹਿਯੋਗ ਸਦਕਾ ਵੱਡਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਇਸ ਮੁਫਤ ਮੈਡੀਕਲ ਚੈੱਕਅਪ ਕੈਂਪ ਵਿੱਚ ਕਸਬਾ ਹਠੂਰ ਸਮੇਤ ਆਸ ਪਾਸ ਦੇ ਪਿੰਡਾਂ ਦੇ ਮਰੀਜ਼ਾਂ ਨੇ ਵੀ ਆਪਣਾ ਚੈੱਕਅਪ ਕਰਵਾਇਆ, ਕੈਂਪ ਵਿੱਚ ਲੁਧਿਆਣਾ ਦੇ ਫੋਰਟਿਸ ਹਸਪਤਾਲ ਹਸਪਤਾਲ ਤੋਂ ਡਾਕਟਰੀ ਟੀਮ ਪਹੁੰਚੀ ਜਿਸ ਵਿੱਚ ਗਦੂਦਾਂ ਅਤੇ ਪਿਸ਼ਾਬ ਰੋਗਾਂ ਦੇ ਮਾਹਿਰ ਡਾਕਟਰ ਜਸਪ੍ਰੀਤ ਸਿੰਘ ਛਾਬੜਾ, ਔਰਤਾਂ ਦੇ ਰੋਗਾਂ ਦੇ ਮਾਹਿਰ ਬਾਂਝਪਨ ਅਤੇ ਪੇਟ ਰੋਗ ਰਸੌਲੀਆਂ ਦੇ ਮਾਹਿਰ ਡਾਕਟਰ ਗੁਰਸਿਮਰਨ ਕੌਰ, ਅੱਖਾਂ ਦੇ ਰੋਗਾਂ, ਭੈਗਾਂਪਨ ਆਦਿ ਦੇ ਮਾਹਿਰ ਡਾਕਟਰ ਪ੍ਰਵੀਨ ਰਾਣੀ, ਔਰਤਾਂ ਦੇ ਰੋਗਾਂ ਦੇ ਸਪੈਸਲਿਸਟ ਡਾਕਟਰ ਗੁਰਵਿੰਦਰ ਕੌਰ, ਜਨਰਲ ਅਤੇ ਬੱਚਿਆਂ ਦੇ ਮਾਹਿਰ ਡਾਕਟਰ ਸੌਰਵ ਭੰਡਾਰੀ ਨੇ ਵੱਖ-ਵੱਖ ਮਰੀਜ਼ਾਂ ਦੇ ਚੈੱਕਅਪ ਕੀਤੇ ਤੇ ਸਲਾਹ ਲੈਣ ਵਾਲੇ ਮਰੀਜ਼ਾਂ ਨੂੰ ਵਧੀਆ ਸਲਾਹ ਵੀ ਦਿੱਤੀ।। ਦਵਾਈਆਂ ਲੈਣ ਵਾਲੇ ਮਰੀਜਾਂ ਨੂੰ ਤੀਹ ਪ੍ਰਸਿੰਟ ਦੀ ਛੋਟ ਤੇ ਦਵਾਈਆਂ ਦਿੱਤੀਆਂ ਗਈਆਂ, ਜਾਣਕਾਰੀ ਦਿੰਦਿਆਂ ਡਾਕਟਰ ਗੁਰਵਿੰਦਰ ਕੌਰ ਅਤੇ ਡਾਕਟਰ ਸੌਰਵ ਭੰਡਾਰੀ ਨੇ ਕਿਹਾ ਕਿ ਇਸ ਮੁਫਤ ਮੈਡੀਕਲ ਚੈੱਕਅਪ ਕੈਂਪ ਦਾ 200 ਮਰੀਜ਼ਾਂ ਨੇ ਲਾਹਾ ਲਿਆ, ਸਾਡੇ ਵੱਲੋਂ ਅਜਿਹੇ ਉਪਰਾਲੇ ਸਮੇਂ ਸਮੇਂ ਨਾਲ ਕੀਤੇ ਜਾਂਦੇ ਹਨ। ਅੰਤ ਵਿੱਚ ਹਸਪਤਾਲ ਵੱਲੋਂ ਡਾਕਟਰ ਗੁਰਵਿੰਦਰ ਕੌਰ ਅਤੇ ਡਾਕਟਰ ਸੌਰਵ ਭੰਡਾਰੀ ਨੇ ਅਲੱਗ ਤਰੀਕੇ ਦਾ ਸਨਮਾਨ ਕਰਦਿਆਂ ਫੋਰਟਿਸ ਹਸਪਤਾਲ ਲੁਧਿਆਣਾ ਤੋਂ ਪਹੁੰਚੀ ਡਾਕਟਰੀ ਟੀਮ, ਨਗਰ ਦੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਗ੍ਰਾਮ ਪੰਚਾਇਤ ਹਠੂਰ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਆਈਡੀਅਲ ਕੌਨਵੈਂਟ ਸਕੂਲ ਹਠੂਰ, ਆਰਟਿਸਟ ਗੁਰਮੀਤ ਹਠੂਰ, ਹਾਕੀ ਕੋਚ ਪ੍ਰੀਤਮ ਸਿੰਘ ਹਠੂਰ ਸਮੇਤ ਨਗਰ ਅਤੇ ਆਸ ਪਾਸ ਤੋਂ ਪੁੱਜੀਆਂ ਅਨੇਕਾਂ ਵੱਖ-ਵੱਖ ਸਤਿਕਾਰਯੋਗ ਸ਼ਖ਼ਸੀਅਤਾਂ, ਅਤੇ ਰੀਅਲ ਮਿਕਸ ਨਿਊਜ਼ ਦੀ ਟੀਮ ਨੂੰ ਬੂਟੇ ਦੇ ਕੇ ਸਨਮਾਨਿਤ ਕੀਤਾ।। ਤੇ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਨਗਰ ਅਤੇ ਆਸ ਪਾਸ ਦੇ ਲੋਕਾਂ ਨੇ ਰਾਜ ਹਸਪਤਾਲ ਹਠੂਰ ਵਿੱਚ ਲਗਾਏ ਗਏ ਮੁਫ਼ਤ ਮੈਡੀਕਲ ਕੈਂਪ ਨੂੰ ਸ਼ਲਾਘਾਯੋਗ ਕਦਮ ਦੱਸਿਆ, ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਪੰਚ ਰਣਜੋਧ ਸਿੰਘ ਜੋਧਾ ਹਠੂਰ, ਹਾਕੀ ਕੋਚ ਪ੍ਰੀਤਮ ਸਿੰਘ, ਆਰਟਿਸਟ ਗੁਰਮੀਤ ਹਠੂਰ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਆਈਡੀਅਲ ਕੌਨਵੈਂਟ ਸਕੂਲ ਹਠੂਰ, ਅਮਰਜੀਤ ਸਿੰਘ ਕਾਲਾ, ਕਮਲਜੀਤ ਸਿੰਘ, ਡਾਕਟਰ ਬਾਲੀ, ਬਲਾਕ ਪ੍ਰਧਾਨ ਤਰਸੇਮ ਸਿੰਘ ਹਠੂਰ, ਬਲਾਕ ਸੰਮਤੀ ਮੈਂਬਰ ਪ੍ਰਮਿੰਦਰ ਸਿੰਘ ਹਠੂਰ, ਸਮੇਤ ਅਨੇਕਾਂ ਪਤਵੰਤੇ ਸੱਜਣ ਅਤੇ ਨਗਰ ਦੇ ਬਹੁ ਗਿਣਤੀ ਲੋਕ ਹਾਜ਼ਰ ਸਨ।

**200 ਮਰੀਜ਼ਾਂ ਨੇ ਇਸ ਮੈਡੀਕਲ ਕੈਂਪ ਦਾ ਲਾਹਾ ਲਿਆ - ਡਾਕਟਰ ਗੁਰਵਿੰਦਰ ਕੌਰ/ਡਾਕਟਰ ਸੌਰਵ ਭੰਡਾਰੀ**

## ਨਿਜਰਪੁਰਾ ਟੋਲ ਪਲਾਜਾ 10 ਅਪ੍ਰੈਲ ਨੂੰ ਕੀਤਾ ਜਾਵੇਗਾ ਫਰੀ : ਕਿਸਾਨ ਆਗੂ ਚਾਟੀਵਿੰਡ ਰਾਮਪੁਰਾ



**ਜੰਡਿਆਲਾ ਗੁਰੂ 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੰਯੁਕਤ ਕਿਸਾਨ ਮੋਰਚੇ ਗੈਰ ਰਾਜਨੀਤਿਕ ਦੇ ਸੱਦੇ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਵੱਲੋਂ ਪੰਜਾਬ ਵਿੱਚ ਵੱਖ ਵੱਖ ਥਾਵਾਂ ਤੇ ਟੋਲ ਪਲਾਜੇ ਇੱਕ ਦਿਨ ਵਾਸਤੇ ਕੀਤੇ ਜਾਣਗੇ ਫਰੀ ਇਹਨਾਂ ਵੀਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਕਿਸਾਨ ਜਥੇਬੰਦੀ ਦੇ ਸੂਬਾ ਆਗੂ ਗੁਰਸਾਹਿਬ ਸਿੰਘ ਚਾਟੀਵਿੰਡ ਮੰਗਲ ਸਿੰਘ ਰਾਮਪੁਰਾ ਨੇ ਕਿਹਾ ਕਿ ਪਿਛਲੇ ਦਿਨੀ ਬੇ ਮੌਸਮੀ ਬਰਸਾਤ ਦੌਰਾਨ ਪੰਜਾਬ ਵਿੱਚ ਵੱਖ ਵੱਖ ਥਾਵਾਂ ਤੇ ਭਾਰੀ ਗੜੇਮਾਰੀ ਦੌਰਾਨ ਕਿਸਾਨਾਂ ਦਾ ਬਹੁਤ ਜਿਆਦਾ ਨੁਕਸਾਨ ਹੋ ਚੁੱਕਾ ਹੈ ਜਿਸ ਦੀ ਸਾਰੀ ਭਰਭਾਈ ਸਰਕਾਰ ਤੁਰੰਤ ਕਰੇ ਕਿਸਾਨ ਪਹਿਲਾਂ ਹੀ ਕਰਜੇ ਦੀ ਮਾਰ ਹੇਠ ਜ਼ਿੰਦਗੀ ਬਦਰ ਕਰ ਰਿਹਾ ਹੈ ਕਿਸਾਨ ਆਗੂਆਂ ਬੋਲਦਿਆਂ ਕਿਹਾ ਕਿ 10 ਅਪ੍ਰੈਲ ਨੂੰ ਅੰਮ੍ਰਿਤਸਰ ਦਿੱਲੀ ਮਾਰਗ ਮਾਨਾ ਵਾਲਾ ਨਿਜਰਪੁਰਾ ਟੋਲ ਪਲਾਜਾ ਇੱਕ ਦਿਨ ਵਾਸਤੇ ਫਰੀ ਕਰਕੇ ਭਾਰਤ ਅਮਰੀਕਾ ਵਪਾਰ ਸਮਝੌਤੇ ਦਾ ਵਿਰੋਧ ਕੀਤਾ ਜਾਵੇਗਾ ਇਸ ਵਿਪਾਰ ਸਮਝੌਤੇ ਦੇ ਲਾਗੂ ਹੋਣ ਨਾਲ ਭਾਰਤ ਦੀ ਕਿਸਾਨੀ ਦੇ ਨਾਲ ਸਹਾਇਕ ਧੰਦੇ ਡੇਅਰੀ, ਦੁੱਧ ਤੋਂ ਬਣੇ ਪਦਾਰਥ, ਮੱਛੀ ਪਾਲਕ, ਛੋਟੇ ਦੁਕਾਨਦਾਰ ਤਬਾਹ ਹੋ ਜਾਣਗੇ ਬਿਜਲੀ 2025 ਸੰਘਰਸ਼ ਦੌਰਾਨ ਕਿਸਾਨਾਂ ਦੇ ਪਾਏ ਝੂਠੇ ਕੇਸ ਐਮਐਸਪੀ ਗਰੰਟੀ ਕਾਨੂੰਨ ਸਮੇਤ ਪਿਛਲੀਆਂ ਰਹਿੰਦੀਆਂ ਮੰਗਾਂ ਨੂੰ ਲੈ ਕੇ ਟੋਲ ਪਲਾਜਾ ਫਰੀ ਕੀਤਾ ਜਾਵੇਗਾ ਕਿਸਾਨਾਂ ਬੋਲਦਿਆਂ ਕਿਹਾ ਕਿ ਭਾਰਤ ਸਰਕਾਰ ਇਸ ਗੱਲ ਵੱਲ ਧਿਆਨ ਕਿਉਂ ਨਹੀਂ ਦੇ ਰਹੀ ਸਾਡਾ ਪਹਿਲਾਂ ਹੀ ਵੱਡਾ ਸਰਮਾਇਆ ਵਿਦੇਸ਼ੀ ਕੰਪਨੀਆਂ ਲੁੱਟ ਕੇ ਲੈ ਗਈਆਂ ਅਤੇ ਲੁੱਟ ਰਹੀਆਂ ਨੇ ਦੇਸ਼ ਪਹਿਲਾਂ ਹੀ ਕੰਗਾਲ ਦੀ ਸਥਿਤੀ ਵਿੱਚ ਹੈ ਇਹਨਾਂ ਸਾਰੀਆਂ ਚੀਜਾਂ ਨੂੰ ਲੈ ਗਏ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਸੰਘਰਸ਼ ਜਾਰੀ ਰੱਖੇਗਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਸਰਬਜੀਤ ਸਿੰਘ ਰਾਮਪੁਰਾ ਅੰਗਰੇਜ਼ ਸਿੰਘ ਚਾਟੀਵਿੰਡ ਪ੍ਰਗਟ ਸਿੰਘ ਚਾਟੀਵਿੰਡ ਮੇਜਰ ਸਿੰਘ ਰਾਮਪੁਰਾ ਆਦੀ ਆਗੂ ਹਾਜ਼ਰ ਸਨ

## ਫਸਲਾਂ ਦੇ ਭਾਰੀ ਨੁਕਸਾਨ ਦੇ ਮੱਦੇਨਜ਼ਰ ਪੰਜਾਬ ਦੇ ਕਿਸਾਨਾਂ ਲਈ ਤੁਰੰਤ ਕੇਂਦਰੀ ਰਾਹਤ ਦੀ ਮੰਗ: ਵਿਕਰਮਜੀਤ ਸਿੰਘ ਸਾਹਨੀ

ਨਵੀਂ ਦਿੱਲੀ 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ, ਰਾਜ ਸਭਾ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਦੇ ਉਨ੍ਹਾਂ ਕਿਸਾਨਾਂ ਲਈ ਤੁਰੰਤ ਇੱਕ ਵਿਸ਼ੇਸ਼ ਮੁਆਵਜ਼ਾ ਪੈਕੇਜ ਦਾ ਐਲਾਨ ਕਰੇ ਜੋ ਹਾਲ ਹੀ ਵਿੱਚ ਬੇਮੌਸਮੀ ਬਾਰਿਸ਼, ਗੜੇਮਾਰੀ ਅਤੇ ਤੇਜ਼ ਹਵਾਵਾਂ ਕਾਰਨ ਗੰਭੀਰ ਨੁਕਸਾਨ ਦਾ ਸਾਹਮਣਾ ਕਰ ਰਹੇ ਹਨ। ਡਾ. ਸਾਹਨੀ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਮੁੱਢਲੇ ਮੁਲਾਂਕਣਾਂ ਤੋਂ ਪਤਾ ਲੱਗਦਾ ਹੈ ਕਿ ਰਾਜ ਭਰ ਵਿੱਚ 30% ਤੋਂ 70% ਦੇ ਵਿਚਕਾਰ ਫਸਲਾਂ ਦਾ ਨੁਕਸਾਨ ਹੋਇਆ ਹੈ, ਜਿਸ ਵਿੱਚ 34 ਲੱਖ ਹੈਕਟੇਅਰ ਤੋਂ ਵੱਧ ਕਣਕ ਦੀ ਕਾਸ਼ਤ ਹੈ।



ਉਹਨਾਂ ਕਿਹਾ ਕਿ ਤਬਾਹੀ ਦਾ ਮੰਜਰ ਬਹੁਤ ਭਿਆਨਕ ਹੈ ਅਤੇ ਖੇਤੀਬਾੜੀ ਅਰਥਵਿਵਸਥਾ ਲਈ ਬਹੁਤ ਚਿੰਤਾਜਨਕ ਹੈ। ਨੁਕਸਾਨ ਦਾ ਮੁਲਾਂਕਣ ਕਰਨ ਲਈ ਵਿਸ਼ੇਸ਼ ਗਿਰਦਾਵਰੀ ਦਾ ਆਦੇਸ਼ ਦੇਣ ਲਈ ਪੰਜਾਬ ਸਰਕਾਰ ਵੱਲੋਂ ਤੁਰੰਤ ਕਾਰਵਾਈ ਦੀ ਸ਼ਲਾਘਾ ਕਰਦੇ ਹੋਏ, ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਸੰਕਟ ਦੀ ਗੰਭੀਰਤਾ ਪੰਜਾਬ ਦੀ ਇਕੱਲੇ ਹੱਲ ਕਰਨ ਦੀ ਸਮਰੱਥਾ ਤੋਂ ਬਾਹਰ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਅਜੇ ਵੀ 2025 ਦੇ ਵਿਨਾਸ਼ਕਾਰੀ ਹੜ੍ਹਾਂ ਤੋਂ ਪੀੜਤ ਹਨ ਅਤੇ ਬਹੁਤਿਆਂ ਨੂੰ ਅਜੇ ਤੱਕ ਢੁਕਵਾਂ ਮੁਆਵਜ਼ਾ ਨਹੀਂ ਮਿਲਿਆ ਹੈ। ਡਾ. ਸਾਹਨੀ ਨੇ ਕਿਹਾ ਕਿ ਕਿਸਾਨਾਂ ਦੀ ਰੋਜ਼ੀ-ਰੋਟੀ ਦੀ ਰਾਖੀ ਅਤੇ ਰਾਸ਼ਟਰੀ ਖੁਰਾਕ ਸੁਰੱਖਿਆ ਵਿੱਚ ਪੰਜਾਬ ਦੇ ਨਿਰੰਤਰ ਯੋਗਦਾਨ ਨੂੰ ਯਕੀਨੀ ਬਣਾਉਣ ਲਈ, ਸਿੱਧੇ ਮੁਆਵਜ਼ੇ ਅਤੇ ਇਨਪੁਟ ਸਬਸਿਡੀਆਂ ਸਮੇਤ ਵਧੀ ਹੋਈ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਤੁਰੰਤ ਕੇਂਦਰੀ ਦਖਲ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਲਦਸਤਾ ਸੁਸਾਇਟੀ ਵੱਲੋਂ 'ਚਿੰਤਾ ਤੋਂ ਚੜ੍ਹਦੀਕਲਾ' ਇਵੈਂਟ ਕਰਵਾਇਆ ਗਿਆ

ਤਲਵੰਡੀ ਸਾਬੋ, 06 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗੁਲਦਸਤਾ ਕਲਚਰ ਐਂਡ ਵੈਲਫੇਅਰ ਸੁਸਾਇਟੀ ਵੱਲੋਂ "ਚਿੰਤਾ ਤੋਂ ਚੜ੍ਹਦੀਕਲਾ" ਇਵੈਂਟ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬੀ ਲਾਈਫ ਕੋਚ ਗੁਰਇਕਬਾਲ ਸਿੰਘ ਨੇ ਉੱਥੇ ਪਹੁੰਚੇ ਲੋਕਾਂ ਨੂੰ ਹਮੇਸ਼ਾ ਚੜ੍ਹਦੀਕਲਾ ਵਿੱਚ ਰਹਿਣ ਦਾ ਸੁਨੇਹਾ ਦਿੱਤਾ। ਲੋਕਾਂ ਨੇ ਬਹੁਤ ਉਤਸ਼ਾਹ ਨਾਲ ਉਨ੍ਹਾਂ ਦੀਆਂ ਗੱਲਾਂ ਸੁਣੀਆਂ ਅਤੇ ਪ੍ਰੋਗਰਾਮ ਦੌਰਾਨ ਬਹੁਤ ਹੀ ਸਕਾਰਾਤਮਕ ਮਾਹੌਲ ਬਣਿਆ ਰਿਹਾ। ਇਸ ਦੌਰਾਨ "ਚਿੰਤਾ ਤੋਂ ਚੜ੍ਹਦੀਕਲਾ" ਕਿਤਾਬ ਦਾ ਲਾਂਚ ਵੀ ਕੀਤਾ ਗਿਆ, ਜਿਸਨੂੰ ਦਰਸ਼ਕਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ। ਗੁਰਇਕਬਾਲ ਸਿੰਘ ਵੱਲੋਂ ਯੂਕੇ, ਕੈਨੇਡਾ ਅਤੇ ਆਸਟ੍ਰੇਲੀਆ ਵਿੱਚ ਇਵੈਂਟ ਕਰਨ ਤੋਂ ਬਾਅਦ ਪੰਜਾਬ ਵਿੱਚ ਪਹਿਲੀ ਵਾਰ ਬਠਿੰਡਾ ਅਤੇ ਲੁਧਿਆਣਾ ਵਿੱਚ ਆਪਣੇ ਵਿਚਾਰਾਂ ਨਾਲ ਲੋਕਾਂ ਨੂੰ ਪ੍ਰਭਾਵਿਤ ਕੀਤਾ ਗਿਆ। "ਚਿੰਤਾ ਤੋਂ ਚੜ੍ਹਦੀਕਲਾ" ਕਿਤਾਬ ਦੇ ਨਾਲ "ਖੁਸ਼ੀਆਂ ਦਾ ਕੋਰਸ" ਵੀ ਲੋਕਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਵਾਈ.ਬੀ.ਟੀ.ਸੀ ਦੇ ਮਾਲਕ ਮਿਸਟਰ ਕਪਿਲ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਬਾਂਸ ਦੀ ਖੇਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਇਸਦੇ ਭਵਿੱਖੀ ਮੌਕਿਆਂ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਦੇ ਵਿਚਾਰਾਂ ਨੇ ਲੋਕਾਂ ਨੂੰ ਨਵੀਆਂ ਸੰਭਾਵਨਾਵਾਂ ਵੱਲ ਸੋਚਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵੱਲੋਂ ਲੱਕੀ ਡਰਾਅ ਵੀ ਕਰਵਾਇਆ ਗਿਆ, ਜਿਸ ਵਿੱਚ 5000-5000 ਰੁਪਏ ਦੇ 3 ਇਨਾਮ ਦਿੱਤੇ ਗਏ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਬਾਂਸ ਨਾਲ ਸੰਬੰਧਿਤ ਉਤਪਾਦਾਂ ਦੀ ਸਟਾਲ ਵੀ ਲਗਾਈ ਗਈ, ਜਿਸਨੂੰ ਲੋਕਾਂ ਵੱਲੋਂ ਕਾਫੀ ਪਸੰਦ ਕੀਤਾ ਗਿਆ। ਅਖੀਰ ਵਿੱਚ ਗੁਲਦਸਤਾ ਸੁਸਾਇਟੀ ਵੱਲੋਂ ਸਭ ਦਾ ਦਿਲੋਂ ਧੰਨਵਾਦ ਕੀਤਾ ਗਿਆ।



### ਵਿਕਸਿਤ ਭਾਰਤ 2047 ਦੇ ਅਭਿਲਾਸ਼ੀ ਮਿਸ਼ਨ ਤਹਿਤ

# ਸਿੱਖਿਆ ਤੋਂ ਰੁਜ਼ਗਾਰ ਦੇ ਸੰਕਲਪ 'ਤੇ ਕੀਤਾ ਗਿਆ ਵਿਚਾਰ-ਮੰਥਨ ਸੈਮੀਨਾਰ









ਨਵੀਂ ਦਿੱਲੀ 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਵਿਕਸਿਤ ਭਾਰਤ 2047 ਦੇ ਅਭਿਲਾਸ਼ੀ ਮਿਸ਼ਨ ਤਹਿਤ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਲਈ ਗੁਰਦੁਆਰਾ ਸਾਕੇਤ ਸਥਿਤ ਸਾਹਿਬਜ਼ਾਦਾ ਜੋਰਾਵਰ ਸਿੰਘ ਕੰਪਿਊਟਰ ਐਂਡ ਸਕਿੱਲ ਇੰਸਟੀਚਿਊਟ ਵੱਲੋਂ ਸਮਾਰਟ ਹੈਬੀਟੇਟ ਫਾਊਂਡੇਸ਼ਨ ਦੇ ਸਹਿਯੋਗ ਨਾਲ ਗੁਰਦੁਆਰਾ ਸਾਕੇਤ ਦੇ ਸੈਮੀਨਾਰ ਹਾਲ ਵਿੱਚ ਇੱਕ ਰੋਜ਼ਾ ਵਿਚਾਰ-ਵਟਾਂਦਰਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦਾ ਉਦਘਾਟਨ ਉੱਘੇ ਸਿੱਖ ਬੁੱਧੀਜੀਵੀਆਂ ਵੱਲੋਂ ਕੀਤਾ ਗਿਆ, ਜਿਸ ਵਿੱਚ ਮੁੱਖ ਬੁਲਾਰੇ ਸਰਦਾਰ ਤਰਲੋਚਨ ਸਿੰਘ (ਸਾਬਕਾ ਐਮ.ਪੀ. ਰਾਜ ਸਭਾ), ਡਾਕਟਰ ਚਰਨ ਸਿੰਘ (ਸਾਬਕਾ ਚੇਅਰਮੈਨ, ਪੀ.ਐਸ. ਬੈਂਕ), ਸ੍ਰੀ ਸੀ.ਪੀ.ਐਸ. ਬਖਸ਼ੀ (ਚੀਫ਼ ਕਮਿਸ਼ਨਰ ਕਸਟਮਜ਼ ਅਤੇ ਜੀ.ਐਸ.ਟੀ. ਦਿੱਲੀ), ਸ੍ਰੀ ਐਮ.ਪੀ. ਸਿੰਘ (ਮੰਗੋਲੀਆ ਦੇ ਸਾਬਕਾ ਰਾਜਦੂਤ), ਡਾਕਟਰ ਗੁਰਇਕਬਾਲ ਸਿੰਘ ਆਈ.ਏ.ਐਸ. (ਚੇਅਰਮੈਨ, ਵਿਦਿਆ ਵਿਚਾਰੀ ਟਰੱਸਟ), ਜਗਦੀਪ ਸਿੰਘ ਚੱਢਾ (ਐਮ.ਡੀ. ਸਿਗਮਾ ਗਰੁੱਪ), ਡਾਕਟਰ ਰਾਜੂ ਚੱਢਾ (ਵੇਵਜ਼ ਗਰੁੱਪ), ਐਚ.ਐਸ. ਨਾਗ (ਪ੍ਰਧਾਨ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਦਿਆ ਕੇਂਦਰ), ਦਲਜੀਤ ਸਿੰਘ ਗੁਲਾਟੀ (ਚੇਅਰਮੈਨ ਏਆਈਪੀਐਲ) ਅਤੇ ਖੋਜਕਰਤਾ ਤੇ ਵਿਦਵਾਨ ਸ੍ਰੀ ਅਮਰਦੀਪ ਸਿੰਘ ਸਿੰਗਾਪੁਰ ਸ਼ਾਮਲ ਸਨ। ਪ੍ਰੋ. ਚਰਨਜੀਤ ਸਿੰਘ ਸ਼ਾਹ, ਵਨਨੈੱਸ ਯੂਨੀਵਰਸਿਟੀ ਦੇ ਸੰਸਥਾਪਕ, ਸੀ.ਜੀ. ਸਮਾਰਟ ਹੈਬੀਟੇਟ ਫਾਊਡੇਸ਼ਨ ਦੇ ਸੰਸਥਾਪਕ ਚੇਅਰਮੈਨ, ਅਕਾਸ਼ਾ ਡਿਜ਼ਾਈਨ ਗੁਰੂਕੁਲ ਦੇ ਸੰਸਥਾਪਕ ਅਤੇ ਗੁਰਦੁਆਰਾ ਸਾਕੇਤ ਦੇ ਜਨਰਲ ਸਕੱਤਰ ਨੇ ਗੁਰੂ ਨਾਨਕ ਦੇਵ ਜੀ ਦੇ ਵਨਨੈਂਸ (ਏਕਤਾ) ਦੇ ਸੰਕਲਪ ਨੂੰ ਸਿੱਖਿਆ ਦੇ ਇੱਕੋ-ਇੱਕ ਬਦਲਵੇਂ ਪ੍ਰਬੰਧ ਵਜੋਂ ਪੇਸ਼ ਕੀਤਾ ਹੈ। ਉਹਨਾਂ ਅਨੁਸਾਰ ਇਹ ਪ੍ਰਬੰਧ "ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ" ਦੀ ਵਿਚਾਰਧਾਰਾ ਰਾਹੀਂ ਮਨੁੱਖਤਾ ਦੀ ਸੂਝ-ਬੂਝ ਅਤੇ ਉੱਚੇ ਨੈਤਿਕ ਮੁੱਲਾਂ ਨੂੰ ਦ੍ਰਿੜ ਕਰਵਾਉਂਦਾ ਹੈ, ਜੋ ਕਿ "ਨਉ ਦਰਵਾਜ਼ੇ ਦਸਵਾਂ ਦੁਆਰ ਦੀ ਸਮਝ 'ਤੇ ਅਧਾਰਿਤ ਹੈ। ਇਸ ਦੇ ਨਾਲ ਹੀ, ਇਹ ਵੀ ਉਜਾਗਰ ਕੀਤਾ ਗਿਆ ਕਿ ਕਿਸ ਤਰ੍ਹਾਂ ਪੰਜ ਗਿਆਨ ਇੰਦਰੇ ਅਤੇ ਪੰਜ ਤੱਤਾਂ ਦਾ ਬਣਿਆ ਮਨੁੱਖੀ ਸਰੀਰ ਆਪਸ ਵਿੱਚ ਤਾਲਮੇਲ ਬਣਾ ਕੇ ਪੰਜ ਗੁਣਾਂ ਨੂੰ ਅਪਣਾਉਣ ਅਤੇ ਪੰਜ ਵਿਕਾਰਾਂ ਤੋਂ ਦੂਰ ਰਹਿਣ ਲਈ ਕਾਰਜ ਕਰਦੇ ਹਨ। ਉਨ੍ਹਾਂ ਕਿਹਾ 'ਵਿਕਸਿਤ ਭਾਰਤ 2047 ਦੇ ਅਭਿਲਾਸ਼ੀ ਮਿਸ਼ਨ ਨੂੰ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਲਈ ਉੱਚ-ਪੱਧਰੀ ਹੁਨਰਮੰਦ ਪ੍ਰਦਰਸ਼ਨਕਾਰੀਆਂ ਦੀ ਲੋੜ ਹੋਵੇਗੀ, ਜੋ ਸਿੱਖਿਆ ਨੂੰ ਉੱਚ-ਪੱਧਰੀ ਰੁਜ਼ਗਾਰ ਨਾਲ ਜੋੜਨ ਦੇ ਸੰਕਲਪ 'ਤੇ ਅਧਾਰਿਤ ਹੋਵੇ। ਅਸੀਂ ਇਸ ਦੀ ਸ਼ੁਰੂਆਤ ਪਹਿਲਾਂ ਹੀ ਆਪਣੇ ਛਤਰਪੁਰ ਕੇਂਦਰ ਤੋਂ ਕਰ ਦਿੱਤੀ ਹੈ, ਜਿਸ ਨੇ ਸਾਨੂੰ ਚੰਦਰ ਵਿਹਾਰ ਸੰਸਥਾ ਵਿਖੇ ਇਸ ਨੂੰ ਵੱਡੇ ਪੱਧਰ 'ਤੇ ਲਿਜਾਣ ਦਾ ਦ੍ਰਿਸ਼ਟੀਕੋਣ ਦਿੱਤਾ ਹੈ। ਇਹ ਸੰਸਥਾ ਵਿਹਾਰਕ ਸਿੱਖਿਆ ਦੇ ਖੇਤਰ ਵਿੱਚ ਇੱਕ ਨਵੀਂ ਮਿਸਾਲ ਕਾਇਮ ਕਰੇਗੀ। ਇਹ ਆਉਣ ਵਾਲੇ ਸਾਲਾਂ ਵਿੱਚ 'ਯੂਨੀਵਰਸ ਟੂ ਯੂਨੀਵਰਸਿਟੀ ਦੀ ਏਕਤਾ ਦੇ ਸੰਕਲਪ ਵੱਲ ਲੈ ਕੇ ਜਾਵੇਗਾ, ਜਿਸਦਾ ਉਦੇਸ਼ 2047 ਤੱਕ 10 ਲੱਖ ਲੋੜਵੰਦ ਅਤੇ ਨੌਜਵਾਨ ਵਿਦਿਆਰਥੀਆਂ ਨੂੰ ਸਿੱਖਿਅਤ ਕਰਨਾ ਹੈ, ਤਾਂ ਜੋ ਭਾਰਤ ਨੂੰ ਉੱਚ-ਹੁਨਰਮੰਦ ਉੱਤਮਤਾ ਦੇ ਕੇਂਦਰ ਵਜੋਂ ਮੁੜ ਸਥਾਪਿਤ ਕੀਤਾ ਜਾ ਸਕੇ। ਗੁਰੂ ਨਾਨਕ ਦੇਵ ਜੀ ਦੇ 'ਮਨੁੱਖਤਾ ਦੀ ਏਕਤਾ' ਦੇ ਸੰਕਲਪ ਰਾਹੀਂ ਵੱਖ-ਵੱਖ ਧਰਮਾਂ ਦੀ ਆਪਸੀ ਸੂਝ ਦਾ ਵਿਕਾਸ, ਵਿਸ਼ਵ ਵਿੱਚ ਸ਼ਾਂਤੀ, ਸਦਭਾਵਨਾ ਅਤੇ ਸਰਬੱਤ ਦੇ ਭਲੇ ਦੇ ਸਾਂਝੇ ਫਲਸਫੇ ਵਿੱਚ ਸਹਾਇਕ ਹੋਵੇਗਾ। ਸਾਹਿਬਜ਼ਾਦਾ ਜੋਰਾਵਰ ਸਿੰਘ ਇੰਸਟੀਚਿਊਟ ਦੇ ਚੇਅਰਮੈਨ ਸ੍ਰੀ ਕੇ ਡੀ ਸਿੰਘ ਨੇ ਸਿੱਖਿਆ ਸੁਧਾਰਾਂ ਅਤੇ ਨੌਜਵਾਨਾਂ ਦੇ ਰੌਸ਼ਨ ਦਿਮਾਗਾਂ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ, ਆਈ.ਟੀ. ਅਤੇ ਕੰਪਿਊਟਰ ਐਪਲੀਕੇਸ਼ਨ ਦੇ ਆਧੁਨਿਕ ਰੁਝਾਨਾਂ ਦੀ ਲੋੜ ਬਾਰੇ ਜਾਣੂ ਕਰਵਾਇਆ। ਸਾਹਿਬਜਾਦਾ ਜ਼ੋਰਾਵਰ ਸਿੰਘ ਇੰਸਟੀਚਿਊਟ ਦੀ ਡਾਇਰੈਕਟਰ, ਡਾ. ਦਵਿੰਦਰ ਕੌਰ ਨੇ ਇੱਕ ਦੂਰਅੰਦੇਸ਼ੀ ਪੇਸਕਾਰੀ ਦਿੱਤੀ ਕਿ ਕਿਸ ਤਰ੍ਹਾਂ ਉੱਚ ਹੁਨਰ ਪ੍ਰੋਫਾਈਲ ਤੇ ਅਧਾਰਿਤ ਸਿੱਖਿਆ ਦੇ ਸੁਧਾਰਾਂ ਦੇ ਨਵੇਂ ਰੁਝਾਨਾਂ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਉਹਨਾਂ ਨੇ ਇਹ ਵੀ ਦੱਸਿਆ ਕਿ ਕਿਵੇਂ ਹੁਨਰ ਸਿੱਖਿਆ ਵਿੱਚ ਉਦਯੋਗਿਕ ਅਤੇ ਕਾਰਪੋਰਟ ਸਹਿਯੋਗ ਨੂੰ ਸ਼ਾਮਲ ਕੀਤਾ ਗਿਆ ਹੈ ਤਾਂ ਜੋ ਅੰਤ ਵਿੱਚ ਵਨਨੈਂਸ ਯੂਨੀਵਰਸਿਟੀ ਆਫ ਵਨਨੈਂਸ ਦੇ ਉਦੇਸ਼ ਨੂੰ ਪ੍ਰਾਪਤ ਕੀਤਾ ਜਾ ਸਕੇ । ਪਦਮ ਭੂਸ਼ਣ ਤਰਲੋਚਨ ਸਿੰਘ, ਸਾਬਕਾ ਰਾਜ ਸਭਾ ਮੈਂਬਰ ਨੇ ਸਿੱਖਿਆ ਦੇ ਪਾਠਕ੍ਰਮ ਅਤੇ ਵਿਧੀ ਵਿੱਚ ਅੰਤਰ-ਧਰਮ ਸੰਵਾਦ ਨੂੰ ਸ਼ਾਮਲ ਕਰਨ ਬਾਰੇ ਆਪਣੇ ਵਿਚਾਰ ਰੱਖੇ। ਉਹਨਾਂ ਨੇ ਇੱਕ ਦੂਰਦਰਸ਼ੀ ਅਤੇ ਭਵਿੱਖਵਾਦੀ ਵਿਚਾਰਧਾਰਕ ਆਗੂ ਵਜੋਂ ਪ੍ਰੋ. ਚਰਨਜੀਤ ਸਿੰਘ ਸ਼ਾਹ ਦੁਆਰਾ ਕੀਤੀ ਗਈ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਪ੍ਰੋ. ਸ਼ਾਹ ਨੌਜਵਾਨਾਂ ਨੂੰ ਵੱਡਾ ਸੋਚਣ, ਵੱਡਾ ਕਰਨ ਅਤੇ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਤਿਆਰ ਕਰਕੇ ਭਵਿੱਖ ਦੇ ਮਹਾਨ ਦੂਰਦਰਸ਼ੀ ਬਣਾਉਣ ਲਈ ਅਸਾਧਾਰਨ ਕਦਮ ਚੁੱਕ ਰਹੇ ਹਨ। ਅਸਤੁਜ ਸਿੰਘ ਸ਼ਾਹ, ਐਡਵੋਕੇਟ ਹਰਚਰਨ ਕੌਰ ਸੇਠੀ, ਜਸਬੀਰ ਸਿੰਘ ਅਤੇ ਰਵਿੰਦਰ ਕੌਰ ਖਾਲਸਾ ਨੇ ਗੁਰੂ ਨਾਨਕ ਦੇਵ ਜੀ ਦੇ 'ਏਕਤਾ ਦੇ ਗਿਆਨ ਦੇ ਅਣਛੂਹੇ ਖਜ਼ਾਨਿਆਂ ਦੀ ਖੋਜ ਅਤੇ ਇਸ ਨੂੰ ਅਕਾਦਮਿਕ ਪਾਠਕ੍ਰਮ ਤੇ ਨੈਤਿਕ ਸਿੱਖਿਆ ਨਾਲ ਜੋੜਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਆਰਕੀਟੈਕਟ ਗੁਨਮੀਤ ਚੌਹਾਨ, ਡਾ. ਮੀਤੂ ਵੋਹਰਾ, ਕਮਲਜੀਤ ਸਿੰਘ, ਅਜੀਤ ਸਿੰਘ ਵਾਸੂ, ਪ੍ਰਤਾਪ ਸਿੰਘ ਡੀ.ਆਈ.ਜੀ., ਸਰਬਜੀਤ ਸਿੰਘ ਕੇ.ਟੀ.ਸੀ., ਰਣਜੀਤ ਸਿੰਘ ਵਾਲੀਆ ਅਤੇ ਇੰਦਰਜੀਤ ਸਿੰਘ ਬਸਰਾ ਨੇ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ ਅਤੇ ਗੁਰਦੁਆਰਾ ਸਾਕੇਤ ਦੇ ਇਸ ਕਦਮ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਇਸ ਨੂੰ ਕੰਮ ਨੂੰ ਸਿੱਖਿਆ ਅਤੇ ਉੱਚ-ਪੱਧਰੀ ਵਿੱਦਿਆ ਵੱਲ ਲੈ ਕੇ ਜਾਣ ਵਾਲਾ ਇੱਕ ਕ੍ਰਾਂਤੀਕਾਰੀ ਕਦਮ ਦੱਸਿਆ। ਖਾਲਸਾ ਕਾਲਜ (ਦੇਵ ਨਗਰ), ਦਿੱਲੀ ਯੂਨੀਵਰਸਿਟੀ, ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ, ਜਾਮੀਆ ਮਿਲੀਆ ਇਸਲਾਮੀਆ ਅਤੇ ਆਈ.ਆਈ.ਐਮ. ਅਹਿਮਦਾਬਾਦ ਤੋਂ ਆਏ ਪ੍ਰੋਫੈਸਰਾਂ ਅਤੇ ਡਾਕਟਰਾਂ ਦੇ ਸਮੂਹ ਨੇ ਕੋਰਸਾ, ਕਾਰਜ-ਪ੍ਰਣਾਲੀ ਅਤੇ ਪੜ੍ਹਾਉਣ ਦੇ ਸਾਰਥਕ ਤੇ ਵਿਹਾਰਕ ਤਰੀਕਿਆਂ ਵਿੱਚ ਸੁਧਾਰਾਂ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ। ਇਸ ਕਾਨਫਰੰਸ ਵਿੱਚ 100 ਤੋਂ ਵੱਧ ਮਾਹਰਾਂ ਨੇ ਸ਼ਿਰਕਤ ਕੀਤੀ, ਜਿਸ ਵਿੱਚ ਪ੍ਰਬੰਧਕਾਂ ਵੱਲੋਂ ਸਥਾਪਿਤ ਕੀਤੇ ਗਏ ਇਸ 'ਸੈਂਟਰ ਆਫ ਐਕਸੀਲੈਂਸ (ਉੱਤਮਤਾ ਦੇ ਕੇਂਦਰ) ਰਾਹੀਂ ਇੱਕ ਨਵੀਂ ਦਿਸ਼ਾ ਪ੍ਰਦਾਨ ਕੀਤੀ ਗਈ ਹੈ। 'ਸੀਜੀ ਸਮਾਰਟ ਹੈਬੀਟੇਟ ਡਿਜ਼ਾਈਨ ਗੁਰੂਕੁਲ ਨੂੰ ਡਿਜ਼ਾਈਨ ਗੁਰੂਕੁਲ ਦੇ ਵਿਸ਼ਵ ਪੱਧਰ ਤੱਕ ਲਿਜਾਇਆ ਜਾ ਰਿਹਾ ਹੈ, ਜਿਸ ਵਿੱਚ ਕਲਾ, ਦਸਤਕਾਰੀ, ਮਿੱਟੀ ਦੇ ਭਾਂਡੇ ਬਣਾਉਣਾ (ਪੋਟਰੀ), ਮਿੱਟੀ ਦੀ ਮੂਰਤੀਕਾਰੀ, ਬੁਣਾਈ, ਕਢਾਈ, ਬਲਾਕ ਪ੍ਰਿੰਟਿੰਗ, ਬੁੱਤਸਾਜ਼ੀ, ਕੂੜੇ ਤੋਂ ਕਲਾ, ਫੈਸ਼ਨ, ਉਤਪਾਦ ਡਿਜ਼ਾਈਨ, ਗ੍ਰਾਫਿਕਸ ਤੋਂ ਲੈ ਕੇ ਫਿਲਮਸਾਜ਼ੀ, ਸੰਗੀਤ ਅਤੇ ਨ੍ਰਿਤ ਵਰਗੇ ਵਿਸ਼ੇ ਸ਼ਾਮਲ ਹਨ। ਡਿਜ਼ਾਈਨ ਰਾਹੀਂ 'ਏਕਤਾ', ਜੋ ਕਿ ਸਿਮਰਨ, ਯੋਗ ਅਤੇ ਚਿੰਤਨ ਰਾਹੀਂ ਮਹਿਸੂਸ ਕੀਤੀ ਜਾਂਦੀ ਹੈ, ਅਤੇ 'ਮੈਂ ਕੌਣ ਹਾਂ' ਦੀ ਸਮਝ ਹੀ ਸਦੀਵੀ ਸ਼ਕਤੀ ਦਾ ਪਰਮ ਗਿਆਨ ਹੈ। 'ਯੂਨੀਵਰਸ ਟੂ ਯੂਨੀਵਰਸਿਟੀ ਦਾ ਮਿਸ਼ਨ ਬਹੁਤ ਸ਼ਲਾਘਾਯੋਗ ਹੈ ਅਤੇ ਅੱਜ ਦੇ ਵਿਕਾਰਾਂ, ਦਹਿਸ਼ਤ ਅਤੇ ਪਦਾਰਥਵਾਦੀ ਸੁਆਰਥ ਨਾਲ ਭਰੇ ਸੰਸਾਰ ਦੀ ਮੁੱਖ ਲੋੜ ਹੈ। ਇਹ ਸਮਾਗਮ 'ਨਾਨਕ: ਇੱਕ ਅਕਾਲੀ ਆਵਾਜ਼' ਨਾਲ ਇੱਕ ਸਾਂਝ ਹੈ ਅਤੇ ਮੇਰੇ ਗੁਰੂ ਨਾਨਕ ਨਾਲ ਜੁੜਨ ਦਾ ਇੱਕ ਉਪਰਾਲਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਮੈਡੀਕਲ ਪ੍ਰੈਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 6 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਮੈਡੀਕਲ ਪ੍ਰੈਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਬਲਾਕ ਤਲਵੰਡੀ ਸਾਬੋ ਵੱਲੋਂ ਸੰਗਤਾਂ ਨੂੰ ਵਿਸਾਖੀ ਖ਼ਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਆਏ ਸਾਲ ਦੀ ਤਰਾਂ ਵਿਸਾਖੀ ਤੇ ਫਰੀ ਮੈਡੀਕਲ ਕੈਂਪ ਲਗਾਇਆ ਜਾਣਾ ਹੈ। ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਨੇ ਵਿਸਾਖੀ ਮੌਕੇ ਆਉਣ ਵਾਲੀਆਂ ਸੰਗਤਾਂ ਲਈ ਮੈਡੀਕਲ ਸਹੂਲਤਾਂ ਮੁਹਈਆ ਕਰਵਾਉਣ ਲਈ ਮੈਡੀਕਲ ਕੈਂਪ ਦੀ ਰੂਪ ਰੇਖਾ ਤਿਆਰ ਕਰਕੇ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਵੱਖ-ਵੱਖ ਵਿਸ਼ਿਆਂ 'ਤੇ ਸਾਥੀਆਂ ਨੂੰ ਸਿਹਤ ਸਹੂਲਤਾਂ ਬਾਰੇ ਦੱਸਿਆ ਗਿਆ। ਇਸ ਤੋਂ ਉਪਰੰਤ ਸੀਨੀਅਰ ਜ਼ਿਲਾ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜਿਲਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਬਲਾਕ ਚੇਅਰਮੈਨ ਜੋਗਿੰਦਰ ਸਿੰਘ ਜਗਾ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ ਸੀਂਗੋ, ਕੈਸ਼ੀਅਰ ਬਿੱਕਰ ਸਿੰਘ ਧਿੰਗੜ ਤਲਵੰਡੀ ਸਾਬੋ, ਰਛਪਾਲ ਸਿੰਘ ਤਲਵੰਡੀ ਸਾਬੋ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ, ਮੀਤ ਪ੍ਰਧਾਨ ਅਮਨ ਧਾਲੀਵਾਲ, ਮੀਤ ਪ੍ਰਧਾਨ ਗੁਰਨਾਮ ਸਿੰਘ ਖੋਖਰ, ਗੁਰਵਿੰਦਰ ਸਿੰਘ ਬੰਗੀ ਦੀਪਾ, ਹਰਭਗਵਾਨ ਸ਼ੇਖਪੁਰਾ, ਗੱਗੜ ਸਿੰਘ ਗਹਿਲੇਵਾਲਾ, ਰੋਸ਼ਨ ਸਿੰਘ, ਚਾਨਣ ਰਾਮ ਜਗਾ, ਬਲਵੰਤ ਸਿੰਘ ਕਣਕਵਾਲਜ਼ ਗੁ.ਲਾਬ ਸਿੰਘ ਫੁੱਲੋਖਾਰੀ, ਸੁਖਮੰਦਰ ਸਿੰਘ, ਅਮ੍ਰਿਤਪਾਲ ਸਿੰਘ ਤਲਵੰਡੀ ਸਾਬੋ, ਤਰਸੇਮ ਸਿੰਘ, ਹਰਪ੍ਰੀਤ ਸਿੰਘ, ਵਿੱਕੀ ਸੇਠ, ਪਿਰਤਪਾਲ ਸਿੰਘ ਨੱਤ ਬੰਗੇਹਰ, ਕੁਲਵੰਤ ਸਿੰਘ, ਗੁਰਸੇਵਕ ਸਿੰਘ, ਜੱਜਪ੍ਰੀਤ ਸਿੰਘ, ਸੰਦੀਪ ਸਿੰਘ, ਕੇਵਲ ਸਿੰਘ ਸੁਖਲੱਧੀ, ਸੁਰੇਸ਼ ਕੁਮਾਰ, ਜਸਵੰਤ ਸਿੰਘ, ਨਸੀਬ ਸਿੰਘ, ਅਮਨਦੀਪ ਸਿੰਘ, ਜਗਰੂਪ ਸਿੰਘ ਗੋਲੇਵਾਲਾ, ਗੁਰਪ੍ਰੀਤ ਸਿੰਘ ਸੁਖਲੱਧੀ, ਕੁਲਦੀਪ ਸਿੰਘ, ਦਰਸ਼ਨ ਸਿੰਘ ਸੁਖਲੱਧੀ, ਹਰਦੀਪ ਸਿੰਘ ਲੇਲੇਵਾਲਾ, ਮਿੱਠੂ ਖ਼ਾਨ ਲੇਲੇਵਾਲਾ, ਗਗਨਦੀਪ ਸਿੰਘ ਮਾਂਨ ਜਸਵੰਤ ਸਿੰਘ ਤਰਸੇਮ ਸਿੰਘ ਅਨਮੋਲ ਰਤਨ ਦੀਪ ਸਿੰਘ, ਜਸਵੀਰ ਸਿੰਘ, ਪ੍ਰਗਟ ਸਿੰਘ, ਬੂਟਾ ਸਿੰਘ, ਵਿਜੈ ਪਾਲ ਸਿੰਘ ਚੌਧਰੀ, ਰਤਨਗੜ੍ਹ ਵਰਿੰਦਰ ਸਿੰਘ, ਸੁਖਦੇਵ ਸਿੰਘ, ਬਾਬੂ ਸਿੰਘ, ਜਸਕਰਨ ਸਿੰਘ, ਸੁਖਚੈਨ ਸਿੰਘ ਲੇਲੇਵਾਲਾ, ਗੁਰਤੇਜ ਸਿੰਘ, ਹਰਦੀਪ ਸਿੰਘ ਲੇਲੇਵਾਲਾ, ਜਗਸੀਰ ਸਿੰਘ, ਦਰਸ਼ਨ ਰਾਮ ਰਾਮਾਂ, ਅਮਰੀਕ ਸਿੰਘ ਨਵਾਂ ਪਿੰਡ, ਹਰਪ੍ਰੀਤ ਸਿੰਘ ਕੋਟਭਾਰਾ, ਲਖਵਿੰਦਰ ਸਿੰਘ ਕੌਰੇਆਣਾ, ਜਗਦੀਸ਼ ਭੱਟੀ ਸੀਂਗੋ, ਗੁਰਮੀਤ ਸਿੰਘ, ਨਵਪ੍ਰੀਤ ਸਿੰਘ ਸੀਂਗੋ, ਜਗਰੂਪ ਸਿੰਘ, ਗਗਨਪ੍ਰੀਤ ਮਾਨ, ਕੁਲਵੀਰ ਸਿੰਘ, ਪ੍ਰਗਟ ਸਿੰਘ, ਜਸਵੀਰ ਸਿੰਘ, ਵਿਜੈ ਕੁਮਾਰ ਬਾਘਾ, ਬਲੌਰ ਸਿੰਘ ਭਾਗੀਵਾਂਦਰ, ਨਰੇਸ਼ ਸਿੰਘ, ਸੁਰੇਸ਼ ਕੁਮਾਰ, ਸੁਭਾਸ਼ ਚੰਦਰ, ਕੇਵਲ ਸਿੰਘ ਹੋਰ ਵੱਡੀ ਗਿਣਤੀ ਵਿਚ ਸਾਥੀਆਂ ਨੇ ਭਾਗ ਲਿਆ।

# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਅਲਟਰਾ ਟੈਕ ਸੀਮੈਂਟ ਲਿਮਿਟੇਡ ਵਿਚਕਾਰ ਦੁਵੱਲਾ ਸਮੌਝਤਾ ਸਹੀਬੱਧ





ਤਲਵੰਡੀ ਸਾਬੋ, 6, ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅਕਾਦਮਿਕ ਤੇ ਉਦਯੋਗਾਂ ਵਿਚਕਾਰ ਸੰਬੰਧਾਂ ਨੂੰ ਮਜ਼ਬੂਤ ਕਰਨ ਲਈ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜੀ.ਕੇ.ਯੂ. ਵੱਲੋ ਅਲਟਰਾ ਟੈਕ ਸੀਮੈਂਟ ਲਿਮਿਟੇਡ ਨਾਲ ਦੁਵੱਲਾ ਸਮੌਝਤਾ ਸਹੀਬੱਧ ਕੀਤਾ ਗਿਆ। ਇਹ ਸਮੌਝਤਾ ਪ੍ਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ ਤੇ ਬਲਜਿੰਦਰ ਸਿੰਘ ਮਾਨ ਦੀ ਹਾਜ਼ਰੀ ਵਿੱਚ ਡੀਨ (ਡਾ.) ਰਾਜਿੰਦਰ ਤਿਵਾਰੀ (ਜੀ.ਕੇ.ਯੂ) ਅਤੇ ਵਿਪਿਨ ਚੌਧਰੀ ਵੱਲੋਂ ਹਸਤਾਖਰਿਤ ਕੀਤਾ ਗਿਆ। ਸਮੌਝਤੇ ਬਾਰੇ ਜਾਣਕਾਰੀ ਦਿੰਦਿਆਂ ਡਾ. ਵਰਮਾ ਨੇ ਦੱਸਿਆ ਕਿ ਸਮੌਝਤੇ ਵਿੱਚ ਅਕਾਦਮਿਕ ਅਦਾਰੇ ਅਤੇ ਉਦਯੋਗਾਂ ਵਿਚਕਾਰ ਸੰਬੰਧਾਂ ਨੂੰ ਮਜ਼ਬੂਤ ਕਰਨ, ਉਭਰਦੀ ਲੋੜ ਅਨੁਸਾਰ ਕੋਰਸ ਅਤੇ ਸਿਲੇਬਸ ਤਿਆਰ ਕਰਨ ਲਈ ਵਚਨਬੱਧਤਾ ਜਾਹਰ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਲੇਬਰ ਦੀ ਸਮੱਰਥਾ ਦੇ ਸਦਉਪਯੋਗ ਅਤੇ ਗਰੀਨ ਟੇਕਨਲੋਜੀ ਦੇ ਵਿਸਥਾਰ ਲਈ ਦੋਹੇ ਧਿਰਾਂ ਮਿਲ ਕੇ ਕੰਮ ਕਰਨਗੀਆਂ, ਗੁਰੂ ਕਾਸ਼ੀ ਯੂਨੀਵਰਸਿਟੀ ਅਲਟਰਾ ਟੈਕ ਸੀਮੈਂਟ ਨਾਲ ਮਿਲ ਕੇ ਤਕਨੀਕੀ ਸੈਮੀਨਾਰ, ਵਰਕਸ਼ਾਪ, ਕਾਨਫਰੈਂਸ ਅਤੇ ਟ੍ਰੇਨਿੰਗ ਪ੍ਰੋਗਰਾਮ ਆਯੋਜਿਤ ਕਰੇਗੀ। ਡੀਨ (ਡਾ.) ਤਿਵਾਰੀ ਨੇ ਦੱਸਿਆ ਕਿ ਵਰਸਿਟੀ ਦੇ ਅਧਿਆਪਕ ਅਤੇ ਵਿਦਿਆਰਥੀ ਪੇਸ਼ੇਵਰ ਸਿਖਲਾਈ ਲਈ ਅਲਟਰਾ ਟੈਕ ਕੰਪਨੀ ਵਿਖੇ ਉਦਯੋਗਿਕ ਦੌਰੇ ਕਰਨਗੇ। ਇਸ ਤੋਂ ਇਲਾਵਾ ਕੰਪਨੀ ਵੱਲੋਂ ਵਿਦਿਆਰਥੀਆਂ ਨੂੰ ਪਲੇਸਮੈਂਟ ਲਈ ਟ੍ਰੇਨਿੰਗ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਪੰਜ ਸਾਲਾਂ ਦੇ ਇਸ ਸਮੌਝਤੇ ਲਈ ਦੋਹੇ ਧਿਰਾਂ ਇੱਕ-ਦੂਜੇ ਨੂੰ ਸਹਿਯੋਗ ਦੇਣ ਲਈ ਵਚਨਬੱਧ ਰਹਿਣਗੀਆਂ।

### ਪਿੰਡ ਵਡਾਲੀ ਡੋਗਰਾਂ ਵਿਖੇ ਸਰਪੰਚ ਸੰਦੀਪ ਸਿੰਘ ਮੌਜੀ ਦੇ ਗ੍ਰਹਿ ਵਿਖੇ

# ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕੀਤੀ ਪਬਲਿਕ ਮੀਟਿੰਗ




**ਜੰਡਿਆਲਾ ਗੁਰੂ, 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਜੀ ਈਟੀਓ ਵੱਲੋਂ ਪੰਜਾਬ ਚ ਚਾਰ ਸਾਲ ਸਰਕਾਰ ਦੇ ਪੂਰੇ ਹੋਣ ਤੇ ਪਿੰਡ ਵਡਾਲੀ ਡੋਗਰਾਂ ਬਲਾਕ ਜੰਡਿਆਲਾ ਗੁਰੂ ਦੇ ਸਰਪੰਚ ਸੰਦੀਪ ਸਿੰਘ ਮੌਜੀ ਦੇ ਗ੍ਰਹਿ ਵਿਖੇ ਪੰਜਾਬ ਸਰਕਾਰ ਦੇ ਚਾਰ ਸਾਲ ਦੇ ਕੀਤੇ ਹੋਏ ਕੰਮਾਂ ਦੇ ਵੇਰਵੇ ਪਿੰਡ ਵਾਸੀਆਂ ਨੂੰ ਦੱਸਦੇ ਹੋਏ ਇਸ ਮੌਕੇ ਤੇ ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਰਜਿਸਟਰ ਪਿੰਡ ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਵੱਲੋਂ ਪੰਜਾਬ ਸਰਕਾਰ ਦੇ ਚਾਰ ਸਾਲ ਦੇ ਕੰਮ ਜੋ ਪਿੰਡ ਵਿੱਚ ਕੀਤੇ ਗਏ ਸੀ ਉਹਨਾਂ ਦਾ ਵੇਰਵਾ ਪਿੰਡ ਵਾਸੀਆਂ ਦੇ ਅੱਗੇ ਰੱਖਿਆ ਭਾਈ ਸਾਹਿਬ ਸਿੰਘ ਸੰਧੂ ਵੱਲੋਂ ਪੰਜਾਬ ਸਰਕਾਰ ਨੂੰ ਪਿੰਡ ਦੇ ਦਸ ਕੰਮ ਦੱਸੇ ਸਨ 2022 ਵਿੱਚ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੁਆਰਾ ਪਿੰਡ ਵਡਾਲੀ ਡੋਗਰਾਂ ਦੇ ਵਿੱਚ ਅੱਠ ਕੰਮ ਕੀਤੇ ਜਾ ਚੁੱਕੇ ਨੇ ਉਹਨਾਂ ਦੇ ਵੇਰਵੇ ਪਿੰਡ ਵਾਸੀਆਂ ਨੂੰ ਦਿੱਤੇ ਗਏ ਅਤੇ ਜਿਹੜੇ ਬਾਕੀ ਦੋ ਕੰਮ ਰਹਿ ਗਏ ਨੇ ਉਹ ਵੀ ਦੱਸੇ ਗਏ ਨੇ ਜਿੰਨਾਂ ਨੂੰ ਜਲਦੀ ਹੀ ਪੂਰਾ ਕਰਵਾਇਆ ਜਾਵੇਗਾ ਇਸ ਮੌਕੇ ਤੇ ਸੂਬੇਦਾਰ ਛਨਾਖ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਗਹਿਰੀ ਮੰਡੀ ਵਲੋਂ ਪਿੰਡ ਵਾਸੀਆਂ ਨਾਲ ਵੀਚਾਰਾਂ ਦੀ ਸਾਂਝ ਪਾਈ ਤੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਵਾਸੀਆਂ ਦੇ 30 ਜੂਨ 2022 ਨੂੰ 600 ਯੂਨਿਟ ਹਰ ਮਹੀਨੇ ਮਾਫ ਕਰ ਦਿੱਤੇ ਅਤੇ ਪੰਜਾਬ ਸਰਕਾਰ ਵਲੋਂ ਵੱਖ-ਵੱਖ ਚਲਾਈਆਂ ਹੋਈਆਂ ਸਕੀਮਾਂ ਵਿੱਚੋਂ ਹਰੇਕ ਵਰਗ ਲਈ 10 ਲੱਖ ਦੀ ਸਿਹਤ ਬੀਮਾ ਚਾਲੂ ਕਰ ਦਿੱਤ ਅਤੇ ਐਸੀ ਵਰਗ ਦੀਆਂ ਬੀਬੀਆਂ ਨੂੰ 1500 ਤੇ ਜਰਨਲ ਵਰਗ ਦੀਆਂ ਬੀਬੀਆਂ ਨੂੰ 1000 ਹਜ਼ਾਰ ਪ੍ਰਤੀ ਮਹੀਨਾ ਅਤੇ ਪੰਜਾਬ ਵਾਸੀਆਂ ਨੂੰ ਹਜਾਰਾਂ ਦੇ ਕਰੀਬ ਨੌਕਰੀ ਦਿੱਤੀਆਂ ਗਈਆਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਆਗਾਜ ਕੀਤਾ ਗਿਆ ਅਤੇ ਜਿਸ ਤੇ ਪੰਜਾਬ ਪੁਲਿਸ ਵੱਲੋਂ ਪੂਰੀ ਸਖਤੀ ਕੀਤੀ ਗਈ ਅਤੇ ਉਹਨਾਂ ਨੇ ਪੰਜਾਬ ਪੁਲਿਸ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਵਾਸੀਆਂ ਦੇ ਭਲੇ ਲਈ ਵਿਕਾਸ ਨੌਕਰੀਆਂ ਦੇਣ ਦੇ ਵਾਅਦਿਆਂ ਨੂੰ ਪੂਰਾ ਕਰਨ ਲਈ ਸਮੇਂ ਸਮੇਂ ਤੇ ਭਰਤੀਆਂ ਕੀਤੀਆਂ ਜਾ ਰਹੀਆ ਹਨ ਇਸ ਮੌਕੇ ਸਰਪੰਚ ਸੰਦੀਪ ਸਿੰਘ ਵੱਲੋਂ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ ਇਸ ਮੌਕੇ ਗੁਰਦੀਪ ਸਿੰਘ ਸੋਨੂੰ ਵਡਾਲਾ ਜੋਹਲ, ਨਰਿੰਦਰ ਸਿੰਘ, ਸੁਖਬੀਰ ਸਿੰਘ ਪ੍ਰਧਾਨ ਆਮ ਆਦਮੀ ਪਾਰਟੀ ਪਿੰਡ ਵਡਾਲੀ ਡੋਗਰਾ, ਜੋਬਨਬੀਰ ਸਿੰਘ ਵਡਾਲੀ, ਸਤਨਾਮ ਸਿੰਘ, ਪੰਚਾਇਤ ਮੈਂਬਰ ਜਸਬੀਰ ਸਿੰਘ, ਪੰਚਾਇਤ ਮੈਂਬਰ ਨਛੱਤਰ ਸਿੰਘ, ਬਲਦੇਵ ਸਿੰਘ , ਹਰਭਜਨ ਸਿੰਘ ਮੌਜੀ, ਹੀਰਾ ਸਿੰਘ, ਰਵਿੰਦਰ ਸਿੰਘ, ਗੁਰਜੀਤ ਸਿੰਘ, ਜੋਗਿੰਦਰ ਸਿੰਘ, ਭੁਪਿੰਦਰ ਸਿੰਘ, ਗੁਰਪ੍ਰੀਤ ਸਿੰਘ, ਆਦਿ ਹਾਜ਼ਰ ਸਨ।

**ਸੇਵਾ ਸੁਸਾਇਟੀ ਦੇ ਪ੍ਰਧਾਨ ਭਾਈ ਸਾਹਿਬ ਸਿੰਘ ਸੰਧੂ ਨੇ ਪਿੰਡ ਚ ਪੰਜਾਬ ਸਰਕਾਰ ਵੱਲੋਂ ਕੀਤੇ 4 ਸਾਲ ਦੇ ਵਿਕਾਸ ਦੇ ਕੰਮਾਂ ਦੀ ਸਾਂਝ ਪਾਈ**

# ਬੇਅਦਬੀ ਵਿਰੁੱਧ ਕਾਨੂੰਨ ਪੰਥਕ ਭਾਵਨਾਵਾਂ ਦੀ ਤਰਜਮਾਨੀ ਕਰਨ ਵਾਲਾ ਹੋਵੇ, ਸਰਕਾਰ ਸਿਆਸਤ ਤਿਆਗ ਕੇ ਗੰਭੀਰਤਾ ਦਿਖਾਵੇ: ਕਰਨੈਲ ਸਿੰਘ ਪੀਰ ਮੁਹੰਮਦ

ਅੰਮ੍ਰਿਤਸਰ: 6 ਅਪ੍ਰੈਲ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਲਈ ਬਣਾਏ ਜਾ ਰਹੇ ਕਾਨੂੰਨ ਦੇ ਹਵਾਲੇ ਨਾਲ ਪੰਜਾਬ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਇਸ ਮਾਮਲੇ ਵਿੱਚ ਖਾਲਸਾ ਪੰਥ ਦੀਆ ਭਾਵਨਾਵਾਂ ਅਨੁਸਾਰ ਹੀ ਦੋਸ਼ੀਆਂ ਵਿਰੁੱਧ ਸਖਤ ਕਾਨੂੰਨ ਬਣਾਉਣ ਜਾ ਰਹੀ ਹੈ ਅੱਜ ਇੱਥੇ ਜਾਰੀ ਇੱਕ ਵਿਸਥਾਰਪੂਰਵਕ ਬਿਆਨ ਵਿੱਚ ਉਨ੍ਹਾਂ ਸਵਾਲ ਉਠਾਇਆ ਕਿ ਕੀ ਪ੍ਰਸਤਾਵਿਤ ਕਾਨੂੰਨ ਸਹੀ ਮਾਅਨਿਆਂ ਵਿੱਚ ਸਿੱਖ ਪੰਥ ਦੀਆਂ ਅੰਦਰੂਨੀ ਭਾਵਨਾਵਾਂ ਅਤੇ ਮਰਯਾਦਾ ਦੀ ਤਰਜਮਾਨੀ ਕਰ ਸਕੇਗਾ ਜਾਂ ਇਹ ਮਹਿਜ਼ ਇੱਕ ਕਾਗਜ਼ੀ ਕਾਰਵਾਈ ਬਣ ਕੇ ਰਹਿ ਜਾਵੇਗਾ।



ਸ੍ਰ. ਪੀਰ ਮੁਹੰਮਦ ਨੇ ਜ਼ੋਰ ਦੇ ਕੇ ਕਿਹਾ ਕਿ ਬੇਅਦਬੀ ਵਰਗੇ ਅਤਿ ਸੰਵੇਦਨਸ਼ੀਲ ਮੁੱਦੇ 'ਤੇ ਸਿਆਸਤ ਦੀ ਕੋਈ ਥਾਂ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਕਾਨੂੰਨ ਦੇ ਨਾਂਅ 'ਤੇ ਸਿਰਫ਼ ਸਿਆਸੀ ਰੋਟੀਆਂ ਸੇਕੀਆਂ ਜਾ ਰਹੀਆਂ ਹਨ, ਜਦਕਿ ਜ਼ਮੀਨੀ ਪੱਧਰ 'ਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਵਿੱਚ ਸਰਕਾਰਾਂ ਨਾਕਾਮ ਰਹੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਕਾਨੂੰਨ ਨੂੰ ਅੰਤਿਮ ਰੂਪ ਦੇਣ ਵੇਲੇ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਪੂਰੀ ਗੰਭੀਰਤਾ ਨਾਲ ਲਾਗੂ ਕਰੇ।

ਉਨ੍ਹਾਂ ਅੱਗੇ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਨੱਥ ਪਾਉਣਾ ਚਾਹੁੰਦੀ ਹੈ, ਤਾਂ ਉਸ ਨੂੰ ਸ਼੍ਰੋਮਣੀ ਕਮੇਟੀ ਦੇ ਨਾਲ ਮਿਲ ਕੇ ਸਾਂਝੇ ਅਤੇ ਸਾਰਥਿਕ ਕਦਮ ਚੁੱਕਣੇ ਚਾਹੀਦੇ ਹਨ। ਸ੍ਰ. ਪੀਰ ਮੁਹੰਮਦ ਨੇ ਸਪੱਸ਼ਟ ਕੀਤਾ ਕਿ ਬੇਅਦਬੀ ਵਿਰੁੱਧ ਕਾਨੂੰਨ ਅਜਿਹਾ ਹੋਣਾ ਚਾਹੀਦਾ ਹੈ ਜੋ ਨਾ ਸਿਰਫ਼ ਅਪਰਾਧੀਆਂ ਵਿੱਚ ਡਰ ਪੈਦਾ ਕਰੇ, ਸਗੋਂ ਪੀੜਤ ਸਿੱਖ ਮਾਨਸਿਕਤਾ ਨੂੰ ਨਿਆਂ ਦਾ ਅਹਿਸਾਸ ਵੀ ਕਰਵਾਏ।

ਫੈਡਰੇਸ਼ਨ ਸਰਪ੍ਰਸਤ ਨੇ ਕਿਹਾ ਕਿ ਜੇਕਰ ਸਰਕਾਰ ਨੇ ਪੰਥਕ ਸੰਸਥਾਵਾਂ ਦੇ ਸੁਝਾਵਾਂ ਨੂੰ ਅੱਖੋਂ-ਓਹਲੇ ਕਰਕੇ ਆਪਣੀ ਮਰਜ਼ੀ ਦਾ ਕਾਨੂੰਨ ਥੋਪਣ ਦੀ ਕੋਸ਼ਿਸ਼ ਕੀਤੀ, ਤਾਂ ਇਸ ਨੂੰ ਪੰਥਕ ਭਾਵਨਾਵਾਂ ਨਾਲ ਖਿਲਵਾੜ ਮੰਨਿਆ ਜਾਵੇਗਾ। ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਆਪਸੀ ਮਤਭੇਦ ਭੁਲਾ ਕੇ ਗੁਰੂ ਸਾਹਿਬ ਦੇ ਸਤਿਕਾਰ ਅਤੇ ਕਾਨੂੰਨ ਦੀ ਮਜ਼ਬੂਤੀ ਲਈ ਇਕਜੁੱਟ ਹੋਣ ਤਾਂ ਜੋ ਭਵਿੱਖ ਵਿੱਚ ਕੋਈ ਵੀ ਅਜਿਹੀ ਹਿਮਾਕਤ ਕਰਨ ਦੀ ਹਿੰਮਤ ਨਾ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪਾਕਿਸਤਾਨ ਇੰਟੈਲੀਜੈਂਸ ਆਪਰੇਟਿਵਜ਼ ਦੁਆਰਾ ਚਲਾਏ ਜਾ ਰਹੇ ਆਈ.ਐਸ.ਆਈ-ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼; ਦੋ ਹੈਂਡ ਗ੍ਰਨੇਡ, ਇੱਕ ਗਲੌਕ ਪਿਸਤੌਲ ਸਮੇਤ ਤਿੰਨ ਗ੍ਰਿਫ਼ਤਾਰ

### ਗਰੁੱਪ ਦਾ ਮੁੱਖ ਕਾਰਕੁਨ ਅਤੇ ਪੀ.ਆਈ.ਓਜ਼ ਦਾ ਪ੍ਰਾਇਮਰੀ ਕੰਟੈਕਟ ਗੁਜਰਾਤ ਤੋਂ ਕਾਬੂ : ਏਆਈਜੀ ਐਸਐਸਓਸੀ ਸੁਖਮਿੰਦਰ ਮਾਨ

**ਚੰਡੀਗੜ੍ਹ ਜੰਡਿਆਲਾ ਗੁਰੂ , 6 ਅਪ੍ਰੈਲ: ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਵਿੰਗ ਨੇ ਤਿੰਨ ਮੁਲਜ਼ਮਾਂ ਨੂੰ ਦੋ ਆਰਗਸ ਹੈਂਡ ਗ੍ਰਨੇਡਾਂ ਅਤੇ ਇੱਕ ਵਿਦੇਸ਼ੀ ਗਲੌਕ ਪਿਸਤੌਲ ਸਮੇਤ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਇੰਟੈਲੀਜੈਂਸ ਆਪਰੇਟਿਵਜ਼ (ਪੀ.ਆਈ.ਓ.) ਦੁਆਰਾ ਚਲਾਏ ਜਾ ਰਹੇ ਆਈਐਸਆਈ ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕੀਤਾਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨ ਤਾਰਨ ਦੇ ਪਿੰਡ ਅੰਮੀਸ਼ਾਹ ਦੇ ਵਸਨੀਕ ਸਰਬਜੀਤ ਸਿੰਘ, ਅੰਮ੍ਰਿਤਸਰ ਦੇ ਪਿੰਡ ਨੰਗਲ ਪੰਨੂਆਂ ਦੇ ਵਸਨੀਕ ਬਿਕਰਮਜੀਤ ਸਿੰਘ ਅਤੇ ਅੰਮ੍ਰਿਤਸਰ ਦੀ ਇੰਦਰਾ ਕਲੋਨੀ ਦੇ ਵਸਨੀਕ ਅਮਨਦੀਪ ਸਿੰਘ ਵਜੋਂ ਹੋਈ ਹੈ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਗ੍ਰਨੇਡਾਂ 'ਤੇ ਪਾਕਿਸਤਾਨ ਔਰਡਨੈਂਸ ਫੈਕਟਰੀ (ਪੀ.ਓ.ਐਫ.) ਦੀ ਮਾਰਕਿੰਗ ਹੈ, ਜੋ ਸਰਹੱਦ ਪਾਰ ਦੇ ਸਬੰਧਾਂ ਨੂੰ ਦਰਸਾਉਂਦਾ ਹੈ ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮਾਡਿਊਲ ਕਈ ਰਾਜਾਂ ਵਿੱਚ ਯੋਜਨਾਬੱਧ ਢੰਗ ਨਾਲ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਕਾਰਵਾਈ ਵਿੱਚ ਸ਼ਾਮਲ ਰਿਹਾ ਹੈ ਅਤੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾਲ ਪੁਲਿਸ ਨੇ ਉਨ੍ਹਾਂ ਦੇ ਮਨਸੂਬਿਆਂ ਨੂੰ ਪੂਰੀ ਤਰ੍ਹਾਂ ਨਾਕਾਮ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਮਾਡਿਊਲ ਦੇ ਹੋਰ ਮੈਂਬਰਾਂ ਦੀ ਪਛਾਣ, ਟਰੈਕਿੰਗ ਅਤੇ ਉਨ੍ਹਾਂ ਨੂੰ ਫੜਨ ਲਈ ਯਤਨ ਜਾਰੀ ਹਨ ਏਆਈਜੀ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਵਿੱਚ ਐਸਐਸਓਸੀ ਦੀਆਂ ਪੁਲਿਸ ਟੀਮਾਂ ਨੇ ਸਰਬਜੀਤ ਸਿੰਘ ਅਤੇ ਅਮਨਦੀਪ ਸਿੰਘ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਹੈਂਡ ਗ੍ਰਨੇਡਜ਼ ਅਤੇ ਪਿਸਤੌਲ ਬਰਾਮਦ ਕਰ ਲਿਆ ਏਆਈਜੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਕਿ ਇਸ ਗਰੁੱਪ ਦਾ ਮੁੱਖ ਕਾਰਕੁਨ ਅਤੇ ਪੀ.ਆਈ.ਓਜ਼ ਦਾ ਪ੍ਰਾਇਮਰੀ ਕੰਟੈਕਟ ਬਿਕਰਮਜੀਤ ਸਿੰਘ ਗੁਜਰਾਤ ਦੇ ਡੀਸਾ ਤੋਂ ਕੰਮ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਇਹ ਜਾਣਕਾਰੀ ਤੁਰੰਤ ਏਟੀਐਸ ਗੁਜਰਾਤ ਨਾਲ ਸਾਂਝੀ ਕੀਤੀ ਗਈ ਸੀ ਅਤੇ ਉਨ੍ਹਾਂ ਦੇ ਸਰਗਰਮ ਸਹਿਯੋਗ ਨਾਲ ਮੁਲਜ਼ਮ ਬਿਕਰਮਜੀਤ ਸਿੰਘ ਨੂੰ ਐਸਐਸਓਸੀ ਅੰਮ੍ਰਿਤਸਰ ਦੀ ਟੀਮ ਨੇ ਗ੍ਰਿਫ਼ਤਾਰ ਕਰ ਲਿਆ ਏਆਈਜੀ ਸੁਖਮਿੰਦਰ ਮਾਨ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਖੁਲਾਸਾ ਹੋਇਆ ਹੈ ਕਿ ਸਾਰੇ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪੀ.ਆਈ.ਓਜ਼ ਦੇ ਸੰਪਰਕ ਵਿੱਚ ਸਨ। ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਆਈਐਸਆਈ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਇਹ ਗਰੁੱਪ ਪੰਜਾਬ ਅਤੇ ਹੋਰ ਰਾਜਾਂ ਵਿੱਚ ਵੱਖ-ਵੱਖ ਪੁਲਿਸ ਅਦਾਰਿਆਂ 'ਤੇ ਗ੍ਰਨੇਡ ਹਮਲੇ ਕਰਨ ਦੀ ਯੋਜਨਾ ਵੀ ਬਣਾ ਰਿਹਾ ਸੀ ।ਇਸ ਸਬੰਧ ਵਿੱਚ ਪੁਲਿਸ ਥਾਣਾ ਐਸਐਸਓਸੀ ਅੰਮ੍ਰਿਤਸਰ ਵਿਖੇ ਵਿਸਫੋਟਕ ਪਦਾਰਥ (ਸੋਧ) ਐਕਟ ਦੀ ਧਾਰਾ 4, ਅਸਲਾ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61(2) ਤਹਿਤ ਐਫਆਈਆਰ ਨੰਬਰ 21 ਮਿਤੀ 03-04-2026 ਦਰਜ ਕੀਤੀ ਗਈ ਹੈ।




★ ਵਰ੍ਹੇਗੰਢ ਮੁਬਾਰਕ ★



ਗੁਰਮਤਿ ਗ੍ਰੰਥੀ ਸਭਾ ਦੇ ਪ੍ਰਧਾਨ ਸੁਖਦੇਵ ਸਿੰਘ ਨਸਰਾਲੀ ਅਤੇ ਉਨ੍ਹਾਂ ਦੀ ਧਰਮ ਪਤਨੀ ਜਗਤਾਰ ਕੌਰ ਤਹਿਸੀਲ ਜਗਰਾਉਂ ਜ਼ਿਲ੍ਹਾ (ਲੁਧਿਆਣਾ) ਨੂੰ ਵਿਆਹ ਦੀ 45ਵੀਂ ਵਰੇਗੰਢ ਦੀਆਂ ਢੇਰ ਸਾਰੀਆਂ ਮੁਬਾਰਕਾਂ।

ਚੱਕੂ ਲਦਾਨਾ ਪਿੰਡ ਦੇ ਸਰਦਾਰ ਭੁਪਿੰਦਰ ਸਿੰਘ ਗੁਰਾਇਆ ਸਾਬਕਾ ਪ੍ਰਧਾਨ ਕੈਂਥਲ ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਜਲ ਪਾਣੀ ਦੇ ਸੱਦੇ 'ਤੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉਨਾਂ ਦੇ ਗ੍ਰਹਿ ਪਿੰਡ ਚੱਕੂ ਲਦਾਣਾ ਜਿਲਾ ਕੈਥਲ ਵਿਖੇ ਪੁੱਜੇ










ਚੱਕੂ ਲਦਾਣਾ ਪਿੰਡ ਦੇ ਸਰਦਾਰ ਭੁਪਿੰਦਰ ਸਿੰਘ ਗੁਰਾਇਆ ਸਾਬਕਾ ਪ੍ਰਧਾਨ ਕੈਂਥਲ ਸ੍ਰੋਮਣੀ ਅਕਾਲੀ ਦਲ ਬਾਦਲ ਵਲੋਂ ਜਲ ਪਾਣੀ ਦੇ ਸੱਦੇ ਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉਨਾਂ ਦੇ ਗ੍ਰਹਿ ਪਿੰਡ ਚੱਕੂ ਲਦਾਣਾ ਜਿਲਾ ਕੈਥਲ ਵਿਖੇ 5 ਅਪ੍ਰੈਲ 2026 ਨੂੰ ਪੁੱਜੇ ਜਥੇਦਾਰ ਦਾਦੂਵਾਲ ਜੀ ਦੇ ਨਾਲ ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਜਥੇਦਾਰ ਸਵਰਨ ਸਿੰਘ ਬੂੰਗਾ ਟਿੱਬੀ ਪੰਚਕੂਲਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਸਰਦਾਰ ਗੁਰਲਾਲ ਸਿੰਘ ਵਿਰਕ ਰੱਤਕ ਝੀਂਡਾ,ਜਥੇਦਾਰ ਸੂਰਤ ਸਿੰਘ ਸ਼ਾਹੀ ਰੱਤਕ,ਸਰਦਾਰ ਨਿਰਵੈਰ ਸਿੰਘ ਵਿਰਕ ਰੱਤਕ,ਸਰਦਾਰ ਸਤਿੰਦਰ ਸਿੰਘ ਮੰਟਾ ਰਸੀਦਾਂ ਸਾਬਕਾ ਮੈਂਬਰ,ਸਰਦਾਰ ਕਾਬਲ ਸਿੰਘ ਵਿਰਕ ਹਿੰਮਤਪੁਰਾ,ਸੰਦੀਪ ਸਿੰਘ ਨੈਨ ਵੀ ਹਾਜ਼ਰ ਸਨ ਪ੍ਰੀਵਾਰ ਵੱਲੋਂ ਸਿਰਪਾਓ ਭੇਂਟ ਕਰਕੇ ਜਥੇਦਾਰ ਦਾਦੂਵਾਲ ਜੀ ਅਤੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243